ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 20 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੬ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਪੁਲਿਸ ਚੌਕੀ 'ਤੇ ਮੁੜ ਤੋਂ ਹੋਇਆ ਹਮਲਾ, ਸੁੱਟਿਆ ਗਿਆ ਗ੍ਰਨੇਡ

# ਖਾਲਿਸਤਾਨ ਜ਼ਿੰਦਾਬਾਦ ਫੋਰਸ ਨੇ ਲਈ ਜ਼ਿੰਮੇਵਾਰੀ

**ਗੁਰਦਾਸਪੁਰ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਗੁਰਦਾਸਪੁਰ 'ਚ ਇੱਕ ਪੁਲਿਸ ਚੌਕੀ 'ਤੇ ਗ੍ਰਨੇਡ ਹਮਲਾ ਕੀਤਾ ਗਿਆ। ਇਹ ਧਮਾਕਾ ਕਲਾਨੌਰ ਕਸਬੇ ਦੀ ਬਖਸ਼ੀਵਾਲ ਚੌਕੀ 'ਤੇ ਹੋਇਆ। ਖਾਲਿਸਤਾਨ ਜ਼ਿੰਦਾਬਾਦ ਫੋਰਸ ਨੇ ਸੋਸ਼ਲ ਮੀਡੀਆ 'ਤੇ ਪੋਸਟ ਕਰਕੇ ਇਸ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਸੀਨੀਅਰ ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਦੱਸਿਆ ਜਾ ਰਿਹਾ ਹੈ ਕਿ ਗ੍ਰਨੇਡ ਇੱਕ ਆਟੋ ਤੋਂ ਸੁੱਟਿਆ ਗਿਆ। ਇਸ ਦੀ ਜ਼ਿੰਮੇਵਾਰੀ ਖਾਲਿਸਤਾਨ ਜ਼ਿੰਦਾਬਾਦ ਫੋਰਸ ਨੇ ਲਈ ਹੈ। ਇਸ ਬਾਬਤ ਸੋਸ਼ਲ ਮੀਡੀਆ ਉੱਤੇ ਪੋਸਟ ਸਾਂਝੀ ਕੀਤੀ ਗਈ ਹੈ। ਹਾਲਾਂਕਿ 'ਆਵਾਜ਼ਿ ਕੌਮ' ਇਸਦੀ ਪੁਸ਼ਟੀ ਨਹੀਂ ਕਰਦਾ। ਪੋਸਟ ਵਿੱਚ ਲਿਖਿਆ ਗਿਆ ਅੱਜ ਮਿਤੀ 18 ਦਸੰਬਰ 2024 ਦੀ ਰਾਤ ਨੂੰ ਠਾਣਾ ਕਲਾਨੌਰ ਦੀ ਚੌਕੀ ਬਖਸ਼ੀਵਾਲ ਉੱਤੇ ਹੋਏ ਹੈਂਡ ਗ੍ਰੈਨੇਡ ਹਮਲੇ ਦੀ ਜ਼ਿੰਮੇਵਾਰੀ ਖਾਲਿਸਤਾਨ ਜ਼ਿੰਦਾਬਾਦ ਫੋਰਸ ਵੱਲੋਂ ਲਈ ਜਾਂਦੀ ਹੈ । ਜਥੇਦਾਰ ਭਾਈ ਰਣਜੀਤ ਸਿੰਘ ਜੰਮੂ ਦੀ ਅਗਵਾਈ ਵਿੱਚ ਇਸ ਕਾਰਵਾਈ ਨੂੰ ਅੰਜਾਮ ਦਿੱਤਾ ਗਿਆ। ਭਾਈ ਜਸਵਿੰਦਰ ਸਿੰਘ ਬਾਗੀ ਉਰਫ ਮੰਨੂ ਅਗਵਾਨ ਦੀ ਦੇਖ ਰੇਖ ਹੇਠ ਇਸ ਸਫਲ ਐਕਸ਼ਨ ਅੰਜਾਮ ਦਿੱਤਾ ਗਿਆ। ਪੰਜਾਬ ਦੀ ਨੌਜਵਾਨੀ ਦਾ ਸ਼ਿਕਾਰ ਖੇਡਣ ਵਾਲੇ ਪੁਲਿਸ ਅਫ਼ਸਰ ਤੇ ਯੂਪੀ ਬਿਹਾਰ ਤੋਂ ਭਰਤੀ ਕੀਤੇ ਭਈਏ ਜੋ ਸਿੱਖਾਂ ਅਤੇ ਸਿੱਖ ਜੁਝਾਰੂਆਂ ਬਾਰੇ ਊਲ ਜਲੂਲ ਬੋਲ ਰਹੇ ਹਨ ਉਸ ਦਾ ਜਵਾਬ ਮਿਲਦਾ ਰਹੇਗਾ। ਗੁਜਰਾਤੀ ਮੰਨੂਵਾਦੀਆਂ ਦੇ ਟੱਟੂ ਬਣ ਕੇ ਜੋ ਪੰਜਾਬ ਨੂੰ ਬਰਬਾਦ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਉਸ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਪੰਜਾਬ ਵਿੱਚ 26 ਦਿਨਾਂ ਵਿੱਚ ਇਹ 6ਵਾਂ ਹਮਲਾ ਹੈ। ਜਿਸ 'ਚ ਖਾਲਿਸਤਾਨੀ ਸਮਰਥਕ ਸੰਗਠਨ 5 ਧਮਾਕੇ ਕਰਨ 'ਚ ਸਫਲ ਰਹੇ, ਜਦਕਿ ਪੁਲਿਸ ਨੂੰ 1 ਬੰਬ ਬਰਾਮਦ ਕਰਨ 'ਚ ਸਫਲਤਾ ਮਿਲੀ, ਜੋ ਥਾਣਾ ਅਜਨਾਲਾ ਤੋਂ ਬਰਾਮਦ ਕੀਤਾ ਗਿਆ।



Exclusive News

## ਜਾਰਜੀਆ ਦੇ ਹੋਟਲ 'ਚ ਵਾਪਰੀ ਘਟਨਾ 'ਚ ਪਟਿਆਲਾ ਦੀ ਨਨਾਣ-ਭਰਜਾਈ ਦੀ ਮੌਤ

**ਪਟਿਆਲਾ , 19 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਹਾਲ ਹੀ ਵਿੱਚ ਜਾਰਜੀਆ ਦੇ ਇਕ ਹੋਟਲ ਵਿੱਚ ਵਾਪਰੀ ਘਟਨਾ ਵਿੱਚ ਮਰਨ ਵਾਲੇ 12 ਵਿਅਕਤੀਆਂ ਵਿੱਚੋਂ 3 ਪਟਿਆਲਾ ਜ਼ਿਲ੍ਹੇ ਦੇ ਹਨ। ਇਨ੍ਹਾਂ ਵਿੱਚ 32 ਸਾਲਾ ਅਮਰਿੰਦਰ ਕੌਰ ਪੁੱਤਰੀ ਸਾਹਿਬ ਸਿੰਘ ਅਤੇ 28 ਸਾਲਾ ਮਨਿੰਦਰ ਕੌਰ ਪਤਨੀ ਜਤਿੰਦਰ ਸਿੰਘ ਵਾਸੀਆਨ ਵਾਸੀ ਪਿੰਡ ਮਹਿਮਾ ਥਾਣਾ ਖੇੜੀ ਗੰਡਿਆ ਜ਼ਿਲ੍ਹਾ ਪਟਿਆਲਾ ਸ਼ਾਮਲ ਹਨ। ਇਹ ਦੋਵੇਂ ਰਿਸ਼ਤੇ ਵਿਚ ਨਨਾਣ-ਭਰਜਾਈ ਲੱਗਦੀਆਂ ਸਨ। ਮਨਿੰਦਰ ਕੌਰ ਦਾ ਪੇਕਾ ਪਿੰਡ ਮਾਨਸਾ ਜ਼ਿਲ੍ਹੇ ਵਿੱਚ ਹੈ। ਮਨਿੰਦਰ ਕੌਰ ਦਾ ਵਿਆਹ 2 ਸਾਲ ਪਹਿਲਾਂ ਜਤਿੰਦਰ ਸਿੰਘ ਨਾਲ ਹੋਇਆ ਸੀ ਪਰ ਅਜੇ ਤੱਕ ਉਨ੍ਹਾਂ ਦਾ ਕੋਈ ਬੱਚਾ ਨਹੀਂ ਹੈ। ਉਨ੍ਹਾਂ ਨੇ ਅਗਲੇ ਸਾਲ ਅਪ੍ਰੈਲ ਵਿਚ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਉਣ ਲਈ ਭਾਰਤ ਆਉਣਾ ਸੀ। 12ਵੀਂ ਪਾਸ ਕਰਨ ਤੋਂ ਬਾਅਦ ਉਹ 9 ਸਾਲ ਪਹਿਲਾਂ 2015 ਵਿੱਚ ਅਮਰਿੰਦਰ ਕੌਰ ਜਾਰਜੀਆ ਚਲੀ ਗਈ ਸੀ। ਜਦੋਂ ਪਤਾ ਲੱਗਾ ਕਿ ਉਸ ਨੂੰ ਜਾਰਜੀਆ ਦੇ ਇਕ ਹੋਟਲ ਵਿਚ ਚੰਗੀ ਨੌਕਰੀ ਮਿਲ ਰਹੀ ਹੈ ਤਾਂ ਉਸ ਦੇ ਪਰਿਵਾਰ ਨੇ ਕੁਝ ਜ਼ਮੀਨ ਵੇਚ ਕੇ ਉਸ ਨੂੰ ਵਿਦੇਸ਼ ਭੇਜ ਦਿੱਤਾ। ਬਾਅਦ ਵਿੱਚ ਉਸ ਨੇ ਆਪਣੇ ਭਰਾ ਜਤਿੰਦਰ ਅਤੇ ਭਰਜਾਈ ਮਨਿੰਦਰ ਕੌਰ ਨੂੰ ਉੱਥੇ ਬੁਲਾਇਆ ਪਰ ਜਤਿੰਦਰ ਸਿੰਘ 2018 ਵਿੱਚ ਦੱਖਣੀ ਕੋਰੀਆ ਚਲਾ ਗਿਆ ਪਰ ਅਮਰਿੰਦਰ ਕੌਰ ਅਤੇ ਉਸ ਦੀ ਭਰਜਾਈ ਮਨਿੰਦਰ ਕੌਰ ਜਾਰਜੀਆ ਵਿੱਚ ਹੀ ਰਹੇ। ਇਸੇ ਤਰ੍ਹਾਂ ਵਰਿੰਦਰ ਸਿੰਘ ਵਾਸੀ ਸਮਾਣਾ ਜ਼ਿਲ੍ਹਾ ਪਟਿਆਲਾ ਵੀ ਉਕਤ ਹੋਟਲ ਵਿੱਚ ਡੇਢ ਸਾਲ ਤੋਂ ਕੰਮ ਕਰ ਰਿਹਾ ਸੀ।



## ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਹੋਈ ਖਰਾਬ, ਸਤਿਨਾਮ ਵਾਹਿਗੁਰੂ ਦਾ ਜਾਪ ਸ਼ੁਰੂ, ਘਬਰਾਈ ਮੈਡੀਕਲ ਟੀਮ

**ਚੰਡੀਗੜ੍ਹ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਖਨੌਰੀ ਸਰਹੱਦ ਉੱਤੇ ਕਿਸਾਨੀ ਮੰਗਾਂ ਲਈ ਮਰਨ ਵਰਤ ਉੱਤੇ ਬੈਠੇ ਕਿਸਾਨ ਲੀਡਰ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਖ਼ਰਾਬ ਹੋ ਗਈ ਹੈ। ਇਸ ਤੋਂ ਬਾਅਦ ਉੱਥੇ ਸਤਿਨਾਮ ਵਾਹਿਗੁਰੂ ਦਾ ਜਾਪ ਸ਼ੁਰੂ ਹੋ ਗਿਆ ਹੈ। ਇਸ ਦੌਰਾਨ ਮੈਡੀਕਲ ਟੀਮ ਵਿੱਚ ਘਬਰਾਹਟ ਵੇਖਣ ਨੂੰ ਮਿਲ ਰਹੀ ਹੈ। ਇਸ ਮੌਕੇ ਖਨੌਰੀ ਮੋਰਚੇ ਉੱਪਰ ਡਟੇ ਕਿਸਾਨ ਆਗੂ ਵੱਲੋਂ ਹੰਗਾਮੀ ਮੀਟਿੰਗ ਕੀਤੀ ਗਈ ਹੈ। ਦੱਸ ਦਈਏ ਕਿ ਫਾਈਵ ਰੀਵਰ ਹਾਰਟ ਐਸੋਸੀਏਸ਼ਨ ਦੇ ਡਾਕਟਰਾਂ ਦੀ ਟੀਮ ਵਲੋਂ ਲਗਾਤਾਰ ਚੈੱਕਅਪ ਕੀਤਾ ਜਾ ਰਿਹਾ ਹੈ। ਦਰਅਸਲ, ਕਿਸਾਨਾਂ ਨੂੰ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਕਾਨੂੰਨ ਲਈ 24 ਦਿਨਾਂ ਤੋਂ ਭੁੱਖ ਹੜਤਾਲ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਹਾਲਤ ਵਿਗੜ ਗਈ ਹੈ। ਡੱਲੇਵਾਲ ਵੀਰਵਾਰ ਸਵੇਰੇ ਅਚਾਨਕ ਬੇਹੋਸ਼ ਹੋ ਗਏ। ਉਨ੍ਹਾਂ ਨੂੰ ਉਲਟੀ ਵੀ ਆ ਗਈ। ਪੁਲਿਸ ਦੇ ਸੀਨੀਅਰ ਅਧਿਕਾਰੀ ਖਨੌਰੀ ਬਾਰਡਰ 'ਤੇ ਪਹੁੰਚ ਗਏ ਹਨ। ਡੱਲੇਵਾਲ ਦਾ ਬਲੱਡ ਪ੍ਰੈਸ਼ਰ ਕਾਫੀ ਘੱਟ ਗਿਆ ਹੈ। ਹਾਲਾਂਕਿ ਹੁਣ ਉਹ ਸਥਿਰ ਹੈ। ਲਗਾਤਰ ਭੁੱਖ ਹੜਤਾਲ ਕਰ ਰਹੇ ਜਗਜੀਤ ਸਿੰਘ ਡੱਲੇਵਾਲ ਦੀ ਵੀਡੀਓ ਕਾਨਫਰੰਸ ਰਾਹੀਂ ਸੁਪਰੀਮ ਕੋਰਟ ਵਿੱਚ ਪੇਸ਼ੀ ਹੋਈ। ਇਸ ਮੌਕੇ ਸੁਪਰੀਮ ਕੋਰਟ ਨੇ ਸਰਕਾਰ ਨੂੰ ਸਲਾਹ ਦਿੱਤੀ ਹੈ ਕਿ ਡੱਲੇਵਾਲ ਨੂੰ 1 ਹਫਤੇ ਲਈ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਜਾਵੇ, ਇਸ ਦੌਰਾਨ ਉਹ ਕਿਸੇ ਹੋਰ ਵਿਅਕਤੀ ਨੂੰ ਆਪਣੀ ਥਾਂ ਉੱਤੇ ਮਰਨ ਵਰਤ ਉੱਤੇ ਬਿਠਾ ਸਕਦੇ ਹਨ।



## ਕੌਮੀ ਖੇਤੀ ਮੰਡੀ ਨੀਤੀ ਦੇ ਵਿਰੋਧ 'ਚ ਆਇਆ ਸੰਯੁਕਤ ਕਿਸਾਨ ਮੋਰਚਾ, ਕਿਹਾ-ਰੱਦ ਕੀਤੇ 'ਕਾਲੇ ਕਾਨੂੰਨਾਂ' ਨੂੰ ਪਿਛਲੇ ਦਰਵਾਜੇ ਰਾਹੀਂ ਲਿਆ ਰਹੀ ਕੇਂਦਰ, ਨਹੀਂ ਕਰਾਂਗੇ ਬਰਦਾਸ਼ਤ

**ਚੰਡੀਗੜ੍ਹ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਨੇ ਕੇਂਦਰ ਸਰਕਾਰ ਵੱਲੋਂ ਜਾਰੀ ਨਵੀਂ ਖੇਤੀ ਮੰਡੀਕਰਨ ਨੀਤੀ ਦੇ ਖਰੜੇ ਸਬੰਧੀ ਅੱਜ (19 ਦਸੰਬਰ) ਨੂੰ ਪੰਜਾਬ ਭਵਨ ਵਿਖੇ ਕਿਸਾਨਾਂ ਤੇ ਹੋਰ ਖੇਤੀ ਮਾਹਿਰਾਂ ਨਾਲ ਮੀਟਿੰਗ ਕੀਤੀ। ਮੀਟਿੰਗ 'ਚ ਕਈ ਮੁੱਦਿਆਂ 'ਤੇ ਚਰਚਾ ਕੀਤੀ ਗਈ। ਇਸ ਦੌਰਾਨ ਕਿਸਾਨਾਂ ਨੇ ਸਪੱਸ਼ਟ ਕੀਤਾ ਕਿ ਕੇਂਦਰ ਸਰਕਾਰ ਖੇਤੀ ਨੀਤੀ ਦੇ ਨਾਂਅ 'ਤੇ ਰੱਦ ਕੀਤੇ ਕਾਨੂੰਨਾਂ ਨੂੰ ਮੁੜ ਲਾਗੂ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਜੇ ਇਸ ਨੀਤੀ ਨੂੰ ਲਾਗੂ ਕੀਤਾ ਗਿਆ ਤਾਂ ਇਸ ਦਾ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਸਰਕਾਰ ਨੂੰ ਇਸ ਮੌਕੇ ਸਰਬ ਪਾਰਟੀ ਮੀਟਿੰਗ ਬੁਲਾਉਣ ਲਈ ਕਿਹਾ। ਇਸ ਦੇ ਨਾਲ ਹੀ ਕਿਹਾ ਕਿ ਵਿਧਾਨ ਸਭਾ ਸੈਸ਼ਨ ਬੁਲਾ ਕੇ ਇਨ੍ਹਾਂ ਨੂੰ ਰੱਦ ਕੀਤਾ ਜਾਵੇ। ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ ਨੇ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਦੱਸਿਆ ਕਿ 2021 ਵਿੱਚ ਵਾਪਿਸ ਲਏ ਗਏ ਖੇਤੀ ਕਾਨੂੰਨ ਕੇਂਦਰ ਸਰਕਾਰ ਵੱਲੋਂ ਭੇਜੇ ਗਏ ਖਰੜੇ ਵਿੱਚ ਬਿਲਕੁਲ ਸਹੀ ਬਣਾਏ ਗਏ ਹਨ। ਕੇਂਦਰ ਸਰਕਾਰ ਨੇ ਇਹ ਖਰੜਾ 25 ਨਵੰਬਰ ਨੂੰ ਪੰਜਾਬ ਸਰਕਾਰ ਨੂੰ ਭੇਜਿਆ ਸੀ ਤੇ ਇਸ ਦਾ ਜਵਾਬ 10 ਦਸੰਬਰ ਨੂੰ ਦਿੱਤਾ ਜਾਣਾ ਸੀ। ਪੰਜਾਬ ਸਰਕਾਰ ਨੇ ਇਸ ਦਾ ਜਵਾਬ ਦੇਣ ਲਈ ਤਿੰਨ ਹਫ਼ਤਿਆਂ ਦਾ ਸਮਾਂ ਮੰਗਿਆ ਸੀ। ਇਸ ਰਾਹੀਂ ਭੋਜਨ ਸੁਰੱਖਿਆ ਕਾਰਪੋਰੇਟਾਂ ਦੇ ਹੱਥਾਂ ਵਿੱਚ ਦਿੱਤੀ ਜਾ ਰਹੀ ਹੈ। ਇਸ ਕਾਰਨ ਕਿਸਾਨਾਂ ਦੇ ਨਾਲ-ਨਾਲ ਮਜ਼ਦੂਰ, ਕਮਿਸ਼ਨ ਏਜੰਟ, ਟਰਾਂਸਪੋਰਟਰ ਅਤੇ ਮੰਡੀ ਵੀ ਪ੍ਰਭਾਵਿਤ ਹੋਵੇਗੀ। ਕਿਸਾਨ ਜਥੇਬੰਦੀਆਂ ਨੇ ਇਸ ਨੂੰ ਰੱਦ ਕਰ ਦਿੱਤਾ ਹੈ। ਇਸ ਮੌਕੇ ਕਿਸਾਨਾਂ ਨੇ ਸਰਕਾਰ ਨੂੰ ਸਪੱਸ਼ਟ ਕਿਹਾ ਗਿਆ ਹੈ ਕਿ ਜੇਕਰ ਇਸ ਨੂੰ ਲਾਗੂ ਕੀਤਾ ਗਿਆ ਤਾਂ ਇਸ ਦਾ ਵਿਰੋਧ ਕੀਤਾ ਜਾਵੇਗਾ। ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਕਿਹਾ ਕਿ ਕਿਸਾਨਾਂ ਨੇ ਪੰਜਾਬ ਸਰਕਾਰ ਤੋਂ ਵਿਧਾਨ ਸਭਾ ਦਾ ਇਜਲਾਸ ਬੁਲਾ ਕੇ ਕੇਂਦਰ ਦੀ ਖੇਤੀ ਮੰਡੀਕਰਨ ਨੀਤੀ ਦੇ ਖਰੜੇ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ। ਨਵੀਂ ਨੀਤੀ ਰਾਹੀਂ ਕੇਂਦਰ ਸਰਕਾਰ ਫਿਰ ਤੋਂ ਮੰਡੀਆਂ 'ਤੇ ਨਿੱਜੀ ਕਬਜ਼ਾ ਕਰਨਾ ਚਾਹੁੰਦੀ ਹੈ। ਖੇਤੀ ਮੰਡੀਕਰਨ ਨੀਤੀ ਸੂਬਾ ਸਰਕਾਰ ਦੇ ਕੰਟਰੋਲ ਹੇਠ ਹੈ, ਪਰ ਫਿਰ ਵੀ ਕੇਂਦਰ ਸਰਕਾਰ ਇਸ ਡਰਾਫਟ ਰਾਹੀਂ ਇਸ 'ਤੇ ਕਬਜ਼ਾ ਕਰਨਾ ਚਾਹੁੰਦੀ ਹੈ। ਕਿਸਾਨ ਆਗੂ ਰਾਜੇਵਾਲ ਨੇ ਕਿਸਾਨ ਅੰਦੋਲਨ ਦੇ ਮੁੱਦੇ ਨੂੰ ਲੈ ਕੇ ਸੁਪਰੀਮ ਕੋਰਟ ਨੂੰ ਪੱਤਰ ਲਿਖਿਆ ਹੈ।



(ਫਾਈਲ ਫੋਟੋ)

## ਗਿਆਨੀ ਹਰਪ੍ਰੀਤ ਸਿੰਘ ਤੋਂ ਸ਼੍ਰੋਮਣੀ ਕਮੇਟੀ ਨੇ ਵਾਪਸ ਲਿਆ ਚਾਰਜ

**ਸ੍ਰੀ ਅੰਮ੍ਰਿਤਸਰ ਸਾਹਿਬ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਮਰਾਲਾ ਦੇ ਕਟਾਣਾ ਸਾਹਿਬ ਵਿਖੇ ਹੋਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੀਟਿੰਗ ਵਿੱਚ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ 'ਤੇ ਦੋ ਹਫ਼ਤਿਆਂ ਲਈ ਪਾਬੰਦੀ ਲਾ ਦਿੱਤੀ ਗਈ ਹੈ। ਇਹ ਵੀ ਸਾਹਮਣੇ ਆਇਆ ਹੈ ਕਿ ਜਾਂਚ ਪੂਰੀ ਹੋਣ ਤੱਕ ਗਿਆਨੀ ਹਰਪ੍ਰੀਤ ਸਿੰਘ ਕਿਸੇ ਮੀਟਿੰਗ ਵਿਚ ਸ਼ਾਮਲ ਨਹੀਂ ਹੋ ਸਕਣਗੇ। ਗਿਆਨੀ ਹਰਪ੍ਰੀਤ ਸਿੰਘ ਦੀ ਥਾਂ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਜਗਤਾਰ ਸਿੰਘ ਸੇਵਾ ਨਿਭਾਉਣਗੇ। ਉਸ ਸਮੇਂ ਤੱਕ ਗਿਆਨੀ ਹਰਪ੍ਰੀਤ ਸਿੰਘ ਤੋਂ ਚਾਰਜ ਵਾਪਸ ਲੈ ਲਿਆ ਗਿਆ ਹੈ। ਜ਼ਿਕਰ ਕਰ ਦਈਏ ਕਿ ਇਸ ਤੋਂ ਪਹਿਲਾਂ ਗਿਆਨੀ ਹਰਪ੍ਰੀਤ ਸਿੰਘ ਨੇ ਖ਼ਦਸ਼ਾ ਜ਼ਾਹਿਰ ਕੀਤਾ ਸੀ ਕਿ ਉਨ੍ਹਾਂ ਨੂੰ ਅਹੁਦੇ ਤੋਂ ਹਟਾਇਆ ਜਾ ਸਕਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਇਸ ਗੱਲ ਤੋਂ ਵੀ ਇਨਕਾਰ ਨਹੀਂ ਕੀਤਾ ਸੀ ਕਿ ਉਨ੍ਹਾਂ ਦੀ ਥਾਂ ਕਿਸੇ ਹੋਰ ਨੂੰ ਬਿਠਾ ਕੇ ਸ਼੍ਰੋਮਣੀ ਅਕਾਲੀ ਦਲ ਲਈ ਲਈ ਫੈਸਲਿਆਂ ਵਿੱਚ ਫੇਰਬਦਲ ਕੀਤਾ ਜਾ ਸਕਦਾ ਹੈ। ਇਸ ਮੌਕੇ ਹੁਣ ਜਥੇਦਾਰ ਹਰਪ੍ਰੀਤ ਸਿੰਘ ਤੋਂ 15 ਦਿਨਾਂ ਲਈ ਚਾਰਜ ਲਿਆ ਗਿਆ ਹੈ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਅਸਤੀਫਿਆਂ ਨੂੰ ਕੇ ਚਰਚਾ ਵੀ ਜ਼ੋਰਾਂ ਉੱਤੇ ਚੱਲ ਰਹੀ ਹੈ।

ਜ਼ਿਕਰਯੋਗ ਹੈ ਕਿ ਗਿਆਨੀ ਹਰਪ੍ਰੀਤ ਸਿੰਘ ਦੇ ਰਿਸ਼ਤੇਦਾਰ ਨੇ ਸ਼ਿਕਾਇਤ ਦਿੱਤੀ ਸੀ ਜਿਸ ਤੋਂ ਬਾਅਦ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਇਹ ਮੀਟਿੰਗ ਹੋਈ ਹੈ ਜਿਸ ਵਿੱਚ ਮਿਲੀ ਸ਼ਿਕਾਇਤ ਵਿੱਚ ਲਾਏ ਗਏ ਸੰਗੀਨ ਇਲਜਾਮਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ 'ਚ ਹਾਜ਼ਰ ਮੈਂਬਰ ਸਾਹਿਬਾਨ ਦੀ ਰਾਏ ਤੋਂ ਬਾਅਦ ਪ੍ਰਵਾਨ ਹੋਇਆ ਕਿ ਸਿੰਘ ਸਾਹਿਬ ਦੇ ਅਹੁਦੇ ਦੇ ਮਾਣ-ਸਨਮਾਨ ਨੂੰ ਮੁੱਖ ਰੱਖਦਿਆਂ ਲੱਗੇ ਇਲਜ਼ਾਮਾਂ ਦੀ ਪੜਤਾਲ ਬਹੁਤ ਜ਼ਰੂਰੀ ਹੈ। ਇਸ ਨੂੰ ਲੈ ਕੇ ਕਮੇਟੀ ਬਣਾਈ ਗਈ ਹੈ ਜਿਸ 'ਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ ਤੇ ਅੰਤ੍ਰਿਗ ਮੈਂਬਰ ਦਲਜੀਤ ਸਿੰਘ ਭਿੰਡਰ ਨੂੰ ਸ਼ਾਮਲ ਕੀਤਾ ਗਿਆ। ਇਹ ਸਬ ਕਮੇਟੀ ਮੁਕੰਮਲ ਪੜਤਾਲ ਕਰਕੇ 15 ਦਿਨਾਂ ਵਿੱਚ ਆਪਣੀ ਰਿਪੋਰਟ ਪੇਸ਼ ਕਰੇਗੀ।

ਪੰਜਾਬ ਇਸ ਵੇਲੇ ਪੰਥਕ ਸਿਆਸਤ ਦੇ ਨਿਘਾਰ ਵਿੱਚੋਂ ਲੰਘ ਰਿਹਾ ਹੈ। ਇਸ ਮੌਕੇ ਜਥੇਦਾਰਾਂ ਉੱਤੇ ਹੀ ਸਵਾਲ ਚੁੱਕੇ ਹਨ। ਵਿਰਸਾ ਸਿੰਘ ਵਲਟੋਹਾ ਵੱਲੋਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਵੀਡੀਓ ਵਾਇਰਲ ਕੀਤੀ ਜਾਣ ਇਹ ਮਾਮਲਾ ਹੋਰ ਭਖ ਗਿਆ ਹੈ। ਹੁਣ ਜਥੇਦਾਰ ਹਰਪ੍ਰੀਤ ਸਿੰਘ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਉੱਤੇ ਬਿਨਾਂ ਕੁਝ ਕਹੇ ਸਵਾਲ ਖੜ੍ਹੇ ਕਰ ਦਿੱਤਾ ਹੈ। ਜਥੇਦਾਰ ਹਰਪ੍ਰੀਤ ਸਿੰਘ ਤੋਂ ਜਦੋਂ ਵਾਇਰਲ ਹੋਈ ਵੀਡੀਓ ਵਿੱਚ ਬੋਲੇ ਗਏ ਸ਼ਬਦ ਬਾਬਤ ਪੁੱਛਿਆ ਗਿਆ ਤਾਂ ਉਨ੍ਹਾਂ ਨੇ ਕਿਹਾ, ਉਹ ਮਲਵਈ ਤੇ ਆਮ ਬੋਲ ਚਾਲ ਦੀ ਭਾਸ਼ਾ ਵਿੱਚ ਸਾਲਾ ਸ਼ਬਦ ਨਿਕਲ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਉਨ੍ਹਾਂ ਦੀ ਕਿਰਦਾਰਕੁਸ਼ੀ ਕਰਨ ਲਈ ਕੁਝ ਸਕਿੰਡਾਂ ਦੀ ਵੀਡੀਓ ਸਾਂਝੀ ਕੀਤੀ ਗਈ, ਉਹ ਮੰਗ ਕਰਦੇ ਨੇ ਕਿ ਪੂਰੀ ਵੀਡੀਓ ਸਾਂਝੀ ਕੀਤੀ ਜਾਵੇ, ਜਿਸ ਤੋਂ ਬਾਅਦ ਲੋਕ ਸਾਨੂੰ ਕਹਿਣਗੇ ਕਿ ਉਸ( ਵਲਟੋਹਾ) ਦੀ ਛਿੱਤਰ ਪਰੇਡ ਕਿਉਂ ਨਹੀਂ ਕੀਤੀ ਕਿਉਂਕਿ ਉਸ ਨੇ ਜਥੇਦਾਰਾਂ ਸਾਹਮਣੇ ਬਹੁਤ ਬਦਤਮੀਜ਼ੀ ਕੀਤੀ ਹੈ।



## ਸ਼ਹੀਦੀ ਦਿਹਾੜਿਆਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਸਿੱਖ ਕੌਮ ਦੇ ਨਾਂਅ ਆਦੇਸ਼ ਜਾਰੀ

**ਸ੍ਰੀ ਅੰਮ੍ਰਿਤਸਰ ਸਾਹਿਬ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਦਸਮੇਸ਼ ਪਿਤਾ, ਸਰਬੰਸਦਾਨੀ, ਸਾਹਿਬ-ਏ-ਕਮਾਲਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਅਤੇ ਬਾਬਾ ਜੁਝਾਰ ਸਿੰਘ ਜੀ ਸਮੇਤ ਚਮਕੌਰ ਦੀ ਜੰਗ ਦੇ ਅਨੂਠੇ ਸ਼ਹੀਦਾਂ ਦੀ ਯਾਦ ਵਿਚ 22 ਦਸੰਬਰ 2024 (8 ਪੋਹ) ਵਾਲੇ ਦਿਨ ਸਵੇਰੇ 10 ਵਜੇ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਅਤੇ ਮਹਾਨ ਸ਼ਹਾਦਤ ਨੂੰ ਸੱਚੀ-ਸੁੱਚੀ ਸ਼ਰਧਾਂਜਲੀ ਭੇਟ ਕਰਨ ਲਈ 27 ਦਸੰਬਰ 2024 (13 ਪੋਹ) ਵਾਲੇ ਦਿਨ ਸਵੇਰੇ 10 ਵਜੇ ਵਿਸ਼ਵ ਭਰ ਵਿਚ ਵੱਸਦੇ ਹਰੇਕ ਗੁਰੂ ਨਾਨਕ ਨਾਮ ਲੇਵਾ ਸਿੱਖ ਨੂੰ ਦਸ ਮਿੰਟ ਲਈ ਮੂਲ-ਮੰਤਰ ਅਤੇ ਗੁਰ-ਮੰਤਰ ਦਾ ਜਾਪ ਕਰਨ ਦਾ ਸੰਦੇਸ਼ ਦਿੱਤਾ ਹੈ। ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਮੀਡੀਆ ਰਾਹੀਂ ਜਾਰੀ ਕੀਤੇ ਸੰਦੇਸ਼ ਵਿਚ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਸ਼ਹਾਦਤ ਸੰਸਾਰ ਭਰ ਉੱਤੇ ਸੱਚ ਅਤੇ ਧਰਮ ਦਾ ਪਰਚਮ ਉੱਚਾ ਰੱਖਣ ਅਤੇ ਹਰੇਕ ਪ੍ਰਾਣੀ ਨੂੰ ਆਪਣੀ ਜ਼ਮੀਰ ਦੀ ਆਜ਼ਾਦੀ ਮੁਤਾਬਕ ਜੀਣ ਦਾ ਅਧਿਕਾਰ ਦੇਣ ਲਈ ਹੋਈ ਹੈ। ਉਨ੍ਹਾਂ ਕਿਹਾ ਕਿ ਰਹਿੰਦੀ ਦੁਨੀਆ ਤੱਕ ਮਨੁੱਖੀ ਆਜ਼ਾਦੀ ਲਈ ਇਹ ਮਹਾਨ ਸ਼ਹਾਦਤਾਂ ਚਾਨਣ ਮੁਨਾਰਾ ਰਹਿਣਗੀਆਂ ਅਤੇ ਜਬਰ-ਜ਼ੁਲਮ ਦੇ ਖ਼ਿਲਾਫ਼ ਜੂਝਣ ਲਈ ਦੱਬੀ-ਕੁਚਲੀ ਹੋਈ ਮਾਨਵਤਾ ਦੇ ਅੰਦਰ ਵੀ ਬੀਰ-ਰਸ, ਜੋਸ਼ ਅਤੇ ਚੜ੍ਹਦੀਕਲਾ ਦਾ ਜਜ਼ਬਾ ਪੈਦਾ ਕਰਦੀਆਂ ਰਹਿਣਗੀਆਂ। ਉਨ੍ਹਾਂ ਕਿਹਾ ਕਿ ਵੱਡੇ ਸਾਹਿਬਜ਼ਾਦਿਆਂ ਅਤੇ ਚਮਕੌਰ ਦੀ ਜੰਗ ਦੇ ਸ਼ਹੀਦਾਂ ਦੀ ਯਾਦ ਵਿਚ 22 ਦਸੰਬਰ ਨੂੰ ਸਵੇਰੇ 10 ਵਜੇ ਅਤੇ ਮਿਤੀ 27 ਦਸੰਬਰ ਨੂੰ ਸਵੇਰੇ 10 ਵਜੇ ਹਰੇਕ ਮਾਈ-ਭਾਈ ਦਸ ਮਿੰਟ ਲਈ ਮੂਲਮੰਤਰ ਅਤੇ ਗੁਰਮੰਤਰ ਦਾ ਜਾਪ ਕਰੇ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਾਲ-ਨਾਲ ਸੰਸਾਰ ਭਰ ਦੇ ਹਰੇਕ ਸਿੱਖ ਅਦਾਰੇ, ਸਿੰਘ ਸਭਾਵਾਂ, ਸਭਾ-ਸੁਸਾਇਟੀਆਂ, ਦਲ ਪੰਥ, ਟਕਸਾਲਾਂ, ਸੰਪਰਦਾਵਾਂ ਅਤੇ ਸੰਸਥਾਵਾਂ ਨੂੰ ਵੀ ਆਦੇਸ਼ ਤੇ ਅਪੀਲ ਕੀਤੀ ਹੈ ਉਹ ਹਰੇਕ ਸਿੱਖ ਨੂੰ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਨੂੰ ਸਮਰਪਿਤ ਸ਼ਹੀਦੀ ਹਫਤੇ ਦੌਰਾਨ ਉਪਰੋਕਤ ਦੱਸੇ ਅਨੁਸਾਰ ਮੂਲਮੰਤਰ ਅਤੇ ਗੁਰਮੰਤਰ ਦਾ ਜਾਪ ਕਰਨ ਤੋਂ ਇਲਾਵਾ ਵੈਰਾਗ ਅਤੇ ਸਾਦਗੀ ਧਾਰਨ ਕਰਦਿਆਂ ਵੱਧ ਤੋਂ ਵੱਧ ਗੁਰਬਾਣੀ ਦਾ ਜਾਪ ਕਰਨ ਸਬੰਧੀ ਵੀ ਪ੍ਰੇਰਿਤ ਕਰਨ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**


Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk



**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

# 7ਵੀਂ ਬਰਸੀ ਤੇ ਮਿੱਠੀ ਯਾਦ ਮੌਕੇ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

## ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 7ਵੀਂ ਬਰਸੀ ਤੇ ਮਿੱਠੀ ਯਾਦ ਵਿੱਚ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ

**ਸੁਖਮਨੀ ਸਾਹਿਬ ਜੀ ਦੇ ਪਾਠ**

**21 ਦਸੰਬਰ, 2024**

**(ਦਿਨ ਸ਼ਨਿੱਚਰਵਾਰ)**

**ਸਮਾਂ 2 ਤੋਂ 4 ਵਜੇ ਤੱਕ ਬਾਅਦ ਦੁਪਹਿਰ**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਸੱਤਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

**★ ਪ੍ਰੋਗਰਾਮ ★** ਬਾਅਦ ਦੁਪਹਿਰ 2 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਅਰੰਭ ਹੋਣਗੇ। ਗੁਰੂ ਘਰ ਦਾ ਕੀਰਤਨੀ ਜਥਾ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰੇਗਾ। ਉਪਰੰਤ ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ ਆਤਮਿਕ ਸਾਂਤੀ ਲਈ ਅਰਦਾਸ ਕੀਤੀ ਜਾਵੇਗੀ। ਗੁਰੂ ਕਾ ਲੰਗਰ ਅਤੁੱਟ ਵਰਤੇਗਾ

--- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM
International Newspaper & WEB TV


ਨਗਰ ਜਨਸੂਆ ਅਤੇ ਹਲਕਾ ਨਿਵਾਸੀ ਸਾਧ ਸੰਗਤ ਵਲੋਂ
ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ
ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ
ਮਹਾਨ ਗੁਰਮਤਿ ਸਮਾਗਮ
21-22 ਦਿਸੰਬਰ 2024
ਦਿਨ ਸ਼ਨੀਵਾਰ ਅਤੇ ਐਤਵਾਰ
ਨਗਰ ਜਨਸੂਆ
ਜਿਲਾ ਅੰਬਾਲਾ
ਸਿੰਘ ਸਾਹਿਬ ਗਿ. ਰਘਬੀਰ ਸਿੰਘ ਜੀ
ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤਕ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਿੰਘ ਸਾਹਿਬ ਗਿ. ਰਣਜੀਤ ਸਿੰਘ ਜੀ
ਗਿ. ਪ੍ਰੇਮ ਸਿੰਘ ਜੀ
ਭਾਈ ਦਵਿੰਦਰ ਸਿੰਘ ਜੀ
ਪਰਮਪ੍ਰੀਤ ਸਿੰਘ ਜੀ
ਭਾਈ ਲਖਵਿੰਦਰ ਸਿੰਘ ਜੀ
ਗਿ. ਸੁਖਜਿੰਦਰ ਸਿੰਘ ਨੂਰ
ਭਾਈ ਜਤਿੰਦਰ ਸਿੰਘ ਨੂਰਪੁਰੀ
ਭਾਈ ਮਨਪ੍ਰੀਤ ਸਿੰਘ ਜੀ
ਭਾਈ ਗੁਰਮੇਲ ਸਿੰਘ ਜੀ


ਸ੍ਰੀ ਅਕਾਲ ਜੀ ਸਹਾਇ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ,
ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਸ਼ਹਾਦਤ ਨੂੰ ਮੁੱਖ ਰੱਖਦਿਆਂ
ਸ਼ਹੀਦੀ ਸਭਾ
24 ਅਤੇ 25 ਦਸੰਬਰ 2024 ਸਵੇਰੇ 9 ਵੱਜੇ ਤੋਂ
ਗੁ. ਸ੍ਰੀ ਮੰਜੀ ਸਾਹਿਬ (ਬਾਉਲੀ ਸਾਹਿਬ) ਅੰਬਾਲਾ ਸ਼ਹਿਰ
ਸਭਾ ਦੌਰਾਨ ਗੁਰੂ ਸਾਹਿਬ ਜੀ ਦੀ ਲਾਡਲੀਆਂ ਫੋਜ਼ਾ (ਬੱਚੇ ਅਤੇ ਬੱਚੀਆਂ) ਕਿਸੇ ਵੀ ਮੁਕਾਬਲੇ ਵਿੱਚ ਭਾਗ ਲੈ ਸਕਦੇ ਹਨ ਜੀ
24 ਦਸੰਬਰ
ਤੀਰ ਅੰਦਾਜ਼ੀ ਅਤੇ ਸ਼ੂਟਿੰਗ
ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਨੂੰ ਬੇਸਿਕ ਗਿਆਨ ਹੋਣਾ ਜ਼ਰੂਰੀ ਹੈ ਜੀ।
ਦਸਤਾਰ ਮੁਕਾਬਲਾ
ਦੁਮਾਲਾ ਮੁਕਾਬਲਾ
ਸਿੱਖ ਇਤਿਹਾਸਕ ਕਲਰਿੰਗ ਅਤੇ ਪੇਂਟਿੰਗ
(ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਕਾਰਡ ਬੋਰਡ ਅਤੇ ਕਲਰ ਨਾਲ ਲੈ ਕੇ ਆਉਣ ਜੀ)
ਕਵਿਤਾ
ਵਿਸ਼ਾ : ਸ਼ਹੀਦੀ ਇਤਿਹਾਸ ਸਬੰਧਿਤ 3 ਤੋਂ 5 ਮਿੰਟ
ਖੋ—ਖੋ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਰੱਸੀ ਟੱਪਣਾ
(ਕੇਵਲ ਲੜਕੀਆਂ 1 4ਸਾ ਲ ਤੱਕ)
ਟਰਾਈ ਸਾਇਕਲ ਰੇਸ
ਇਸ ਰੇਸ ਵਿੱਚ 7 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਧਿਮੀ ਸਾਇਕਲ ਰੇਸ
ਇਸ ਰੇਸ ਵਿੱਚ 10 ਤੋਂ 13 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਰੱਸਾ ਖਿਚਣਾ
15 ਸਾਲ ਤੱਕ ਦੀ 8 ਮੈਂਬਰੀ ਟੀਮ
25 ਦਸੰਬਰ
ਗੁਰਬਾਣੀ ਕੰਠ
ਬਾਣੀ : ਸਲੋਕ ਮਹਲਾ ਨੌਵਾਂ ਅਤੇ ਸ਼ਬਦ (ਨੌਵੇਂ ਪਾਤਸ਼ਾਹ)
5 ਤੋਂ 8 ਸਾਲ
ਪਹਿਲੇ 10 ਸ਼ਲੋਕ ਅਤੇ ਇਕ ਸ਼ਬਦ
9 ਤੋਂ 15 ਸਾਲ
ਪਹਿਲੇ 25 ਸ਼ਲੋਕ ਅਤੇ ਦੋ ਸ਼ਬਦ
16 ਤੋਂ 25 ਸਾਲ
57 ਸ਼ਲੋਕ, ਚਾਰ ਸ਼ਬਦ ਅਤੇ ਤ੍ਵ ਪ੍ਰਸਾਦਿ ਸਵੱਯੇ
ਗਤਕਾ ਪ੍ਰਦਰਸ਼ਨ
(ਵਿਅਕਤੀਗਤ : ਫਾਇਟ ਫਰੀ-ਸੋਟੀ, ਡਬਲ ਕਿਰਪਾਨ ਅਤੇ ਚੱਕਰ)
ਅੰਬਾਲਾ ਗਤਕਾ ਅਕੈਡਮੀ
ਵਲੋਂ ਸ਼ਸਤ੍ਰ ਵਿਦਿਆ ਦਾ ਸਾਂਝਾ ਪ੍ਰਦਸ਼ਨ ਕਿਤਾ ਜਾਵੇਗਾ ਜੀ
ਸਿੱਖੀ ਸਰੂਪ ਮੇਰਾ ਅਸਲੀ ਰੂਪ
ਇਸ ਮੁਕਾਬਲੇ ਵਿੱਚ 8 ਸਾਲ ਤੱਕ ਦੇ ਬੱਚੇ ਅਤੇ ਬੱਚੀਆਂ ਨੇ ਸਿੱਖੀ ਸਰੂਪ ਵਿੱਚ ਤਿਆਰ ਬਰ ਤਿਆਰ ਹੋਕੇ ਆਉਣਾ ਹੈ ਅਤੇ ਸਟੇਜ ਤੇ 1 ਮਿੰਟ ਲਈ ਬੋਲਣ ਦਾ ਸਮਾਂ ਦਿੱਤਾ ਜਾਵੇਗਾ ਜੀ
ਅਵਾਰਡ ਚੰਗੇਰੇ ਮਾਪੇ
ਕਵੀਜ਼ ਮੁਕਾਬਲਾ
ਵਿਸ਼ਾ : ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਸਮੂੰਹ ਸ਼ਹੀਦ ਸਿੰਘਾਂ ਦੇ ਜੀਵਨ ਸਬੰਧਿਤ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ 7988264621, 8929111683, 9812032041, 7988513083, 9466408747, 7404112798
ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੇਵਾ ਸੋਸਾਇਟੀ (ਰਜਿ.), ਅੰਬਾਲਾ ਸ਼ਹਿਰ
ਦਾਸਰੇ: ਮੈਨੇਜਰ
ਗੁ. ਮੰਜੀ (ਬਾਉਲੀ) ਸਾਹਿਬ, ਪਾ.੬ਵੀਂ, ੧੦ਵੀਂ
ਅੰਬਾਲਾ ਸ਼ਹਿਰ 0171-2446949
ਪ੍ਰਧਾਨ ਅਤੇ ਸਮੂਹ ਮੈਂਬਰਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਭੁਪਿੰਦਰ ਸਿੰਘ ਅਸੰਧ
ਪ੍ਰਧਾਨ HSGMC
ਸ੍ਰ. ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ HSGMC
ਸ੍ਰ. ਤਰਵਿੰਦਰਪਾਲ ਸਿੰਘ ਅੰਬਾਲਾ
ਐਗਜ਼ੈਕਟਿਵ ਮੈਂਬਰ HSGMC
ਸ. ਹਰਪਾਲ ਸਿੰਘ ਕੰਬੋਜ
ਮੈਂਬਰ, HSGMC
ਸ. ਇੰਦਰਜੀਤ ਸਿੰਘ
ਮੈਂਬਰ, HSGMC
ਸ. ਰਜਿੰਦਰ ਸਿੰਘ
ਮੈਂਬਰ, HSGMC
ਕੈਪਟਨ ਦਿਲਬਾਗ ਸਿੰਘ
ਮੈਂਬਰ, HSGMC
ਜ. ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਕਮੇਟੀ, HSGMC

### ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ

# ਅੰਤ੍ਰਿੰਗ ਕਮੇਟੀ ਦੀ ਹੋਈ ਉਚੇਚੀ ਇਕੱਤਰਤਾ



**ਅੰਮ੍ਰਿਤਸਰ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿਗ ਕਮੇਟੀ ਦੀ ਉਚੇਚੀ ਇੱਕਤਰਤਾ ਅੱਜ ਗੁਰਦੁਆਰਾ ਦੇਗਸਰ ਸਾਹਿਬ ਕਟਾਣਾ (ਲੁਧਿਆਣਾ) ਵਿਖੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਖਿਲਾਫ ਸ੍ਰ: ਗੁਰਪ੍ਰੀਤ ਸਿੰਘ ਸਪੁੱਤਰ ਸ੍ਰ: ਗੁਰਦੇਵ ਸਿੰਘ ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤੀ ਸ਼ਕਾਇਤ ਵਿੱਚ ਲਾਏ ਗਏ ਸੰਗੀਨ ਇਲਜਾਮਾਂ 'ਤੇ ਦੀਰਘ ਵਿਚਾਰ ਵਟਾਂਦਰਾ ਕੀਤਾ ਗਿਆ। ਇੱਕਤਰਤਾ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਦੀ ਰਾਏ ਤੋਂ ਬਾਅਦ ਪ੍ਰਵਾਨ ਹੋਇਆ ਕਿ ਸਿੰਘ ਸਾਹਿਬ ਦੇ ਅਹੁਦੇ ਦੇ ਮਾਣ-ਸਨਮਾਨ ਨੂੰ ਮੁੱਖ ਰੱਖਦਿਆਂ ਲੱਗੇ ਇਲਜ਼ਾਮਾਂ ਦੀ ਪੜਤਾਲ ਬਹੁਤ ਜਰੂਰੀ ਹੈ। ਇਕੱਤਰਤਾ ਦੌਰਾਨ ਪਾਸ ਕੀਤੇ ਮਤੇ ਰਾਹੀਂ ਪੜਤਾਲ ਵਾਸਤੇ ਇੱਕ ਸਬ ਕਮੇਟੀ ਦਾ ਗਠਿਨ ਕੀਤਾ ਗਿਆ, ਜਿਸ ਵਿੱਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਅਤੇ ਅੰਤ੍ਰਿਗ ਮੈਂਬਰ ਸ. ਦਲਜੀਤ ਸਿੰਘ ਭਿੰਡਰ ਨੂੰ ਸ਼ਾਮਲ ਕੀਤਾ ਗਿਆ। ਇਹ ਸਬ ਕਮੇਟੀ ਮੁਕੰਮਲ ਪੜਤਾਲ ਕਰਕੇ 15 ਦਿਨਾਂ ਵਿੱਚ ਆਪਣੀ ਰਿਪੋਰਟ ਪੇਸ਼ ਕਰੇਗੀ। ਅੰਤ੍ਰਿੰਗ ਕਮੇਟੀ ਵਿੱਚ ਇਹ ਵੀ ਫੈਸਲਾ ਹੋਇਆ ਕਿ ਪੜਤਾਲ ਦੀ ਰਿਪੋਰਟ 'ਤੇ ਫੈਸਲੇ ਤੀਕ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਤਖ਼ਤ ਸਾਹਿਬ ਦੇ ਅਧਿਕਾਰ ਖੇਤਰ ਵਾਲੀਆਂ ਸੇਵਾਵਾਂ ਨਿਭਾਉਣਗੇ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਾਲ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਦਲਜੀਤ ਸਿੰਘ ਭਿੰਡਰ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ, ਸ. ਪਰਮਜੀਤ ਸਿੰਘ ਰਾਏਪੁਰ, ਸਕੱਤਰ ਸ ਪ੍ਰਤਾਪ ਸਿੰਘ, ਸੁਖਮਿੰਦਰ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਇੰਚਾਰਜ ਸ. ਆਜ਼ਾਦਦੀਪ ਸਿੰਘ ਆਦਿ ਹਾਜ਼ਰ ਸਨ।

> **ਜਥੇਦਾਰ ਗਿਆਨੀ ਹਰਪ੍ਰੀਤ ਸਿੰਘ 'ਤੇ ਲੱਗੇ ਇਲਜ਼ਾਮਾਂ ਦੀ ਪੜਤਾਲ ਲਈ ਗਠਿਤ ਕੀਤੀ ਤਿੰਨ ਮੈਂਬਰੀ ਕਮੇਟੀ**

### ਗਿ: ਹਰਪ੍ਰੀਤ ਸਿੰਘ ਦੇ ਮਾਮਲੇ 'ਚ ਰਾਜਨੀਤੀ ਤੋਂ ਪ੍ਰੇਰਿਤ

# ਫ਼ੈਸਲਾ ਪਹਿਲਾਂ ਤੋਂ ਹੀ ਤਿਆਰ ਕੀਤਾ ਜਾ ਚੁਕਾ ਹੈ : ਪ੍ਰੋ. ਸਰਚਾਂਦ ਸਿੰਘ



**ਅੰਮ੍ਰਿਤਸਰ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਸਟੂਡੈਂਟਸ ਫੈਡਰੇਸ਼ਨ (ਮਹਿਤਾ) ਦੇ ਸਾਬਕਾ ਕਾਰਜਕਾਰੀ ਪ੍ਰਧਾਨ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਖ਼ਿਲਾਫ਼ ਲੱਗੇ ਦੋਸ਼ਾਂ ਦੀ ਪੜਤਾਲ ਵਾਸਤੇ ਬਣਾਈ ਗਈ ਤਿੰਨ ਮੈਂਬਰੀ ਕਮੇਟੀ ਤੋਂ ਕਿਸੇ ਨਿਰਪੱਖ ਪੜਤਾਲ ਦੀ ਉਮੀਦ ਕਿਵੇਂ ਕੀਤੀ ਜਾ ਸਕਦੀ, ਜਿਸ ਜਾਂਚ ਕਮੇਟੀ ਵਿਚ ਕੇਵਲ ਬਾਦਲ ਦਲ ਪੱਖੀ ਮੈਂਬਰ ਪਾਏ ਗਏ ਹੋਣ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਸ਼ੇਸ਼ ਵਿਅਕਤੀ 'ਤੇ ਲੱਗੇ ਗੰਭੀਰ ਇਲਜ਼ਾਮਾਂ 'ਤੇ ਪੜਤਾਲ ਕਰਾਉਣੀ ਚੰਗੀ ਗਲ ਹੈ, ਪਰ ਗਿਆਨੀ ਹਰਪ੍ਰੀਤ ਸਿੰਘ ਦੇ ਮਾਮਲੇ 'ਚ ਇੰਜ ਲਗਦਾ ਹੈ ਕਿ ਰਾਜਨੀਤੀ ਤੋਂ ਪ੍ਰੇਰਿਤ ਫ਼ੈਸਲਾ ਪਹਿਲਾਂ ਤੋਂ ਹੀ ਤਿਆਰ ਕੀਤਾ ਜਾ ਚੁਕਾ ਹੈ।

ਪ੍ਰੋ. ਸਰਚਾਂਦ ਸਿੰਘ ਨੇ ਖ਼ਦਸ਼ਾ ਜ਼ਾਹਿਰ ਕੀਤਾ ਕਿ ਗਿਆਨੀ ਹਰਪ੍ਰੀਤ ਸਿੰਘ ਨੂੰ ਅਹੁਦੇ ਤੋਂ ਹਟਾਉਣ ਪਿੱਛੇ ਪੰਜ ਸਿੰਘ ਸਾਹਿਬਾਨ ਵੱਲੋਂ ਸੁਖਬੀਰ ਸਿੰਘ ਬਾਦਲ ਅਤੇ ਅਕਾਲੀ ਲੀਡਰਸ਼ਿਪ ਖਿਲਾਫ 2 ਦਸੰਬਰ ਨੂੰ ਸੁਣਾਏ ਗਏ ਸਿਧਾਂਤਕ ਫ਼ੈਸਲਿਆਂ ਨੂੰ ਬਦਲਾਉਣ ਦੀ ਮਨਸ਼ਾ ਹੋ ਸਕਦੀ ਹੈ। ਜਿਨ੍ਹਾਂ 'ਚ ਫਖਰੇ ਕੌਮ ਦਾ ਖ਼ਿਤਾਬ ਵਾਪਸ ਲੈਣਾ, ਅਕਾਲੀ ਦਲ ਦੀ ਭਰਤੀ ਲਈ ਕਮੇਟੀ ਬਣਾਉਣੀ ਅਤੇ ਖ਼ਾਸ ਕਰਕੇ ਮੌਜੂਦਾ ਲੀਡਰਸ਼ਿਪ ਨੂੰ ਸਿਆਸੀ ਅਗਵਾਈ ਲਈ ਅਯੋਗ ਠਹਿਰਾਉਣ ਤੋਂ ਇਲਾਵਾ ਕਈ ਸਾਲਾਂ ਤੋਂ ਪੰਥ ਨਾਲ ਫ਼ਰੇਬ ਕੀਤਾ ਜਾ ਰਿਹਾ ਹੋਣ ਨੂੰ ਕਬੂਲ ਕਰਾਉਣਾ ਸ਼ਾਮਿਲ ਹੈ। ਇਹ ਸੱਚ ਹੈ ਤਾਂ ਗੁਰੂ ਪੰਥ ਅਜਿਹੇ ਕਿਸੇ ਵੀ ਫ਼ੈਸਲੇ ਨੂੰ ਬਦਲਣ ਪ੍ਰਤੀ ਚੌਕਸ ਹੈ ਜਿਨ੍ਹਾਂ ਨਾਲ ਪੰਥਕ ਜਜ਼ਬਾਤ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਵੋਟ ਰਾਜਨੀਤੀ ਦੇ ਅਮਲ ਨਾਲ ਪੰਥਕ ਸੁਰਤ ਵਿਚੋਂ ਜਥੇਦਾਰ ਨੂੰ ਚੁਣਨ ਦੀ ਪੰਥਕ ਵਿਧੀ ਖ਼ਤਮ ਕਰ ਦਿੱਤੀ ਗਈ, ਅੱਜ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦੀ ਨਿਯੁਕਤੀ ਸ਼੍ਰੋਮਣੀ ਕਮੇਟੀ ਦੁਆਰਾ ਕੀਤੀ ਜਾਂਦੀ ਹੈ, ਜਿਸ 'ਤੇ ਅਕਾਲੀ ਦਲ ਦਾ ਚਿਰਾਂ ਤੋਂ ਗ਼ਲਬਾ ਚਲਿਆ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਕੰਮਾਂ ਨਾਲ ਚਾਹੇ ਹਰ ਕੋਈ ਸਹਿਮਤ ਨਾ ਹੋਵੇ ਪਰ ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਉਨ੍ਹਾਂ ਦੀ ਦੂਰ ਅੰਦੇਸ਼ੀ ਅਤੇ ਸੁਹਿਰਦ ਕਾਰਗੁਜ਼ਾਰੀ ਨੇ ਜਥੇਦਾਰ ਦੇ ਪਦਵੀ ਦੀ ਗਰਿਮਾ ਨੂੰ ਮੁੜ ਬਹਾਲ ਕਰਨ ਅਤੇ ਦੇਸ਼ ਵਿਦੇਸ਼ ਦੇ ਸਿੱਖਾਂ ਵਿਚ ਜਥੇਦਾਰਾਂ ਪ੍ਰਤੀ ਵਿਸ਼ਵਾਸ ਨੂੰ ਮੁੜ ਸੁਰਜੀਤ ਜ਼ਰੂਰ ਕੀਤਾ ਹੈ। ਭਾਵੇਂ ਅਕਾਲੀ ਲੀਡਰਸ਼ਿਪ ਦੀਆਂ ਖਵਾਇਸ਼ ਦੀ ਪੂਰਤੀ ਕਰਨੀ ਉਨ੍ਹਾਂ ਲਈ ਮਜਬੂਰੀ ਰਹੀ ਹੋਵੇ, ਪਰ ਉਨ੍ਹਾਂ ਨੇ 'ਅਕਾਲੀ ਦਲ' ਅਤੇ ਬਾਦਲ ਪਰਿਵਾਰ ਦੀਆਂ ਖ਼ਾਮੀਆਂ ਅਤੇ ਗ਼ਲਤੀਆਂ ਨੂੰ ਵੀ ਨਿਸ਼ਾਨੇ ਲਿਆ ਹੈ। ਆਪਣੇ ਵੱਲੋਂ ਥਾਪੇ ਹੋਏ ਜਥੇਦਾਰ ਦੀ ਅਕਾਲੀ ਲੀਡਰਸ਼ਿਪ ਨੂੰ ਸਵਾਲ ਕਰਨ ਦੀ ਦਲੇਰੀ ਉਨ੍ਹਾਂ ਨੂੰ ਕਿਵੇਂ ਪਸੰਦ ਆ ਸਕਦੀ ਸੀ। ਗਿਆਨੀ ਹਰਪ੍ਰੀਤ ਸਿੰਘ ਦੀਆਂ ਜਿਨ੍ਹਾਂ ਗੱਲਾਂ ਨੇ ਅਕਾਲੀ ਲੀਡਰਸ਼ਿਪ ਨੂੰ ਆਪੇ ਤੋਂ ਬਾਹਰ ਕੀਤਾ ਉਨ੍ਹਾਂ 'ਚ ਅਕਾਲੀ ਦਲ 'ਤੇ ਕੀਤੀ ਗਈ ਇਹ ਸਖ਼ਤ ਟਿੱਪਣੀ ਕਿ "ਸ਼੍ਰੋਮਣੀ ਅਕਾਲੀ ਦਲ ਮਜ਼ਦੂਰਾਂ ਤੇ ਕਿਸਾਨਾਂ ਦੀ ਪਾਰਟੀ ਸੀ। ਹੁਣ ਇਹ ਸਰਮਾਏਦਾਰਾਂ ਦੀ ਪਾਰਟੀ ਬਣ ਗਈ ਹੈ।" ਇਹ ਅਕਾਲੀ ਲੀਡਰਸ਼ਿਪ ਲਈ ਇਕ ਵੱਡੀ ਵੰਗਾਰ ਅਤੇ ਚਿਤਾਵਨੀ ਸੀ। ਇਸ ਤੋਂ ਇਲਾਵਾ ਜਥੇਦਾਰ ਦਾ ਇਹ ਬਿਆਨ ਕਿ "50 ਸਾਲ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦਾ ਮੁੱਖ ਏਜੰਡਾ ਸਿੱਖ ਪੰਥ ਅਤੇ ਗੁਰਦੁਆਰਿਆਂ ਦੀ ਚੜ੍ਹਦੀ ਕਲਾ ਸੀ, ਅੱਜ ਸਾਡੀ ਸੋਚ 'ਚੋਂ ਸਿੱਖ ਪੰਥ ਅਤੇ ਗੁਰਦੁਆਰੇ ਦੋਵੇਂ ਮਨਫ਼ੀ ਹੋ ਗਏ।" ਇਹ ਉਹ ਗੱਲਾਂ ਸਨ, ਜੋ ਅਕਾਲੀ ਲੀਡਰਸ਼ਿਪ ਤੋਂ ਬਰਦਾਸ਼ਤ ਨਹੀਂ ਸੀ ਹੋ ਰਹੀਆਂ। ਅਕਾਲੀ ਲੀਡਰਸ਼ਿਪ ਜਥੇਦਾਰ 'ਤੇ ਦਬਾਅ ਪਾਉਣ ਵਿਚ ਅਸਫਲ ਰਹੇ ਤਾਂ ਉਨ੍ਹਾਂ ਨੇ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜਥੇਦਾਰ ਦੇ ਅਹੁਦੇ ਤੋਂ ਉਨ੍ਹਾਂ ਨੂੰ ਹਟਾ ਦਿੱਤਾ। ਹੁਣ ਜਥੇਦਾਰ ਵੱਲੋਂ ਕੀਤੀ ਜਾ ਰਹੀ ਅਜ਼ਾਦ ਹਸਤੀ ਦੇ ਪ੍ਰਗਟਾਵੇ ਨੇ ਅਕਾਲੀ ਲੀਡਰਸ਼ਿਪ ਨੂੰ ਇਹ ਸੋਚਣ ਲਈ ਮਜਬੂਰ ਕੀਤਾ ਕਿ " ਇਹ ਕੰਮ ਦਾ ਬੰਦਾ ਨਹੀਂ ਰਿਹਾ" । ਸੋ ਉਨ੍ਹਾਂ ਦਾ ਜਾਣਾ ਤੈਅ ਸੀ। ਜਥੇਦਾਰ ਨੂੰ ਮੌਜੂਦਾ ਸਮੇਂ ਅਸਲ ਮਾਰਗ ਤੋਂ ਭਟਕ ਚੁੱਕੀ ਅਕਾਲੀ ਲੀਡਰਸ਼ਿਪ ਨੂੰ ਆਪਣੀਆਂ ਸਿਆਸੀ ਇੱਛਾਵਾਂ ਤੋਂ ਦੂਰ ਰਹਿਣ ਅਤੇ ਪੰਥਕ ਏਜੰਡੇ ਵੱਲ ਮੁੜਨ ਲਈ ਆਪਣੀ 'ਸਲਾਹ' ਦੀ ਕੀਮਤ ਚੁਕਾਉਣੀ ਪਈ। ਬੇਸ਼ੱਕ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੀ ਕਾਬਲੀਅਤ ਨੂੰ ਸਾਬਤ ਕੀਤਾ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸਿਖਰਲੇ ਅਕਾਲੀ ਆਗੂਆਂ ਦੀ ਧੌਂਸਵਾਦੀ ਸਿਆਸਤ ਨੇ ਪੰਥਕ ਸੋਚ ਵਾਲੇ ਸਾਰੇ ਭਰਮ-ਭੁਲੇਖੇ ਕਾਫ਼ੂਰ ਕਰ ਦਿੱਤੇ ਹਨ। ਅੱਜ ਹਰ ਫ਼ਰੰਟ 'ਤੇ ਮੂੰਹ ਦੀ ਖਾਣ ਤੋਂ ਬਾਅਦ ਅਕਾਲੀ ਦਲ ਮੁੜ ਪੰਥਕ ਸਰੂਪ ਅਤੇ ਸਿਆਸਤ ਵਲ ਮੋੜਾ ਕੱਟਣ ਦਾ ਪੈਂਤੜਾ ਅਪਣਾਉਣ ਦੀ ਨਾਕਾਮ ਕੋਸ਼ਿਸ਼ ਵਿਚ ਹੈ। ਬੇਸ਼ੱਕ ਆਉਣ ਵਾਲੇ ਸਮੇਂ ਵਿਚ ਪੰਜਾਬ ਅਤੇ ਪੰਥਕ ਸਿਆਸਤ ਅੰਦਰ ਨਵੇਂ ਸਿਆਸੀ ਸਮੀਕਰਨ ਅਤੇ ਤਬਦੀਲੀਆਂ ਦੇਖਣ ਨੂੰ ਮਿਲਣਗੀਆਂ।

> **ਗੁਰੂ ਪੰਥ ਅਜਿਹੇ ਫ਼ੈਸਲਿਆਂ ਨੂੰ ਬਦਲਣ ਪ੍ਰਤੀ ਪੂਰੀ ਤਰਾਂ ਚੌਕਸ ਹੈ ਜਿਨ੍ਹਾਂ ਨਾਲ ਪੰਥਕ ਜਜ਼ਬਾਤ ਜੁੜੇ ਹੋਏ ਹਨ**

## ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਯਾਦ ਵਿਚ 22 ਅਤੇ 27 ਦਸੰਬਰ ਨੂੰ ਸਵੇਰੇ 10 ਵਜੇ ਦਸ ਮਿੰਟ ਲਈ ਕੀਤਾ ਜਾਵੇ ਮੂਲਮੰਤਰ ਅਤੇ ਗੁਰਮੰਤਰ ਦਾ ਜਾਪ: ਗਿਆਨੀ ਰਘਬੀਰ ਸਿੰਘ



ਨਵੀਂ ਦਿੱਲੀ, 19 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਦਸਮੇਸ਼ ਪਿਤਾ, ਸਰਬੰਸਦਾਨੀ, ਸਾਹਿਬ-ਏ-ਕਮਾਲਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਅਤੇ ਬਾਬਾ ਜੁਝਾਰ ਸਿੰਘ ਜੀ ਸਮੇਤ ਚਮਕੌਰ ਦੀ ਜੰਗ ਦੇ ਅਨੂਠੇ ਸ਼ਹੀਦਾਂ ਦੀ ਯਾਦ ਵਿਚ 22 ਦਸੰਬਰ 2024 (8 ਪੋਹ) ਵਾਲੇ ਦਿਨ ਸਵੇਰੇ 10 ਵਜੇ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਅਤੇ ਮਹਾਨ ਸ਼ਹਾਦਤ ਨੂੰ ਸੱਚੀ-ਸੁੱਚੀ ਸ਼ਰਧਾਂਜਲੀ ਭੇਟ ਕਰਨ ਲਈ 27 ਦਸੰਬਰ 2024 (13 ਪੋਹ) ਵਾਲੇ ਦਿਨ ਸਵੇਰੇ 10 ਵਜੇ ਵਿਸ਼ਵ ਭਰ ਵਿਚ ਵੱਸਦੇ ਹਰੇਕ ਗੁਰੂ ਨਾਨਕ ਨਾਮ ਲੇਵਾ ਸਿੱਖ ਨੂੰ ਦਸ ਮਿੰਟ ਲਈ ਮੂਲ-ਮੰਤਰ ਅਤੇ ਗੁਰ-ਮੰਤਰ ਦਾ ਜਾਪ ਕਰਨ ਦਾ ਸੰਦੇਸ਼ ਦਿੱਤਾ ਹੈ। ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਮੀਡੀਆ ਰਾਹੀਂ ਜਾਰੀ ਕੀਤੇ ਸੰਦੇਸ਼ ਵਿਚ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਸ਼ਹਾਦਤ ਸੰਸਾਰ ਭਰ ਉੱਤੇ ਸੱਚ ਅਤੇ ਧਰਮ ਦਾ ਪਰਚਮ ਉੱਚਾ ਰੱਖਣ ਅਤੇ ਹਰੇਕ ਪ੍ਰਾਣੀ ਨੂੰ ਆਪਣੀ ਜ਼ਮੀਰ ਦੀ ਆਜ਼ਾਦੀ ਮੁਤਾਬਕ ਜੀਣ ਦਾ ਅਧਿਕਾਰ ਦੇਣ ਲਈ ਹੋਈ ਹੈ। ਉਨ੍ਹਾਂ ਕਿਹਾ ਕਿ ਰਹਿੰਦੀ ਦੁਨੀਆ ਤੱਕ ਮਨੁੱਖੀ ਆਜ਼ਾਦੀ ਲਈ ਇਹ ਮਹਾਨ ਸ਼ਹਾਦਤਾਂ ਚਾਨਣ ਮੁਨਾਰਾ ਰਹਿਣਗੀਆਂ ਅਤੇ ਜਬਰ-ਜ਼ੁਲਮ ਦੇ ਖ਼ਿਲਾਫ਼ ਜੂਝਣ ਲਈ ਦੱਬੀ-ਕੁਚਲੀ ਹੋਈ ਮਾਨਵਤਾ ਦੇ ਅੰਦਰ ਵੀ ਬੀਰ-ਰਸ, ਜੋਸ਼ ਅਤੇ ਚੜ੍ਹਦੀਕਲਾ ਦਾ ਜਜ਼ਬਾ ਪੈਦਾ ਕਰਦੀਆਂ ਰਹਿਣਗੀਆਂ। ਉਨ੍ਹਾਂ ਕਿਹਾ ਕਿ ਵੱਡੇ ਸਾਹਿਬਜ਼ਾਦਿਆਂ ਅਤੇ ਚਮਕੌਰ ਦੀ ਜੰਗ ਦੇ ਸ਼ਹੀਦਾਂ ਦੀ ਯਾਦ ਵਿਚ 22 ਦਸੰਬਰ ਨੂੰ ਸਵੇਰੇ 10 ਵਜੇ ਅਤੇ ਮਿਤੀ 27 ਦਸੰਬਰ ਨੂੰ ਸਵੇਰੇ 10 ਵਜੇ ਹਰੇਕ ਮਾਈ-ਭਾਈ ਦਸ ਮਿੰਟ ਲਈ ਮੂਲਮੰਤਰ ਅਤੇ ਗੁਰਮੰਤਰ ਦਾ ਜਾਪ ਕਰੇ।

ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਲਿਖਤੀ ਆਦੇਸ਼ ਕੀਤਾ ਹੈ ਕਿ ਉਪਰੋਕਤ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਧਰਮ ਪ੍ਰਚਾਰ ਕਮੇਟੀ, ਸੈਕਸ਼ਨ 85, 87 ਨਾਲ ਸਬੰਧਤ ਸਮੂਹ ਗੁਰਦੁਆਰਾ ਸਾਹਿਬਾਨ, ਅਦਾਰਿਆਂ, ਸਕੂਲਾਂ, ਕਾਲਜਾਂ ਨੂੰ ਸਰਕੂਲਰ ਜਾਰੀ ਕਰਕੇ ਅਤੇ ਸੰਗਤਾਂ ਨੂੰ ਅਖ਼ਬਾਰਾਂ/ ਮੀਡੀਆ ਦੇ ਮਾਧਿਅਮ ਰਾਹੀਂ ਜਾਣੂ ਕਰਵਾਇਆ ਜਾਵੇ। ਇਸੇ ਤਰ੍ਹਾਂ ਇਕ ਲਿਖਤੀ ਆਦੇਸ਼ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਜਾਰੀ ਕੀਤਾ ਗਿਆ ਹੈ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸੰਸਾਰ ਭਰ ਦੇ ਹਰੇਕ ਸਿੱਖ ਅਦਾਰੇ, ਸਿੰਘ ਸਭਾਵਾਂ, ਸਭਾ-ਸੁਸਾਇਟੀਆਂ, ਦਲ ਪੰਥ, ਟਕਸਾਲਾਂ, ਸੰਪਰਦਾਵਾਂ ਅਤੇ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਹੈ ਉਹ ਹਰੇਕ ਸਿੱਖ ਨੂੰ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਨੂੰ ਸਮਰਪਿਤ ਸ਼ਹੀਦੀ ਹਫਤੇ ਦੌਰਾਨ ਉਪਰੋਕਤ ਦੱਸੇ ਅਨੁਸਾਰ ਮੂਲਮੰਤਰ ਅਤੇ ਗੁਰਮੰਤਰ ਦਾ ਜਾਪ ਕਰਨ ਤੋਂ ਇਲਾਵਾ ਵੈਰਾਗ ਅਤੇ ਸਾਦਗੀ ਧਾਰਨ ਕਰਦਿਆਂ ਵੱਧ ਤੋਂ ਵੱਧ ਗੁਰਬਾਣੀ ਦਾ ਜਾਪ ਕਰਨ ਸਬੰਧੀ ਵੀ ਪ੍ਰੇਰਿਤ ਕਰਨ।

## ਸੁਖਬੀਰ ਬਾਦਲ ਦੀ ਪ੍ਰਧਾਨਗੀ ਬਚਾਉਣ ਲਈ ਜਥੇਦਾਰ ਹਰਪ੍ਰੀਤ ਸਿੰਘ ਦੀ ਲਈ ਬਲੀ, ਜਥੇਦਾਰ ਰਘਬੀਰ ਸਿੰਘ ਤੋਂ ਫੈਸਲਾ ਬਦਲਾਉਣਾ ਚਾਹੁੰਦੇ ਨੇ ਬਾਦਲਕੇ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ



**ਅੰਮ੍ਰਿਤਸਰ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਅੰਤ੍ਰਿੰਗ ਕਮੇਟੀ ਨੇ ਸੁਖਬੀਰ ਸਿੰਘ ਬਾਦਲ ਦੀ ਅਕਾਲੀ ਦਲ ਵਿੱਚ ਪ੍ਰਧਾਨਗੀ ਬਚਾਉਣ ਲਈ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਬਲੀ ਲੈ ਲਈ ਹੈ। ਭਾਈ ਰਣਜੀਤ ਸਿੰਘ ਨੇ ਗਿਆਨੀ ਹਰਪ੍ਰੀਤ ਸਿੰਘ ਨੂੰ ਜਥੇਦਾਰੀ ਤੋਂ ਹਟਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਸਮੁੱਚਾ ਖ਼ਾਲਸਾ ਪੰਥ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਨਾਲ ਡੱਟ ਕੇ ਖੜ੍ਹਾ ਹੈ। ਉਹਨਾਂ ਕਿਹਾ ਕਿ ਸਾਨੂੰ ਖ਼ੁਸ਼ੀ ਹੈ ਕਿ ਜਥੇਦਾਰ ਹਰਪ੍ਰੀਤ ਸਿੰਘ ਇਸ ਸਮੇਂ ਬਾਦਲਾਂ ਅੱਗੇ ਝੁਕੇ ਨਹੀਂ, ਉਹਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ ਨੂੰ ਬਦਲਣ ਵਿੱਚ ਆਪਣੀ ਭੂਮਿਕਾ ਨਹੀਂ ਨਿਭਾਈ ਤੇ ਉਹਨਾਂ ਨੇ ਅਹੁਦੇ ਦਾ ਵੀ ਮੋਹ ਨਹੀਂ ਕੀਤਾ ਸਗੋਂ ਪੰਥਕ ਹਿੱਤਾਂ ਦੀ ਡੱਟ ਕੇ ਪਹਿਰੇਦਾਰੀ ਕੀਤੀ ਹੈ, ਗਿਆਨੀ ਹਰਪ੍ਰੀਤ ਸਿੰਘ ਦੇ ਇਸ ਸਟੈਂਡ ਨਾਲ ਉਹਨਾਂ ਦਾ ਸੰਗਤਾਂ ਵਿੱਚ ਮਾਣ-ਸਤਿਕਾਰ ਕਾਇਮ ਰਹੇਗਾ ਪਰ ਬਾਦਲ ਦਲ ਅਤੇ ਸ਼੍ਰੋਮਣੀ ਕਮੇਟੀ ਨੇ ਲਾਹਣਤਾਂ ਖੱਟ ਲਈਆਂ ਹਨ। ਉਹਨਾਂ ਕਿਹਾ ਕਿ 2 ਦਸੰਬਰ 2024 ਨੂੰ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਜਥੇਦਾਰਾਂ ਨੇ ਫੈਸਲੇ ਲਏ ਸਨ, ਉਹ ਬਾਦਲ ਦਲ ਨੂੰ ਮਨਜ਼ੂਰ ਨਹੀਂ ਹਨ। ਬਾਦਲਕਿਆਂ ਨੂੰ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਆਪਣੇ ਰਾਹ ਵਿੱਚ ਰੋੜਾ ਲੱਗਦਾ ਸੀ, ਜਥੇਦਾਰ ਨੂੰ ਬਦਨਾਮ ਕਰਨ ਲਈ ਪਹਿਲਾਂ ਉਹਨਾਂ ਦੇ ਸਾਬਕਾ ਸਾਂਢੂ ਅਤੇ ਵਿਰਸਾ ਸਿੰਘ ਵਲਟੋਹਾ ਪਾਸੋਂ ਤੇ ਆਈ.ਟੀ. ਸੈੱਲ ਰਾਹੀਂ ਕਿਰਦਾਰਕੁਸ਼ੀ ਕਰਵਾਈ ਗਈ, ਤੇ ਹੁਣ ਬਾਦਲਕਿਆਂ ਨੇ ਜਥੇਦਾਰ ਹਰਪ੍ਰੀਤ ਸਿੰਘ ਨੂੰ ਜਥੇਦਾਰੀ ਤੋਂ ਪਾਸੇ ਕਰਕੇ ਗਿਆਨੀ ਰਘਬੀਰ ਸਿੰਘ ਨੂੰ ਵੀ ਸੁਨੇਹਾ ਦਿੱਤਾ ਕਿ ਜੇਕਰ ਤੂੰ ਆਪਣੇ ਫੈਸਲੇ ਉੱਤੇ ਅੜਿਆ ਰਿਹਾ ਤਾਂ ਤੇਰੇ ਨਾਲ ਵੀ ਗਿਆਨੀ ਹਰਪ੍ਰੀਤ ਸਿੰਘ ਵਾਲੀ ਕੀਤੀ ਜਾਵੇਗੀ। ਬਾਦਲ ਦਲੀਏ ਤਖ਼ਤਾਂ ਦੇ ਜਥੇਦਾਰਾਂ ਨੂੰ ਤਨਖਾਹਦਾਰ ਮੁਲਾਜ਼ਮਾਂ ਅਤੇ ਸੀਰੀ-ਨੌਕਰਾ ਵਾਂਗ ਹੀ ਵਰਤਣਾ ਚਾਹੁੰਦੇ ਹਨ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਅੱਜ ਗਿਆਨੀ ਹਰਪ੍ਰੀਤ ਸਿੰਘ ਤੋਂ ਜਥੇਦਾਰੀ ਖੋਹ ਕੇ ਬਾਦਲ ਦਲ ਨੇ ਆਪਣੇ ਲਈ ਇੱਕ ਹੋਰ ਟੋਆ ਪੁੱਟ ਲਿਆ ਹੈ ਜਿਸ ਵਿੱਚ ਸਮੁੱਚਾ ਬਾਦਲ ਦਲ ਗਰਕ ਹੋ ਜਾਵੇਗਾ। ਬਾਦਲ ਦਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਦੇ ਰਿਹਾ ਹੈ, ਬਾਦਲਕੇ ਅਜੇ ਵੀ ਸੁਧਰੇ ਨਹੀਂ ਤੇ ਉਹ ਪਹਿਲਾਂ ਵਾਂਗ ਹੀ ਪੰਥਕ ਸਿਧਾਂਤਾਂ ਦਾ ਘਾਣ ਕਰਨਗੇ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਨੂੰ ਜਥੇਦਾਰੀ ਤੋਂ ਲਾਹੁਣ ਦੀ ਬਜਾਏ ਅੰਤ੍ਰਿੰਗ ਕਮੇਟੀ ਨੂੰ ਚਾਹੀਦਾ ਸੀ ਕਿ ਉਹ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਤੋਂ ਲਾਹੁੰਦੇ ਜੋ ਕੁਝ ਦਿਨ ਪਹਿਲਾਂ ਹੀ ਸ਼੍ਰੋਮਣੀ ਕਮੇਟੀ ਦੀ ਹੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੂੰ ਗਾਲ੍ਹਾਂ ਕੱਢ ਰਿਹਾ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਦੋ ਦਸੰਬਰ ਨੂੰ ਹੋਏ ਫੈਸਲੇ ਅਨੁਸਾਰ ਬਾਦਲ ਦਲ ਨੇ ਅਜੇ ਤੱਕ ਸੁਖਬੀਰ ਬਾਦਲ ਦਾ ਅਸਤੀਫਾ ਪ੍ਰਵਾਨ ਨਹੀਂ ਕੀਤਾ, ਨਾ ਹੀ ਨਵੀਂ ਬਣਾਈ ਗਈ ਸੱਤ ਮੈਂਬਰੀ ਕਮੇਟੀ ਨੂੰ ਮੰਨਿਆ ਹੈ, ਉਲਟਾ ਬਾਦਲ ਦਲ ਦੇ ਆਗੂ ਮਹੇਸ਼ਿੰਦਰ ਸਿੰਘ ਗਰੇਵਾਲ ਵੱਲੋਂ ਸੱਤ ਮੈਂਬਰੀ ਕਮੇਟੀ ਦੀ ਮੈਂਬਰ ਬੀਬਾ ਸਤਵੰਤ ਕੌਰ (ਸਪੁੱਤਰੀ ਸ਼ਹੀਦ ਭਾਈ ਅਮਰੀਕ ਸਿੰਘ ਜੀ) ਵਿਰੁੱਧ ਵੀ ਬਿਆਨਬਾਜ਼ੀ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਵਿਰੁੱਧ ਦੋਸ਼ ਲਗਾ ਕੇ ਜੋ ਤਿੰਨ ਮੈਂਬਰੀ ਕਮੇਟੀ ਬਣਾਈ ਗਈ ਹੈ, ਪਹਿਲਾਂ ਤਾਂ ਇਸ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਜਦੋਂ ਬਰਗਾੜੀ ਤੇ ਬਹਿਬਲ ਕਾਂਡ ਵਾਪਰੇ ਉਦੋਂ ਇਹ ਜਾਂਚ ਕਮੇਟੀਆਂ ਕਿੱਥੇ ਸਨ, ਸਗੋਂ ਇਹ ਸਾਰੇ ਉਹਨਾਂ ਵਿੱਚ ਦੋਸ਼ੀ ਹਨ। ਉਹਨਾਂ ਕਿਹਾ ਕਿ ਕੀ ਬਾਦਲ ਦਲ ਨੇ ਗਿਆਨੀ ਹਰਪ੍ਰੀਤ ਸਿੰਘ ਨੂੰ ਜਦੋਂ ਜਥੇਦਾਰ ਲਾਇਆ ਸੀ ਤਾਂ ਉਦੋਂ ਇਹਨਾਂ ਦੀਆਂ ਪਹਿਲਾਂ ਬਣੀਆਂ ਜਾਂਚ ਕਮੇਟੀਆਂ ਅਤੇ ਪੜਤਾਲਾਂ ਵਿੱਚ ਕੀ ਉਹ ਦੋਸ਼ੀ ਸਨ ? ਪਰ ਹੁਣ ਜਦੋਂ ਦੋ ਦਸੰਬਰ ਵਾਲੇ ਫੈਸਲੇ 'ਚ ਜਥੇਦਾਰ ਹਰਪ੍ਰੀਤ ਸਿੰਘ ਨੇ ਅਹਿਮ ਭੂਮਿਕਾ ਨਿਭਾਈ ਤਾਂ ਬਾਦਲ ਦਲ ਵੱਲੋਂ ਉਹਨਾਂ ਵਿਰੁੱਧ ਦੂਸ਼ਣਬਾਜ਼ੀ ਕਰਵਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਜਥੇਦਾਰ ਰਘਬੀਰ ਸਿੰਘ ਨੂੰ ਪਹਿਲਾਂ ਹੀ ਬਾਦਲਕੇ ਝੁਕਾ ਚੁੱਕੇ ਹਨ ਉਹਨਾਂ ਪਾਸੋਂ ਅਸਤੀਫਿਆਂ ਦਾ ਸਮਾਂ ਵਧਾਇਆ ਗਿਆ। ਉਹਨਾਂ ਕਿਹਾ ਕਿ ਜੇ ਹੁਣ ਅੱਗੇ ਵੀ ਜਥੇਦਾਰ ਰਘਬੀਰ ਸਿੰਘ ਕੋਈ ਕਮਜ਼ੋਰੀ ਜਾਂ ਨਰਮਾਈ ਵਿਖਾ ਜਾਂਦੇ ਹਨ ਤਾਂ ਉਨ੍ਹਾਂ ਦਾ ਹਾਲ ਵੀ ਬਾਦਲਕੇ ਸਾਬਕਾ ਜਥੇਦਾਰ ਗੁਰਬਚਨ ਸਿੰਘ ਵਾਲਾ ਕਰਵਾ ਦੇਣਗੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ ॥੨॥
ਪਰਮ ਸਤਿਕਾਰ ਯੋਗ ਗੁਰੂ ਪਿਆਰੀ ਸਾਧ ਸੰਗਤ ਜੀ, ਸਨਿਮਰ ਬੇਨਤੀ ਹੈ ਕਿ ਦਮਦਮੀ ਟਕਸਾਲ ਦੇ ਮੁਖੀ ਨਾਮ ਬਾਣੀ ਦੇ ਰਸੀਏ
ਉੱਚੇ- ਸੁੱਚੇ ਜੀਵਨ ਦੇ ਧਾਰਨੀ, ਤਿਆਗ ਬੈਰਾਗ ਦੀ ਮੂਰਤਿ ਅਤੇ ਮਹਾਨ ਪਰਉਪਕਾਰੀ
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ
ਦੀ 20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰੂ ਅਰਜਨ ਦੇਵ ਗੁਰਦੁਆਰਾ, ਸਟੈਨਹੋਪ ਸਟਰੀਟ, ਡਰਬੀ DE23 6QJ ਵਿਖੇ
ਮਿਤੀ 27 ਦਸੰਬਰ 2024 ਤੋਂ 29 ਦਸੰਬਰ 2024 ਨੂੰ ਮਨਾਈ ਜਾ ਰਹੀ ਹੈ।
ਸੱਚਖੰਡ ਵਾਸੀ ਮਹਾਂਪੁਰਖ ਬਾਬਾ ਠਾਕੁਰ ਸਿੰਘ ਜੀ ਖਾਲਸਾ
ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਕਥਾ ਵਾਚਕ ਅਤੇ ਢਾਡੀ ਜੱਥੇ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।
ਪ੍ਰੋਗਰਾਮਾਂ ਦਾ ਵੇਰਵਾ
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁੱਕਰਵਾਰ ਸਵੇਰੇ 9:30 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਉਪਰੰਤ ਭਾਰੀ ਦੀਵਾਨ ਸੱਜਣਗੇ
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਲਾਹਾ ਪ੍ਰਾਪਤ ਕਰੋ ਜੀ
ਗੁਰੂ ਪੰਥ ਦੇ ਦਾਸ : ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂਹ ਸਾਧ ਸੰਗਤ ਡਰਬੀ
ਵਿਸ਼ੇਸ਼ ਸਹਿਯੋਗ : ਗੁਰੂ ਅਰਜਨ ਦੇਵ ਗੁਰਦੁਆਰਾ ਪ੍ਰਬੰਧਕ ਕਮੇਟੀ (07916253241, 01332-776872)




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫ਼ਤਿਹ॥
ਚਾਰ ਸਾਹਿਬਜ਼ਾਦੇ, ਮਾਤਾ ਗੁਜਰੀ ਜੀ ਅਤੇ ਸਮੂਹ ਸ਼ਹੀਦਾਂ ਸਿੰਘਾਂ-ਸਿੰਘਣੀਆਂ ਦੀ ਯਾਦ ਨੂੰ ਸਮਰਪਿਤ
ਸਲਾਨਾ ਮਹਾਨ ਗੁਰਮਤਿ ਸਮਾਗਮ
ਮਿਤੀ 21, 22, 23 ਦਸੰਬਰ 2024
ਦਿਨ ਸ਼ਨੀਵਾਰ, ਐਤਵਾਰ ਅਤੇ ਸੋਮਵਾਰ ਨੂੰ (ਰੋਜ਼ਾਨਾ ਸ਼ਾਮ 4 ਵਜੇ ਤੋਂ ਰਾਤ 11 ਵਜੇ ਤੱਕ)
ਪਿੰਡ ਰਸੂਲਪੁਰ ਕਲਾਂ, ਅੱਡਾ ਤੱਡੂਆਣਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ
ਗਿਆਨੀ ਹਰਪ੍ਰੀਤ ਸਿੰਘ ਜੀ ਵਡਾਲਾ
ਕਥਾਵਾਚਕ ਗੁ: ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ
ਬਾਬਾ ਚਰਨਜੀਤ ਸਿੰਘ ਜੱਸੋਵਾਲ
ਕਥਾਵਾਚਕ
ਭਾਈ ਅਮਰਜੀਤ ਸਿੰਘ ਜੀ
ਗਾਲਿਬ ਖੁਰਦ ਵਾਲੇ
ਭਾਈ ਸਿਮਰਨਜੀਤ ਸਿੰਘ ਜੀ ਪਰਵਾਨਾ
ਕਵੀਸ਼ਰੀ ਜਥਾ
ਭਾਈ ਬਿੰਦਰ ਸਿੰਘ ਜੀ
ਹਜ਼ੂਰੀ ਰਾਗੀ ਤਖਤ ਸ੍ਰੀ ਦਮਦਮਾ ਸਾਹਿਬ ਜੀ
ਬੀਬੀ ਬੇਅੰਤ ਕੌਰ ਜੀ ਖਾਲਸਾ
ਢਾਡੀ ਜਥਾ
ਭਾਈ ਸੁਖਦੇਵ ਸਿੰਘ ਜੀ ਡੱਲਾ
ਕਥਾਵਾਚਕ
ਭਾਈ ਗੁਰਸੇਵਕਜੀਤ ਸਿੰਘ ਜੀ ਕਲਾਨੌਰ ਵਾਲੇ
ਢਾਡੀ ਜਥਾ
ਭਾਈ ਕੁਲਵਿੰਦਰ ਸਿੰਘ ਜੀ ਮਾਹਲ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
ਗਿ. ਗੁਰਕੀਰਤ ਸਿੰਘ ਜੀ (ਡਬਲ) M.A
ਸ੍ਰੀ ਤਰਨ ਤਾਰਨ ਸਾਹਿਬ - ਕਵੀਸ਼ਰੀ ਜਥਾ
ਭਾਈ ਅੰਮ੍ਰਿਤਪਾਲ ਸਿੰਘ ਜੀ
ਕੀਰਤਨੀ ਜਥਾ
ਭਾਈ ਇਕਬਾਲ ਸਿੰਘ ਜੀ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
LIVE ON Mannat TV
HAPPY
ਨੋਟ: ਗੁਰਬਾਣੀ ਸੁਣਾਉਣ ਵਾਲੇ ਬੱਚਿਆਂ ਦਾ ਸਨਮਾਨ ਕੀਤਾ ਜਾਵੇਗਾ।
ਸਰਬੱਤ ਸੰਗਤ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਹਾਜ਼ਰੀਆਂ ਭਰੋ ਅਤੇ ਗੁਰੂ ਘਰ ਦੀਆਂ ਖੁਸ਼ੀਆ ਪ੍ਰਾਪਤ ਕਰੋ ਜੀ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਵੱਲੋਂ: ਗੁਰਦੁਆਰਾ ਬਾਬਾ ਗੁਰਬਖਸ਼ ਸਾਹਿਬ ਜੀ, ਪਿੰਡ ਰਸੂਲਪੁਰ ਕਲਾਂ ਇਲਾਕਾ ਨਿਵਾਸੀ ਅਤੇ ਸਮੂਹ ਸਾਧ ਸੰਗਤ।
ਸੰਪਰਕ ਕਰੋ: 94640-25066, 98763-16195, 98145-51701
Amar Art STUDIO

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ। - ਸਿਮਰਨਜੀਤ ਸਿੰਘ




**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••




**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••




**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••




**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••




**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••




**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••




**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••




**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ
AWAZE QAUM
International Newspaper & WEB TV

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

## ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 10 ਫਰਵਰੀ 2025 ਤੋਂ 20 ਫਰਵਰੀ 2025 ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 10 ਫਰਵਰੀ, 2025 ਨੂੰ ਸ਼ੁਰੂ ਹੋਵੇਗੀ ਤੇ ਇੱਥੇ 20 ਫਰਵਰੀ, 2025 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਬਰੇਕਫਾਸਟ ਅਤੇ ਡਿਨਰ ਸ਼ਾਮਲ
- ਲਗਜਰੀ ਏ. ਸੀ. ਟਰਾਂਸਪੋਰਟੇਸ਼ਨ।
- ਚੰਡੀਗੜ੍ਹ ਤੋਂ ਹੈਦਰਾਬਾਦ ਅਤੇ ਵਾਪਸੀ 'ਤੇ ਹੈਦਰਾਬਾਦ ਤੋਂ ਚੰਡੀਗੜ੍ਹ ਦਾ ਸਫਰ ਹਵਾਈ ਜਹਾਜ਼ ਰਾਹੀਂ।
- ਹਰ ਧਾਰਮਿਕ ਅਤੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣ ਲਈ ਗਾਈਡ ਨਾਲ ਹੋਣਗੇ।

**ਇੰਡੀਆਂ ਵਿਚ ਜੁਆਇਨ ਕਰਨ ਵਾਲਿਆਂ ਲਈ ਕੇਵਲ 1190 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

**ਯੂ ਕੇ ਤੋਂ ਅੰਤਰਰਾਸ਼ਟਰੀ ਹਵਾਈ ਸਫ਼ਰ ਸਮੇਤ 1890 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

ਬੁੱਕ ਕਰਨ ਦੇ ਲਈ 600 ਪਾਉਂਡ ਐਡਵਾਂਸ ਦੇ ਤੌਰ ਤੇ ਜਮਾ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

**ਅਕਾਊਂਟ ਨੰਬਰ ਤੇ ਡਿਟੇਲ**

**Account Name: RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**ਸੰਪਰਕ ਨੰ. :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।**

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ

# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 10 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੁ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 11 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 12 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਨ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 13 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 14 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 15 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਬਿ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 16 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 17 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੋਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 18 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 19 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜ਼ੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 20 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਿਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

ਆਵਾਜ਼ਿ ਕੌਮ
AWAZE QAUM

# AWAZE QAUM TOURS & TRAVELS

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

## ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

## Trip Package Includes

Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

Account Name: RAGHBIR SINGH
Bank Name : HALIFAX
Sort Code : 11-08-07
Account No. : 00516474

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**Program is subject to change without Prior Notice.**

ਆਵਾਜ਼ਿ ਕੌਮ
AWAZE QAUM

## JOURNEY OF A LIFE TIME
## PANJ TAKHT YATRA
### 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ
AWAZE QAUM

### 10th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

## ੴ ਸਤਿਗੁਰੂ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਭੋਗ ਅਤੇ ਅੰਤਿਮ ਅਰਦਾਸ



ਆਵਾਜ਼ਿ ਕੌਮ AWAZE QAUM International Newspaper & WEB TV

ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

## ਸ.ਮਹਿੰਦਰ ਸਿੰਘ ਨੰਬਰਦਾਰ

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 11-12-24 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

## ਸ਼੍ਰੀ ਸਹਿਜ ਪਾਠ ਦੇ ਭੋਗ

**ਮਿਤੀ 20-12-24 ਸ਼ੁੱਕਰਵਾਰ ਦਿਨ ਨੂੰ**

**ਪਿੰਡ ਕਾਲੇ ਘਣੂਪੁਰ, ਡੇਰਾ ਬਾਬਾ ਦਰਸ਼ਨ ਸਿੰਘ ਕੁੱਲੀ ਵਾਲੇ, ਰਾਮ ਤੀਰਥ ਰੋਡ ਅੰਮ੍ਰਿਤਸਰ**

ਸਮਾਂ 11:00 ਤੋਂ 1:00 ਵਜੇ ਤੱਕ ਪਵੇਗਾ।

ਕਾਰਡ ਬਣਾਉਣ ਲਈ Play Store ਤੋਂ ਸਾਡੀ ਐਪ ਡਾਊਨਲੋਡ ਕਰੋ
Punjabi Blog Card Maker

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਅਮਰਜੀਤ ਕੌਰ(ਪਤਨੀ)**
**ਰਣਜੀਤ ਸਿੰਘ ਨੰਬਰਦਾਰ( ਪੁੱਤਰ)**
**ਹਰਭਾਗ ਸਿੰਘ ਸੁਪਾਰੀਵਿੰਡ (ਭਰਾ)**
**ਸਮੂਹ ਸੰਧੂ ਪਰਿਵਾਰ 84340-60000**

**ਮਨਪ੍ਰੀਤ ਸਿੰਘ ਸੰਧੂ ਕੈਨੇਡਾ (ਪੋਤਰਾ)**
**ਹਰਮਨਪਾਲ ਸਿੰਘ ਸੰਧੂ ਕੈਨੇਡਾ (ਪੋਤਰਾ)**
**ਜਗਮੀਤ ਸਿੰਘ ਬਾਠ ਕੈਨੇਡਾ (ਦੋਹਤਾ)**
**ਮਨਜੋਤ ਸਿੰਘ ਹੁੰਦਲ ਕੈਨੇਡਾ (ਦੋਹਤਾ)**

**ਨੋਟ- ਵੱਖਰੇ ਕਾਰਡ ਨਹੀਂ ਭੇਜੇ ਜਾ ਰਹੇ।**


ੴ ਸਤਿਗੁਰ ਪ੍ਰਸਾਦਿ
ਵੱਡੇ ਸਾਹਿਬਜ਼ਾਦੇ ਧੰਨ ਧੰਨ ਬਾਬਾ ਅਜੀਤ ਸਿੰਘ ਜੀ ਅਤੇ ਧੰਨ ਧੰਨ ਬਾਬਾ ਜੁਝਾਰ ਸਿੰਘ ਜੀ
ਸਮੂਹ ਚਮਕੌਰ ਸਾਹਿਬ ਜੀ ਦੇ ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਮਹਾਨ ਗੁਰਮਤਿ ਸਮਾਗਮ
ਗੁਰਦੁਆਰਾ ਅੰਮ੍ਰਿਤ ਸੰਚਾਰ 1958
ਪਿੰਡ ਜੇਠੂਵਾਲ ਵਿਖੇ
ਮਿਤੀ 18 ਤੋਂ 20 ਦਸੰਬਰ ਤੱਕ ਕਰਵਾਇਆ ਜਾ ਰਿਹਾ ਹੈ। ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਗੁਰੂ ਘਰ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਜੀ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ
20-12-2024 ਨੂੰ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ
ਸਮਸ਼ੇਰ ਸਿੰਘ ਜੇਠੂਵਾਲ ਸਟੇਜ ਸੈਕਟਰੀ
ਢਾਡੀ ਜਥਾ ਭਾਈ ਰੂਪ ਸਿੰਘ ਸੋਹਲ 18 ਦਸੰਬਰ, ਸ਼ਾਮ 7:00 ਵਜੇ ਤੋਂ 8:30 ਵਜੇ ਤੱਕ
ਗਿਆਨੀ ਗੁਰਵਿੰਦਰ ਸਿੰਘ ਜੀ ਕਥਾਵਾਚਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 18 ਦਸੰਬਰ, ਸ਼ਾਮ 8:30 ਤੋਂ 9:30 ਵਜੇ ਤੱਕ
ਢਾਡੀ ਜਥਾ ਭਾਈ ਮਨਜੀਤ ਸਿੰਘ ਜੀ ਡੇਰਾ ਬਾਬਾ ਨਾਨਕ 19 ਦਸੰਬਰ, ਸ਼ਾਮ 7:00 ਤੋਂ 8:30 ਵਜੇ ਤੱਕ
ਗਿਆਨੀ ਸਤਵੰਤ ਸਿੰਘ ਜੀ ਕਥਾਵਾਚਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 19 ਦਸੰਬਰ, ਸ਼ਾਮ 8:30 ਵਜੇ ਤੋਂ 9:30 ਵਜੇ ਤੱਕ
ਗਿਆਨੀ ਕੇਵਲ ਸਿੰਘ ਕੋਮਲ ਢਾਡੀ ਜਥਾ 20 ਦਸੰਬਰ, ਸਮਾਂ : 11:00 ਤੋਂ 1:00 ਵਜੇ ਤੱਕ
ਬਾਬਾ ਅਮਰੀਕ ਸਿੰਘ ਜੀ ਮੁੱਖ ਸੇਵਾਦਾਰ ਮੋ: 99880-36160
ਵੱਲੋਂ :- ਭੋਲੇਕੇ ਟਰਾਂਸਪੋਰਟ (ਅਸਟ੍ਰੇਲੀਆ)


ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ॥
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ
20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ
ਸੱਚਖੰਡ ਵਾਸੀ ਮਹਾਂਪੁਰਖ ਬਾਬਾ ਠਾਕੁਰ ਸਿੰਘ ਜੀ
ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ ਵਿਖੇ ਬਹੁਤ ਸ਼ਰਧਾਂ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਿਸ ਵਿਚ ਪੰਥ ਦੇ ਮਹਾਨ ਸੰਤ ਮਹਾਂਪੁਰਖ, ਰਾਗੀ, ਕਥਾਵਾਚਕ ਅਤੇ ਢਾਡੀ - ਕਵੀਸ਼ਰ ਪਹੁੰਚ ਰਹੇ ਹਨ। ਸੰਗਤਾਂ ਦੇ ਚਰਨਾਂ ਵਿਚ ਬੇਨਤੀ ਹੈ ਕਿ ਸਮਾਗਮ ਵਿਚ ਤਿੰਨੇ ਦਿਨ ਹਾਜ਼ਰੀਆਂ ਭਰ ਕੇ ਗੁਰੂ ਜਸ ਸਰਵਣ ਕਰਕੇ ਆਪਣਾ ਜੀਵਨ ਸਫਲਾ ਕਰੋ ਜੀ।
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁਕਰਵਾਰ ਸਵੇਰੇ 9:30 ਵਜੇ, ਭੋਗ ਸ੍ਰੀ ਅਖੰਡ ਪਾਠ ਸਾਹਿਬ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਨੋਟ:- 27 ਅਤੇ 28 ਦਸਬੰਰ ਰਾਤ ਨੂੰ ਭਾਰੀ ਦੀਵਾਨ ਸੱਜਣਗੇ। ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜੱਥੇ ਅਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਕਥਾ ਨਾਲ ਨਿਹਾਲ ਕਰਨਗੇ।
ਗੁਰੂ ਪੰਥ ਦੇ ਦਾਸ-ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂੰਹ ਸਾਧਸੰਗਤ ਡਰਬੀ
ਸਥਾਨ- ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ DE23 6QJ-07916253241


ਸਿਰ ਜਾਵੇ ਨਾ ਜਾਵੇ ਸਾਡਾ ਸਿੱਖੀ ਸਿਦਕ ਨਾ ਜਾਵੇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਤਿਕਾਰਯੋਗ ਮਾਤਾ ਗੁਜ਼ਰ ਕੌਰ ਜੀ ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ
ਸਫ਼ਰ-ਏ-ਸ਼ਹਾਦਤ
21 ਦਸੰਬਰ ਤੋਂ 29 ਦਸੰਬਰ 2024 ਤੱਕ
ਮਿਤੀ 21 ਦਸੰਬਰ 2024 ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਪੁਰਾਣੀ ਅਨਾਜ ਮੰਡੀ ਕਾਲਾਂਵਾਲੀ ਸਿਰਸਾ
ਮਿਤੀ 22 ਦਸੰਬਰ 2024 ਸਮਾਂ: ਸਾਮ 6 ਤੋਂ 9 ਤੱਕ ਰਾਤ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ
ਮਿਤੀ 23 ਦਸੰਬਰ 2014 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਨਿੰਮ ਸਾਹਿਬ ਕੈਂਥਲ
ਮਿਤੀ 24 ਦਸੰਬਰ 2014 ਸਮਾਂ: ਸ਼ਾਮ 6 ਤੋਂ 9 ਵਜੇ ਤੱਕ ਗੁਰਦੁਆਰਾ ਮੰਜੀ ਸਾਹਿਬ ਜੀਂਦ
ਮਿਤੀ 25 ਦਸੰਬਰ 2024 ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਕਰਨਾਲ
ਮਿਤੀ 26 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ
ਮਿਤੀ 27 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਸਿੰਘ ਸਭਾ ਅਸੰਧ ਕਰਨਾਲ
ਮਿਤੀ 28 ਦਸੰਬਰ 2014 ਸਮਾਂ: ਸ਼ਾਮ 6 ਤੋਂ 9 ਵਜੇ ਤੱਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ
ਮਿਤੀ 29 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਪੰਜੋਖੜਾ ਸਾਹਿਬ ਪਾਤਸ਼ਾਹੀ ਅੱਠਵੀਂ ਅੰਬਾਲਾ
LIVE US ON
Akaal
WORLD ਪੰਜਾਬੀ
CHARDIKLA TIME TV
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸਰਬੱਤ ਸੰਗਤਾਂ ਹੁੰਮ ਹੁਮਾ ਕੇ ਪੁੱਜੋ ਜੀ ਅਤੇ ਗੁਰਬਾਣੀ ਗੁਰਇਤਿਹਾਸ
ਸਰਵਣ ਕਰਕੇ ਆਪਣੀ ਵਿਰਾਸਤ ਨਾਲ ਜੁੜੋ ਜੀ
ਸੰਪਰਕ ਨੰ: 86995-42966, 93560-60960
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਬੇਨਤੀ ਕਰਤਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਾਧਸੰਗਤ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ HSGMC ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ


ਸਿਰ ਜਾਵੇ ਤਾਂ ਜਾਵੇ ਸਾਡਾ ਸਿੱਖੀ ਸਿਦਕ ਨਾ ਜਾਵੇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਤਿਕਾਰਯੋਗ ਮਾਤਾ ਗੁਜ਼ਰ ਕੌਰ ਜੀ ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ
ਸਫ਼ਰ-ਏ-ਸ਼ਹਾਦਤ
ਮਿਤੀ 21 ਦਸੰਬਰ 2024
ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ
ਸਥਾਨ:
ਪੁਰਾਣੀ ਅਨਾਜ ਮੰਡੀ ਕਾਲਾਂਵਾਲੀ ਸਿਰਸਾ
LIVE US ON
Akaal
WORLD ਪੰਜਾਬੀ
CHARDIKLA TIME TV
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸਰਬੱਤ ਸੰਗਤਾਂ ਹੁੰਮ ਹੁਮਾ ਕੇ ਪੁੱਜੋ ਜੀ ਅਤੇ ਗੁਰਬਾਣੀ ਗੁਰਇਤਿਹਾਸ
ਸਰਵਣ ਕਰਕੇ ਆਪਣੀ ਵਿਰਾਸਤ ਨਾਲ ਜੁੜੋ ਜੀ
ਸੰਪਰਕ ਨੰ: 86995-42966, 93560-60960
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਬੇਨਤੀ ਕਰਤਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਾਧਸੰਗਤ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ HSGMC ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਜਥੇਦਾਰ ਦਾਦੂਵਾਲ ਨੇ

# ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਨਵੇਂ ਅਹੁਦੇਦਾਰਾਂ ਦਾ ਕੀਤਾ ਐਲਾਨ

ਕਾਲਾਂਵਾਲੀ, 19 ਦਸੰਬਰ (ਗੁਰਜੰਟ ਸਿੰਘ ਨਥੇਹਾ)- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲੜਨ ਅਤੇ ਸਿੱਖ ਮਸਲਿਆਂ ਦੇ ਹੱਲ ਲਈ ਹਰਿਆਣੇ ਦੀਆਂ ਸਿੱਖ ਸੰਗਤਾਂ ਵੱਲੋਂ ਬਣਾਈ ਧਾਰਮਿਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੱਜ ਧਰਮ ਨਗਰੀ ਕੁਰੂਕਸ਼ੇਤਰ ਗੁਰਦੁਆਰਾ ਸਾਹਿਬ ਪਾਤਸ਼ਾਹੀ 6ਵੀਂ ਵਿਖੇ ਪੰਥਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਨਵੇਂ ਅਹੁਦੇਦਾਰਾਂ ਦਾ ਐਲਾਨ ਕੀਤਾ। ਜਥੇਦਾਰ ਦਾਦੂਵਾਲ ਦੇ ਸਹਾਇਕ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ 13 ਦਸੰਬਰ 2024 ਨੂੰ ਪੰਜ ਪਿਆਰੇ ਪੰਜ ਸਿੰਘਾਂ ਵਲੋਂ ਸਿੱਖ ਸੰਗਤਾਂ ਸੰਤ ਮਹਾਂਪੁਰਸ਼ਾਂ ਪੰਥਕ ਸ਼ਖਸੀਅਤਾਂ ਦਾ ਰਾਏ ਮਸ਼ਵਰਾ ਇਕੱਤਰ ਕਰਕੇ ਸਰਬਸੰਮਤੀ ਨਾਲ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦਾ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਥਾਪਿਆ ਗਿਆ ਸੀ। ਜਥੇਦਾਰ ਦਾਦੂਵਾਲ ਨੇ ਅੱਜ ਪੰਥਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਅਜ਼ਾਦ ਦੇ ਨਵੇਂ ਅਹੁਦੇਦਾਰਾਂ ਦਾ ਐਲਾਨ ਕੀਤਾ ਹੈ ਜਿਨਾਂ ਵਿੱਚ ਸੀਨੀਅਰ ਮੀਤ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ, ਮੀਤ ਪ੍ਰਧਾਨ ਸਰਦਾਰ ਸਵਰਨ ਸਿੰਘ ਰਤੀਆ, ਸ. ਸੁਦਰਸ਼ਨ ਸਿੰਘ ਸਹਿਗਲ ਅੰਬਾਲਾ, ਸ. ਹਰਪਾਲ ਸਿੰਘ ਕੰਬੋਜ ਅੰਬਾਲਾ, ਸ. ਅਜੈਬ ਸਿੰਘ ਨਿੰਮਨਾਬਾਦ, ਇੱਕ ਸਕੱਤਰ ਜਰਨਲ ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ, ਜਰਨਲ ਸਕੱਤਰ ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਪੰਚਕੂਲਾ, ਜਥੇਦਾਰ ਮਲਕੀਤ ਸਿੰਘ ਪੰਨੀਵਾਲਾ ਸਿਰਸਾ, ਸ. ਸਤਿੰਦਰ ਸਿੰਘ ਮੰਟਾ ਰਸੀਦਾਂ, ਸ. ਗੁਰਪ੍ਰਸਾਦ ਸਿੰਘ ਫਰੀਦਾਬਾਦ, ਸੈਕਟਰੀ ਸ. ਜਗਮੀਤ ਸਿੰਘ ਬਰਾੜ, ਸਪੋਕਸਮੈਨ ਸ. ਗੁਰਮੀਤ ਸਿੰਘ ਮੀਤਾ ਪਿੰਜੌਰ, ਸ. ਦਵਿੰਦਰ ਸਿੰਘ ਹਾਬੜੀ ਕੈਂਥਲ, ਇਸਤਰੀ ਵਿੰਗ ਪ੍ਰਧਾਨ ਬੀਬੀ ਬਲਜਿੰਦਰ ਕੌਰ ਕੈਂਥਲ, ਬੀਬੀ ਪਰਮਿੰਦਰ ਕੌਰ ਜੀਂਦ, ਬੀਬੀ ਗਗਨਦੀਪ ਕੌਰ ਗੁੜਗਾਂਉ, ਬੀਬੀ ਕੈਲਾਸ਼ ਕੌਰ ਬਰਾੜਾ ਅੰਬਾਲਾ, ਬੀਬੀ ਅੰਮ੍ਰਿਤ ਕੌਰ ਚੀਕਾ, ਖਜਾਨਚੀ ਜਥੇਦਾਰ ਉਮਰਾਓ ਸਿੰਘ ਛੀਨਾ ਨੂੰ ਨਿਯੁਕਤ ਕੀਤਾ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਬਾਕੀ ਅਹੁਦੇਦਾਰ ਅਤੇ ਜਿਲਾ ਜਥੇਦਾਰਾਂ ਦਾ ਐਲਾਨ ਜਲਦੀ ਕੀਤਾ ਜਾਵੇਗਾ ਉਨਾਂ ਕਿਹਾ ਕੇ ਅੱਜ ਕੁਰੂਕਸ਼ੇਤਰ ਵਿਖੇ ਹੋਈ ਸਿੱਖ ਸੰਸਥਾਵਾਂ ਮਹਾਂਪੁਰਸ਼ਾਂ ਦੀ ਮੀਟਿੰਗ ਤੋਂ ਬਾਅਦ 24 ਤਾਰੀਖ ਨੂੰ ਜੋ ਮੁੜ ਕੁਰੂਕਸ਼ੇਤਰ ਵਿਖੇ ਪੰਥਕ ਏਕਤਾ ਲਈ ਮੀਟਿੰਗ ਰੱਖੀ ਗਈ ਹੈ। ਉਸ ਦਿਨ ਤੱਕ ਅਸੀਂ ਆਪਣੇ 40 ਉਮੀਦਵਾਰਾਂ ਦੇ ਨਾਮ ਐਲਾਨ ਨਹੀਂ ਕਰਾਂਗੇ।



ਆਵਾਜ਼ਿ ਕੌਮ AWAZE QAUM International Newspaper & WEB TV

### ਬਿਜ਼ਨਸ ਸਟੱਡੀਜ਼ ਵਿਭਾਗ ਤਲਵੰਡੀ ਸਾਬੋ ਵੱਲੋਂ

# ਵਿਦਿਆਰਥੀਆਂ ਦਾ ਲਗਵਾਇਆ ਵਿਦਿਅਕ ਟੂਰ




**ਤਲਵੰਡੀ ਸਾਬੋ, 19 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਵਿਦਿਆਰਥੀਆਂ ਨੂੰ ਭਾਰਤ ਦੇ ਸੰਗਠਿਤ ਪ੍ਰਚੂਨ ਖੇਤਰ ਬਾਰੇ ਜਾਣੂ ਕਰਵਾਉਣ ਲਈ ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀ ਵਿਭਾਗ ਵਲੋਂ ਇੱਕ ਵਿਦਿਅਕ ਟੂਰ 'ਤੇ ਲਿਜਾਇਆ ਗਿਆ। ਭਾਰਤ ਦਾ ਪ੍ਰਚੂਨ ਵਪਾਰ ਦੇਸ਼ ਦੀ ਆਰਥਿਕਤਾ ਦੇ ਥੰਮ੍ਹਾਂ ਵਿੱਚੋਂ ਇੱਕ ਹੈ ਜਿਸ ਦੀ ਹਿੱਸੇਦਾਰੀ ਕੁੱਲ ਘਰੇਲੂ ਪੈਦਾਵਾਰ ਵਿੱਚ ਲਗਭਗ 10 ਪ੍ਰਤੀਸ਼ਤ ਹੈ ਜੋ ਖੇਤੀਬਾੜੀ ਤੋਂ ਬਾਅਦ ਸਭ ਤੋਂ ਵੱਧ ਰੁਜ਼ਗਾਰ ਪ੍ਰਦਾਨ ਕਰਦਾ ਹੈ ਤੇ ਇਹ ਰੁਝਾਨ ਹੋਰ ਵਧ ਰਿਹਾ ਹੈ। ਇਸੇ ਪਹਿਲੂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਭਾਗ ਵੱਲੋਂ ਐਮ.ਬੀ.ਏ, ਐਮ.ਕਾਮ, ਬੀ.ਬੀ.ਏ ਅਤੇ ਬੀ.ਕਾਮ ਦੇ ਵਿਦਿਆਰਥੀਆਂ ਲਈ ਈਟਨਪਲਾਜ਼ਾ ਬਰਨਾਲਾ ਦਾ ਦੌਰਾ ਕੀਤਾ ਗਿਆ ਜਿੱਥੇ ਆਮ ਕੱਪੜਿਆਂ ਅਤੇ ਖੇਡਾਂ ਦੇ ਕੱਪੜਿਆਂ, ਲਗਜ਼ਰੀ ਵਸਤੂਆਂ ਅਤੇ ਖਾਣ-ਪੀਣ ਦੇ ਕਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਬ੍ਰਾਂਡ ਸਟੋਰ ਹਨ। ਵਿਦਿਆਰਥੀਆਂ ਦੇ ਨਾਲ ਵਿਭਾਗ ਦੇ ਫੈਕਲਟੀ ਮੈਂਬਰ ਡਾ. ਦਿਆਲ ਭਟਨਾਗਰ ਅਤੇ ਡਾ. ਸ਼ਸ਼ੀ ਵੀ ਮੌਜੂਦ ਸਨ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਸਟੋਰ ਲੇਆਉਟ, ਉਤਪਾਦਾਂ ਦੀ ਡਿਸਪਲੇਅ, ਪ੍ਰਮੋਸ਼ਨਲ ਸਕੀਮਾਂ, ਸੇਲਜ ਅਤੇ ਸਟੋਰ ਸਟਾਫ ਦੀ ਭੂਮਿਕਾ ਆਦਿ ਦੇ ਨਾਲ ਆਨਸਾਈਟ ਵੱਖ-ਵੱਖ ਪ੍ਰਚੂਨ ਦੁਕਾਨਾਂ ਨਾਲ ਸਬੰਧਤ ਪਹਿਲੂ ਸਿਖਾਏ। ਵਿਭਾਗ ਦੇ ਮੁਖੀ ਡਾ. ਨਰਿੰਦਰ ਕੌਰ ਨੇ ਇਸ ਦੌਰੇ ਦੇ ਆਯੋਜਨ ਅਤੇ ਯੋਜਨਾਬੰਦੀ ਲਈ ਸਟਾਫ਼ ਮੈਂਬਰਾਂ ਖਾਸ ਤੌਰ 'ਤੇ ਡਾ. ਦਿਆਲ ਭਟਨਾਗਰ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਆਸ ਪ੍ਰਗਟ ਕੀਤੀ ਕਿ ਇਹ ਦੌਰਾ ਵਿਦਿਆਰਥੀਆਂ ਲਈ ਆਊਟਲੈਟ ਮੈਨੇਜਮੈਂਟ ਵਿੱਚ ਨੌਕਰੀ ਦੇ ਮੌਕੇ ਵੀ ਪ੍ਰਦਾਨ ਕਰਨ ਦੇ ਮੌਕੇ ਪ੍ਰਦਾਨ ਕਰੇਗਾ। ਵਿਭਾਗ ਦੇ ਬਹੁਤ ਸਾਰੇ ਪਾਸ ਆਊਟ ਵਿਦਿਆਰਥੀ ਪਹਿਲਾਂ ਹੀ ਭਾਰਤ ਅਤੇ ਵਿਦੇਸ਼ਾਂ ਵਿੱਚ ਵੱਖ-ਵੱਖ ਰਿਟੇਲ ਸਟੋਰਾਂ ਵਿੱਚ ਚੰਗੇ ਅਹੁਦਿਆਂ 'ਤੇ ਕੰਮ ਕਰ ਰਹੇ ਹਨ। ਉਹਨਾਂ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਉਣ ਲਈ ਕੈਂਪਸ ਡਾਇਰੈਕਟਰ ਡਾ. ਕਮਲਜੀਤ ਸਿੰਘ ਦੇ ਸਹਿਯੋਗ ਅਤੇ ਮਾਰਗ ਦਰਸ਼ਨ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਕੈਂਪਸ ਡਾਇਰੈਕਟਰ ਨੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਹੋਰ ਉਦਯੋਗਿਕ ਦੌਰੇ ਅਤੇ ਮਾਹਿਰਾਂ ਨਾਲ ਗੱਲਬਾਤ ਕਰਨ ਦੀ ਪ੍ਰਤੀਬੱਧਤਾ ਪ੍ਰਗਟਾਈ। ਵਰਨਣਯੋਗ ਹੈ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਤਲਵੰਡੀ ਸਾਬੋ ਕੈਂਪਸ ਪੰਜਾਬ ਅਤੇ ਨੇੜਲੇ ਰਾਜਾਂ ਦੇ ਪੇਂਡੂ ਖੇਤਰਾਂ ਦੇ ਵਿਦਿਆਰਥੀਆਂ ਨੂੰ ਆਕਰਸ਼ਿਤ ਕਰਦਾ ਹੈ ਅਤੇ ਉਹਨਾਂ ਦੀ ਪ੍ਰਤਿਭਾ ਤਰਾਸ਼ਣ ਵਿੱਚ ਇਸ ਤਰਾਂ ਦੀਆਂ ਗਤੀਵਿਧੀਆਂ ਦੇ ਆਯੋਜਨ ਕਰਨ 'ਚ ਯਤਨਸ਼ੀਲ ਰਹਿੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗ਼ਜ਼ਲਗੋ ਅਮਰਜੀਤ ਸਿੰਘ ਜੀਤ ਨੂੰ ਸਦਮਾ, ਭੈਣ ਦਾ ਦਿਹਾਂਤ, ਸਾਹਿਤਕਾਰ ਸਾਥੀ ਹੋਏ ਦੁੱਖ 'ਚ ਸ਼ਰੀਕ

ਤਲਵੰਡੀ ਸਾਬੋ, 19 ਦਸੰਬਰ (ਗੁਰਜੰਟ ਸਿੰਘ ਨਥੇਹਾ)- ਪਿਛਲੇ ਦਿਨੀ ਬਠਿੰਡਾ ਦੇ ਸਾਹਿਤਕਾਰ ਤੇ ਉੱਘੇ ਗ਼ਜ਼ਲਗੋ ਅਮਰਜੀਤ ਜੀਤ ਸਿੰਘ ਦੇ ਭੈਣ ਜੀ ਜਸਵਿੰਦਰ ਕੌਰ 65 ਦਾ ਦਿਲ ਦਾ ਦੌਰਾ ਪੈਣ ਕਾਰਨ ਦਿਹਾਂਤ ਹੋ ਗਿਆ। ਇਸ ਦੁੱਖ ਦੀ ਘੜੀ ਵਿੱਚ ਸਾਹਿਤ ਜਾਗ੍ਰਿਤੀ ਸਭਾ ਬਠਿੰਡਾ, ਪੰਜਾਬੀ ਸਾਹਿਤ ਸਭਾ ਬਠਿੰਡਾ ਅਤੇ ਸ੍ਰੀ ਦਮਦਮਾ ਸਾਹਿਬ ਸਾਹਿਤ ਸਭਾ ਦੇ ਸਮੁੱਚੇ ਸਾਹਿਤਕਾਰ ਸਾਥੀਆਂ ਨੇ ਸ਼ਰੀਕ ਹੁੰਦਿਆਂ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਅਤੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕਰਦਿਆਂ ਪਿੱਛੇ ਦੁਖੀ ਪਰਿਵਾਰ ਨਾਲ ਹਮਦਰਦੀ ਜ਼ਾਹਿਰ ਕੀਤੀ। ਇਸ ਮੌਕੇ ਜਸਪਾਲ ਜੱਸੀ, ਗੁਰਦੇਵ ਖੋਖਰ, ਅਤਰਜੀਤ ਕਹਾਣੀਕਾਰ, ਜਿਲਾ ਭਾਸ਼ਾ ਅਫਸਰ ਕੀਰਤੀ ਕਿਰਪਾਲ ਸਿੰਘ, ਜਸਪਾਲ ਮਾਨਖੇੜਾ, ਸੁਰਿੰਦਰਪ੍ਰੀਤ ਘਣੀਆ, ਸ਼ੁਖਦਰਸ਼ਨ ਗਰਗ, ਗੁਰਵਿੰਦਰ ਸਿੰਘ ਐਡਵੋਕੇਟ, ਰਣਜੀਤ ਸਿੰਘ ਗੌਰਵ, ਮਾਸਟਰ ਜਗਨ ਨਾਥ, ਕੁਲਦੀਪ ਸਿੰਘ ਬੰਗੀ, ਅਵਤਾਰ ਸਿੰਘ ਬਾਹੀਆ, ਰਾਜਬੀਰ ਕੌਰ, ਰਣਬੀਰ ਰਾਣਾ, ਤਰਸੇਮ ਬੁੱਟਰ, ਤਰਸੇਮ ਬਸ਼ਰ, ਰਮੇਸ਼ ਗਰਗ, ਰਮੇਸ਼ ਸੇਠੀ ਬਾਦਲ, ਹਰਦਰਸ਼ਨ ਸਿੰਘ ਸੋਹਲ, ਜਗਦੀਸ਼ ਬਾਂਸਲ, ਸੁਖਵੀਰ ਕੌਰ ਸਰਾਂ, ਜਗਤਾਰ ਸਿੰਘ ਭੰਗੂ, ਅਮਰ ਸਿੰਘ ਸਿੱਧੂ, ਡਾਕਟਰ ਜਸਪਾਲ ਜੀਤ, ਪ੍ਰਿੰਸੀਪਲ ਜਸਵੀਰ ਸਿੰਘ ਢਿੱਲੋਂ, ਬਲਰਾਜ ਸਿੰਘ, ਮਾਸਟਰ ਰਣਜੀਤ ਸਿੰਘ ਬਰਾੜ, ਸੁਖਮਿੰਦਰ ਸਿੰਘ ਭਾਗੀਵਾਂਦਰ, ਸੁਰਿੰਦਰ ਦਮਦਮੀ, ਗੁਰਸੇਵਕ ਸਿੰਘ ਬੀੜ, ਗੁਰਸੇਵਕ ਸਿੰਘ ਚੁੱਘੇਖੁਰਦ, ਸੇਵਕ ਸਿੰਘ ਸ਼ਮੀਰੀਆ, ਕਰਨੈਲ ਸਿੰਘ ਧਮੂ, ਪ੍ਰੋਫੈਸਰ ਤਰਸੇਮ ਨਰੂਲਾ, ਹਰਦੀਪ ਸਿੰਘ ਤੱਗੜ, ਦਲਜੀਤ ਬੰਗੀ, ਪੋਰਿੰਦਰ ਸਿੰਗਲਾ, ਲੀਲਾ ਸਿੰਘ ਰਾਏ, ਹਰਜਿੰਦਰ ਸਿੰਘ ਪੱਤੜ, ਮਾਸਟਰ ਬਲਦੇਵ ਕ੍ਰਿਸ਼ਨ, ਮੰਗਤ ਕੁਲਜਿੰਦ, ਗੁਰਪ੍ਰੀਤ ਸਿੰਘ ਗਰੇਵਾਲ, ਰੇਸ਼ਮ ਸਿੰਘ ਜੀਵਨ ਸਿੰਘ ਵਾਲਾ, ਗੁਰਤੇਜ ਸਿੰਘ ਖੁਡਾਲ , ਰੂਪ ਚੰਦ ਸ਼ਰਮਾ, ਜਗਸੀਰ ਸਿੰਘ ਤਾਜ਼ੀ, ਗੁਰਜੰਟ ਸਿੰਘ ਸੋਹਲ ਅਤੇ ਹੋਰ ਬਹੁਤ ਸਾਰੇ ਸਾਹਿਤਕਾਰ ਸਾਥੀ ਦੁੱਖ ਵਿਚ ਸ਼ਾਮਿਲ ਹੋਏ।



ਆਵਾਜ਼ਿ ਕੌਮ AWAZE QAUM International Newspaper & WEB TV

### ਭੋਗ 'ਤੇ ਵਿਸ਼ੇਸ਼

# ਸਵ: ਪਰਮਜੀਤ ਕੌਰ ਸਿੱਧੂ (ਕੁਟੀ)

**ਘਲੇ ਆਵਿਹ ਨਾਨਕਾ ਸਦੇ ਉਠੀ ਜਾਹਿ**

ਗੁਰਬਾਣੀ ਦੇ ਮਹਾਂਵਾਕ ਅਨੁਸਾਰ ਸਰਦਾਰਨੀ ਪਰਮਜੀਤ ਕੌਰ ਸਿੱਧੂ ਜੀ ਪਰਮਾਤਮਾ ਦੁਆਰਾ ਬਖਸ਼ੀ ਆਪਣੀ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਇਸ ਫਾਨੀ ਸੰਸਾਰ ਤੋਂ ਮਿਤੀ 11/12/2024 ਨੂੰ ਅਚਾਨਕ ਦਿਲ ਦੀ ਧੜਕਣ ਬੰਦ ਹੋਣ ਕਾਰਨ ਰੁਖ਼ਸਤ ਹੋ ਗਏ ਹਨ। ਪਰਮਾਤਮਾ ਦੇ ਰੰਗਾਂ ਵਿੱਚ ਰੰਗੀ ਇਸ ਨੇਕ ਰੂਹ ਦਾ ਜਨਮ 26/01/1950 ਨੂੰ ਸੁਭਾਗੇ ਦਿਨ ਪਿੰਡ ਕਲਾਹੜ (ਲੁਧਿਆਣਾ) ਵਿਖੇ ਸਾਂਝੇ ਅਤੇ ਖਾਨਦਾਨੀ ਪਰਿਵਾਰ 'ਚ ਮਾਤਾ ਸਰਦਾਰਨੀ ਸੁਰਜੀਤ ਕੌਰ ਪੰਧੇਰ ਜੀ ਦੀ ਸੁਲੱਖਣੀ ਕੁੱਖੋਂ ਤੇ ਪਿਤਾ ਸਰਦਾਰ ਸੰਤੋਖ ਸਿੰਘ ਪੰਧੇਰ ਦੇ ਗ੍ਰਹਿ ਸਥਾਨ ਵਿਖੇ ਹੋਇਆ। ਪਰਿਵਾਰ ਵਿੱਚ ਚਾਰ ਭੈਣਾਂ ਅਤੇ ਦੋ ਭਰਾਵਾਂ ਨੇ ਪੜ੍ਹ-ਲਿਖ ਕੇ ਖਾਨਦਾਨ ਦਾ ਨਾਂ ਰੌਸ਼ਨ ਕੀਤਾ। ਆਪ ਨੇ ਪਿਤਾ ਜੀ ਦੀ ਉਂਗਲ ਫੜ ਕੇ ਨੰਨ੍ਹੇ ਕਦਮਾਂ ਨਾਲ ਤੁਰ ਕੇ ਸਰਕਾਰੀ ਪ੍ਰਾਇਮਰੀ ਸਕੂਲ ਧੂਰੀ ਵਿਖੇ ਪਹਿਲੀ ਜਮਾਤ ਵਿੱਚ ਦਾਖ਼ਲਾ ਲਿਆ ਅਤੇ ਇੱਥੋਂ ਮੁਢਲੀ ਸਿੱਖਿਆ ਹਾਸਿਲ ਕੀਤੀ।ਇਹਨਾਂ ਦੇ ਸਤਿਕਾਰਤ ਤੇ ਕਾਰੋਬਾਰੀ ਪਿਤਾ ਜੀ ਦੇ ਲੁਧਿਆਣਾ ਵਿਖੇ ਧਰਮਿੰਦਰ (ਪ੍ਰਸਿੱਧ ਫ਼ਿਲਮੀ ਸਿਤਾਰੇ) ਫ਼ਿਲਮੀ ਦੁਨੀਆਂ 'ਚ ਆਉਣ ਤੋਂ ਪਹਿਲਾਂ ਲਾਡਲੇ ਸ਼ਾਗਿਰਦ ਸਨ। ਮਾਤਾ ਜੀ ਇਹ ਦਸਦਿਆਂ ਭਾਵੁਕ ਹੋ ਜਾਂਦੇ ਸਨ ਕਿ ਬਾਲ ਉਮਰੇ ਧਰਮਿੰਦਰ ਉਹਨਾਂ ਨੂੰ ਬਹੁਤ ਲਾਡ-ਪਿਆਰ ਕਰਦੇ ਸਨ ਤੇ ਸਕੂਲ ਵੀ ਅਕਸਰ ਛੱਡ ਕੇ ਆਉਂਦੇ ਸਨ। ਇਹਨਾਂ ਨੇ ਦਸਵੀਂ ਜਮਾਤ ਐੱਸ.ਐੱਸ.ਡੀ ਕੰਨਿਆ ਸਕੂਲ ਬਠਿੰਡਾ ਤੋਂ ਉਹਨਾਂ ਸਮਿਆਂ 'ਚ ਪਾਸ ਕੀਤੀ ਜਦੋਂ ਕੁੜੀਆਂ ਨੂੰ ਪੜ੍ਹਾਉਣ ਦਾ ਬਹੁਤਾ ਰੁਝਾਨ ਨਹੀਂ ਸੀ।



ਆਵਾਜ਼ਿ ਕੌਮ AWAZE QAUM International Newspaper & WEB TV

ਲਾਇਕ ਤੇ ਹੁਨਰਮੰਦ ਧੀ ਦਾ ਪਵਿੱਤਰ ਵਿਆਹ 15 ਅਗਸਤ 1969 ਦੇ ਖ਼ਾਸ ਦਿਨ ਮੌਕੇ ਪਿੰਡ ਕੁਟੀ ਕਿਸ਼ਨਪੁਰਾ (ਬਠਿੰਡਾ) ਦੇ ਰਸੂਖਵਾਨ ਤੇ ਸਾਫ਼-ਸੁਥਰੇ ਅਕਸ ਦੇ ਧਾਰਨੀ ਪਰਿਵਾਰ ਦੇ ਜਥੇਦਾਰ ਮੱਲ ਸਿੰਘ ਸਿੱਧੂ ਤੇ ਸਰਦਾਰਨੀ ਸੰਤ ਕੌਰ ਸਿੱਧੂ ਦੇ ਹੋਣਹਾਰ ਪੁੱਤਰ ਸਰਦਾਰ ਬਸੰਤ ਸਿੰਘ ਸਿੱਧੂ ਨਾਲ ਹੋਇਆ।ਆਪ ਨੇ ਗ੍ਰਹਿਸਥੀ ਜ਼ਿੰਦਗੀ ਦੇ ਸ਼ੁਰੂ ਦੇ ਸਾਲਾਂ ਵਿੱਚ ਪਰਿਵਾਰ ਦੇ ਖੇਤੀਬਾੜੀ ਕੰਮਾਂ 'ਚ ਅਥਾਹ ਸਹਿਯੋਗ ਦਿੱਤਾ ਅਤੇ ਲੰਮਾ ਸਮਾਂ ਘਰ ਵਿੱਚ ਪੂਰੇ ਸ਼ੌਂਕ ਨਾਲ ਪਸ਼ੂ-ਡੰਗਰ ਪਾਲ਼ੇ ਤੇ ਸੰਭਾਲੇ। ਮਾਤਾ ਜੀ ਦਾ ਸਬੰਧ ਉਸ ਸਤਯੁਗੀ ਪੀੜ੍ਹੀ ਨਾਲ ਹੈ, ਜਿਸ ਪੀੜ੍ਹੀ ਦੀਆਂ ਔਰਤਾਂ ਨੇ ਕੱਚੇ ਘਰ ਆਪਣੇ ਹੱਥੀਂ ਲਿੱਪੇ-ਪੋਚੇ, ਖੂਹਾਂ ਤੋਂ ਪਾਣੀ ਭਰਿਆ, ਤ੍ਰਿੰਝਣ 'ਚ ਬਹਿ ਕੇ ਕੱਤਿਆ, ਲੰਮੀ ਹੇਕ ਦੇ ਲੋਕ-ਗੀਤ ਗਾਏ, ਹੱਥੀਂ ਦੁੱਧ ਰਿੜਕਿਆ ਅਤੇ ਤੀਆਂ 'ਚ ਰੌਣਕਾਂ ਲਾਈਆਂ। ਆਪ ਦੇ ਭਰਵੇਂ ਸਹਿਯੋਗ ਨਾਲ਼ ਸਰਦਾਰ ਬਸੰਤ ਸਿੰਘ ਨੇ ਸਹਿਕਾਰਤਾ ਵਿਭਾਗ ਪੰਜਾਬ ਵੱਲੋਂ ਜ਼ਿਲ੍ਹੇ ਦੀਆਂ ਨਾਮੀ ਬੈਂਕ ਸ਼ਾਖਾਵਾਂ ਵਿੱਚ ਬਤੌਰ ਮੈਨੇਜਰ ਸ਼ਾਨਦਾਰ ਸੇਵਾ ਨਿਭਾਈ। ਵੱਡਿਆਂ ਬਜ਼ੁਰਗਾਂ ਦੀ ਦਿਲੋਂ ਸੇਵਾ ਕਰਨਾ, ਗੁਰਬਾਣੀ ਪੜ੍ਹਨਾ, ਸਾਦਗੀ 'ਚ ਜੀਵਨ ਬਤੀਤ ਕਰਨਾ, ਹਰੇਕ ਦੇ ਦੁੱਖ-ਸੁੱਖ ਵਿੱਚ ਸ਼ਾਮਿਲ ਹੋਣਾ ਇਹਨਾਂ ਦੀ ਸ਼ਖ਼ਸੀਅਤ ਦੇ ਅਹਿਮ ਪਹਿਲੂ ਸਨ। ਆਪ ਦੀ ਪਰਿਵਾਰਕ ਫੁਲਵਾੜੀ 'ਚ ਕੰਵਲਜੀਤ ਸਿੰਘ ਕੁਟੀ ਤੇ ਬੇਟੀ ਨਵਜੋਤ ਕੌਰ ਦੀ ਆਮਦ ਮਹਿਕਦੇ ਤਾਜ਼ੇ ਫੁੱਲ ਦੀ ਤਰ੍ਹਾਂ ਹੋਈ। ਨੇਕ, ਸ਼ਾਂਤ, ਸਾਊ, ਕੰਮ ਨੂੰ ਪੂਜਾ ਸਮਝਣ ਵਾਲ਼ੇ ਅਤੇ ਪੈਸੇ ਨਾਲ ਬਹੁਤਾ ਮੋਹ ਨਾ ਰੱਖਣ ਵਾਲ਼ੇ ਸਰਦਾਰਨੀ ਪਰਮਜੀਤ ਕੌਰ ਸਿੱਧੂ ਨੇ ਸੇਵਾ ਭਾਵਨਾ ਤੇ ਇਮਾਨਦਾਰੀ ਨਾਲ ਗਰੀਬਾਂ ਦੀ ਮਸੀਹਾ ਬਣ ਕੇ ਸ਼ਾਨਦਾਰ ਤਰੀਕੇ ਨਾਲ਼ ਜੀਵਨ ਨਿਭਾਇਆ।ਧਾਰਮਿਕ ਖਿਆਲਾਂ ਦੀ ਬਿਰਤੀ ਹੋਣ ਕਾਰਨ ਵਾਹਿਗੁਰੂ ਦੇ ਰੰਗਾਂ 'ਚ ਰੰਗੇ ਹੋਣ ਕਾਰਨ ਸਿਮਰਨ, ਮਨੁੱਖਤਾ ਦੀ ਸੇਵਾ ਅਤੇ ਹੱਥੀਂ ਕਿਰਤ ਨਾਲ ਆਖਰੀ ਸਾਹ ਤੱਕ ਜੁੜੇ ਰਹੇ।

ਰੌਸ਼ਨ ਦਿਮਾਗ ਅਤੇ ਪੜ੍ਹਾਈ ਦੀ ਮਹੱਤਤਾ ਤੋਂ ਜਾਣੂ ਹੋਣ ਕਾਰਨ ਆਪ ਨੇ ਪੁੱਤਰ ਕੰਵਲਜੀਤ ਸਿੰਘ ਕੁਟੀ, ਧੀ ਨਵਜੋਤ ਕੌਰ ਸਮੇਤ ਪੋਤੇ ਤੇ ਪੋਤੀਆਂ ਨੂੰ ਪੜ੍ਹਾਇਆ-ਲਿਖਾਇਆ ਤੇ ਚੰਗੇ ਸੰਸਕਾਰ ਦਿੱਤੇ। ਇਹੀ ਕਾਰਨ ਹੈ ਕਿ ਲਾਇਕ ਤੇ ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਪੁੱਤਰ ਐਡਵੋਕੇਟ ਕੰਵਲਜੀਤ ਸਿੰਘ ਕੁਟੀ ਸਾਬਕਾ ਪ੍ਰਧਾਨ ਬਾਰ ਕਾਉਂਸਲ ਬਠਿੰਡਾ, ਪੰਜਾਬੀ ਜ਼ੁਬਾਨ ਦੇ ਪ੍ਰਸਿੱਧ ਸ਼ਾਇਰ, ਯੂ ਟਿਊਬਰ, ਅਕਾਸ਼ਵਾਣੀ ਐਫ.ਐਮ. ਰੇਡੀਓ ਬਠਿੰਡਾ ਦੇ ਸਫ਼ਲ ਅਨਾਊਂਸਰ ਤੇ ਖੁੰਢ ਚਰਚਾ ਸਿਲਸਲੇ ਦੇ ਰੰਗਲੇ ਪਾਤਰ ਝੰਡੇ ਵਜੋਂ ਲੋਕ ਦਿਲਾਂ ਵਿੱਚ ਵਸਦੇ ਹਨ। ਹੋਣਹਾਰ ਧੀ ਨਵਜੋਤ ਕੌਰ ਕੰਪਿਊਟਰ ਅਧਿਆਪਕਾ ਆਪਣੇ ਨੇਕ ਜੀਵਨ ਸਾਥੀ ਰਾਜਿੰਦਰ ਸਿੰਘ ਖੋਸਾ ਤੇ ਪੁੱਤਰ ਇਸ਼ਮੀਤ ਸਿੰਘ ਖੋਸਾ ਨਾਲ ਸੋਹਣਾ ਜੀਵਨ ਬਤੀਤ ਕਰ ਰਹੀ ਹੈ। ਆਪਣੀ ਵਿਸ਼ਵਕੋਸ਼ ਵਰਗੀ ਦਾਦੀ ਨਾਲ ਦਿਲੀ ਮੋਹ ਰੱਖਣ ਵਾਲੀ ਹੋਣਹਾਰ ਪੋਤਰੀ ਪੁਨੀਤ ਕੌਰ ਸਿੱਧੂ ਕੈਨੇਡਾ ਵਿਖੇ ਤਰੱਕੀਆਂ ਮਾਣ ਰਹੀ ਹੈ, ਪੋਤਰੀ ਰਸ਼ਮੀਨ ਕੌਰ ਸਿੱਧੂ ਪਿਤਾ ਐਡਵੋਕੇਟ ਕੰਵਲਜੀਤ ਸਿੰਘ ਕੁਟੀ ਦੇ ਕਦਮਾਂ 'ਤੇ ਚਲਦੀ ਹੋਈ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਵਕਾਲਤ ਦੀ ਪੜ੍ਹਾਈ ਕਰ ਰਹੀ ਹੈ। ਪੋਤਰਾ ਅਦਿਤਿਆਜੀਤ ਸਿੰਘ ਸਿੱਧੂ ਸਕੂਲੀ ਪੜ੍ਹਾਈ 'ਚ ਰੁੱਝਿਆ ਹੋਇਆ ਹੈ। ਮਾਤਾ ਪਰਮਜੀਤ ਕੌਰ ਸਿੱਧੂ ਨੇ ਨੇਕ ਨੂੰਹ ਨੀਲ ਕਮਲ ਕੌਰ ਸਿੱਧੂ ਨਾਲ ਸੱਸ-ਨੂੰਹ ਦੀ ਥਾਂ ਮਾਂ ਤੇ ਧੀ ਵਾਲ਼ਾ ਰਿਸ਼ਤਾ ਨਿਭਾਇਆ। ਆਪਣੇ ਜੀਵਨ ਸਾਥੀ ਸ: ਬਸੰਤ ਸਿੰਘ ਸਿੱਧੂ ਦੇ ਬੇਵਕਤ ਅਕਾਲ ਚਲਾਣੇ 'ਤੇ ਖ਼ੁਦ ਵਾਹਿਗੁਰੂ ਦਾ ਭਾਣਾ ਮੰਨਣ ਦੇ ਨਾਲ-ਨਾਲ਼ ਪਰਿਵਾਰ ਨੂੰ ਇਸ ਨਾਜ਼ੁਕ ਦੌਰ 'ਚ ਸੂਝ-ਬੂਝ ਨਾਲ਼ ਸਾਂਭਿਆ। ਭਾਵੇਂ ਕਿ ਪੋਤਰੀਆਂ ਤੇ ਪੋਤੇ ਦੀ ਉਚੇਰੀ ਪੜ੍ਹਾਈ ਲਈ ਆਪ ਸਾਲ 2020 ਵਿੱਚ ਬਠਿੰਡਾ ਵਿਖੇ ਪ੍ਰਵਾਸ ਕਰ ਗਏ ਪਰ ਚੇਤਿਆਂ 'ਚ ਸਥਾਈ ਤੌਰ 'ਤੇ ਵਸੇ ਪਿੰਡ ਕੁਟੀ ਲਈ ਮੋਹ ਪਹਿਲਾਂ ਵਾਂਗ ਬਰਕਰਾਰ ਰਿਹਾ। ਇਲਾਕੇ ਦੀ ਸਤਿਕਾਰਤ ਤੇ ਮਿਲਣਸਾਰ ਹਸਤੀ ਸਰਦਾਰਨੀ ਪਰਮਜੀਤ ਕੌਰ ਸਿੱਧੂ ਨਮਿਤ ਰੱਖੇ ਗਏ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਅੱਜ ਮਿਤੀ 20/12/2024 (ਸ਼ੁੱਕਰਵਾਰ) ਨੂੰ ਗੁਰਦੁਆਰਾ ਨਾਨਕਸਰ ਸਾਹਿਬ ਪਿੰਡ ਕੁਟੀ ਕਿਸ਼ਨਪੁਰਾ (ਬਠਿੰਡਾ) ਵਿਖੇ ਦੁਪਹਿਰ 12 ਤੋਂ 1ਵਜੇ ਦੇ ਦਰਮਿਆਨ ਹੋਵੇਗੀ, ਜਿੱਥੇ ਪਰਿਵਾਰਕ ਜੀਅ, ਰਿਸ਼ਤੇਦਾਰ, ਇਲਾਕਾ ਨਿਵਾਸੀ, ਵਕੀਲ ਭਾਈਚਾਰਾ, ਅਦਬੀ ਸ਼ਖ਼ਸੀਅਤਾਂ, ਕਲਾ ਤੇ ਸੱਭਿਆਚਾਰਕ ਵਰਗ, ਰਾਜਸੀ ਦਲਾਂ ਦੇ ਆਗੂ, ਧਾਰਮਿਕ ਹਸਤੀਆਂ ਤੇ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਆਦਿ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਅਰਪਿਤ ਕਰਨਗੇ।

**ਵੱਲੋਂ: ਲੈਕਚਰਾਰ ਤਰਸੇਮ ਸਿੰਘ ਬੁੱਟਰ**

**ਪੇਸ਼ਕਸ਼ : ਗੁਰਜੰਟ ਸਿੰਘ ਨਥੇਹਾ, ਪਤੱਰਕਾਰ ਆਵਾਜਿ ਕੌਮ ਯੂਕੇ**

# ਜਿਲ੍ਹੇ ਵਿੱਚ ਨਗਰ ਨਿਗਮ, ਨਗਰ ਪੰਚਾਇਤਾਂ ਅਤੇ ਨਗਰ ਕੌਂਸਲਾਂ ਲਈ ਬਣਾਏ ਗਏ 841 ਬੂਥ

**ਜੰਡਿਆਲਾ ਗੁਰੂ 19 ਦਸੰਬਰ ( ਕੁਲਵੰਤ ਸਿੰਘ ਵਿਰਦੀ)**-21 ਦਸੰਬਰ ਨੂੰ ਜਿਲ੍ਹੇ ਵਿੱਚ ਹੋ ਰਹੀਆਂ ਨਗਰ ਨਿਗਮ, ਨਗਰ ਪੰਚਾਇਤਾਂ ਅਤੇ ਨਗਰ ਕੌਂਸਲਾਂ ਦੀਆਂ ਚੋਣਾਂ ਲਈ 841 ਬੂਥ ਬਣਾਏ ਗਏ ਹਨ ਅਤੇ ਵੋਟਿੰਗ ਉਪਰੰਤ ਇਨਾਂ ਹੀ ਥਾਵਾਂ ਤੇ ਵੋਟਾਂ ਦੀ ਗਿਣਤੀ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਧੀਕ ਜਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਸ੍ਰੀਮਤੀ ਪਰਮਜੀਤ ਕੌਰ ਨੇ ਦੱਸਿਆ ਕਿ ਨਗਰ ਨਿਗਮ ਦੀਆਂ 85 ਵਾਰਡਾਂ ਲਈ ਕੁੱਲ 811 ਬੂਥ ਬਣਾਏ ਗਏ ਹਨ, ਜਿਨ੍ਹਾਂ ਵਿੱਚੋਂ 300 ਸੰਵੇਦਨਸ਼ੀਲ ਅਤੇ 245 ਅਤਿ ਸੰਵੇਦਨਸ਼ੀਲ ਹਨ। ਵਧੀਕ ਜਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਇਸੇ ਤਰ੍ਹਾਂ ਹੀ ਬਾਬਾ ਬਕਾਲਾ ਸਾਹਿਬ ਵਿੱਖੇ 13 ਵਾਰਡਾਂ ਵਿੱਚ 13 ਬੂਥਾਂ ਤੇ ਚੋਣਾਂ ਕਰਵਾਈਆਂ ਜਾ ਰਹੀਆਂ ਹਨ, ਜਿਥੇ 5 ਬੂਥ ਸੰਵੇਦਨਸ਼ੀਲ, ਰਈਆ ਅਤੇ ਮਜੀਠਾ ਵਿਖੇ 1-1 ਬੂਥ ਤੇ ਚੋਣਾਂ ਹੋਣੀਆਂ ਹਨ ਅਤੇ 1-1 ਬੂਥ ਨੂੰ ਹੀ ਸੰਵੇਦਨਸ਼ੀਲ, ਰਾਜਾਸਾਂਸੀ ਵਿਖੇ 13 ਵਾਰਡਾਂ ਵਿੱਚ 13 ਬੂਥਾਂ ਅਤੇ ਅਜਨਾਲਾ ਵਿਖੇ 2 ਵਾਰਡਾਂ ਵਿੱਚ 2 ਬੂਥਾਂ ਤੇ ਚੋਣ ਕਰਵਾਈ ਜਾਣੀ ਹੈ। ਉਨਾਂ ਦੱਸਿਆ ਕਿ ਇਸ ਤਰ੍ਹਾਂ ਜਿਲ੍ਹੇ ਵਿੱਚ 115 ਵਾਰਡਾਂ ਤੇ ਚੋਣਾਂ ਕਰਵਾਈਆਂ ਜਾਣੀਆਂ ਹਨ। ਜਿਥੇ 289 ਆਮ ਬੂਥ, 307 ਸੰਵੇਦਨਸ਼ੀਲ ਅਤੇ 245 ਅਤਿ ਸੰਵੇਦਨਸ਼ੀਲ ਬੂਥ ਐਲਾਨੇ ਗਏ ਹਨ। ਉਨਾਂ ਦੱਸਿਆ ਕਿ ਇਨਾਂ ਚੋਣਾਂ ਦੀ ਕਵਰੇਜ ਲਈ ਲੋਕ ਸੰਪਰਕ ਵਿਭਾਗ ਵਲੋਂ ਸਾਲ 2024-25 ਦੌਰਾਨ ਜਾਰੀ ਕੀਤੇ ਗਏ ਐਕਰੀਡੇਸ਼ਨ ਅਤੇ ਪੀਲੇ ਸ਼ਨਾਖਤੀ ਕਾਰਡ ਹੋਲਡਰਾਂ ਨੂੰ ਹੀ ਕਵਰੇਜ ਕਰਨ ਦੀ ਆਗਿਆ ਹੋਵੇਗੀ। ਉਨਾਂ ਪ੍ਰੈਸ ਪੱਤਰਕਾਰਾਂ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਬੂਥਾਂ ਦੇ ਅੰਦਰ ਕਿਸੇ ਨੂੰ ਵੀ ਕਵਰੇਜ ਕਰਨ ਦੀ ਆਗਿਆ ਨਹੀਂ ਹੈ, ਕੇਵਲ ਬੂਥ ਦੇ ਬਾਹਰਵਾਰ ਹੀ ਉਹ ਆਪਣੀ ਕਵਰੇਜ ਕਰ ਸਕਦੇ ਹਨ। ਵਧੀਕ ਜਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਜਿਲ੍ਹੇ ਦੀ ਵੈਬਸਾਈਟ 'ਤੇ ਜਾ ਕੇ ਜਿਲ੍ਹੇ ਦੇ ਵੋਟਰ ਆਪਣੇ ਬੂਥ ਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

**ਪੁਲਿਸ ਮੁਲਾਜ਼ਮ ਤੇ ਘਰੇਲੂ ਸਮਾਨ ਤੇ ਗਹਿਣੇ ਚੋਰੀ ਕਰਨ ਦੇ ਲੱਗੇ ਦੋਸ਼**

# ਪੀੜਤ ਨੇ ਪੁਲਿਸ ਪ੍ਰਸ਼ਾਸਨ ਨੂੰ ਕੀਤੀ ਲਿਖਤੀ ਬੇਨਤੀ

**ਫ਼ਿਰੋਜ਼ਪੁਰ, 19 ਦਸੰਬਰ (ਮਨੋਹਰ ਲਾਲ) :—** ਪੁਲਿਸ ਲਾਈਨ ਵਿਚ ਸਥਿਤ ਆਪਣੀ ਰਿਹਾਇਸ਼ ਤੋਂ ਸਮਾਨ ਚੋਰੀ ਕਰਨ ਦੇ ਦੋਸ਼ ਇਕ ਵਿਆਹੁਤਾ ਨੇ ਆਪਣੇ ਪਤੀ ਅਤੇ ਉਸ ਦੇ ਸਾਥੀਆਂ ਪਰ ਲਗਾਉਂਦਿਆਂ ਕਿਹਾ ਕਿ ਜ਼ਸਵੀਰ ਕੌਰ ਪੁੱਤਰੀ ਕਿਸ਼ਨ ਸਿੰਘ ਵਾਸੀ ਦੁਧਦਾਲਾ ਤਹਿਸੀਲ ਵਾ ਜ਼ਿਲ੍ਹਾ ਨਵਾਂ ਸ਼ਹਿਰ ਨੇ ਇਨਸਾਫ ਲਈ ਪੁਲਿਸ ਥਾਣਾ ਕੈਂਟ ਵਿਖੇ ਲਿਖਤੀ ਦਰਖਾਸਤ ਦਿੱਤੀ ਹੈ। ਗੱਲਬਾਤ ਕਰਦਿਆਂ ਪੀੜਤ ਜ਼ਸਵੀਰ ਕੌਰ ਨੇ ਦੱਸਿਆ ਕਿ ਉਸ ਦੀ ਸ਼ਾਦੀ ਜਗਵਿੰਦਰ ਸਿੰਘ ਪੁਲਿਸ ਮੁਲਾਜ਼ਮ ਨਾਲ ਹੋਈ ਹੈ ਅਤੇ ਝਗੜਾ ਵਗੈਰਾ ਚੱਲ ਰਿਹਾ ਹੈ, ਜਿਸ ਸਬੰਧੀ ਮਾਮਲਾ ਮਾਣਯੋਗ ਅਦਾਲਤ ਵਿਚ ਹੈ।ਲੜਕੀ ਨੇ ਦੱਸਿਆ ਕਿ ਕਰੀਬ ਛੇ ਮਹੀਨਾ ਪਹਿਲਾਂ ਉਸ ਦੇ ਪਤੀ ਨੇ ਉਸ ਨਾਲ ਮਾਰਕੁਟ ਕਰਕੇ ਘਰੋਂ ਕੱਢ ਦਿੱਤਾ ਸੀ ਅਤੇ ਉਹ ਆਪਣੇ ਮਾਪਿਆਂ ਪਾਸ ਰਹਿ ਰਹੀ ਹੈ, ਜਦੋਂ ਕਿ ਉਸ ਦਾ ਘਰੇਲੂ ਸਮਾਨ ਅਤੇ ਗਹਿਣੇ ਵਗੈਰਾ ਪੁਲਿਸ ਲਾਈਨ ਸਥਿਤ ਕੁਆਰਟਰ ਨੰਬਰ 215 ਵਿਚ ਪਏ ਸਨ। ਪੀੜਤ ਨੇ ਦੋਸ਼ ਲਾਇਆ ਕਿ ਜਗਵਿੰਦਰ ਸਿੰਘ ਪੁਲਿਸ ਮੁਲਾਜ਼ਮ, ਰਮਨਦੀਪ ਸਿੰਘ ਪੁਲਿਸ ਮੁਲਾਜ਼ਮ ਵੱਲੋਂ ਆਪਣੇ ਦੋ ਅਣਪਛਾਤੇ ਸਾਥੀਆਂ ਨਾਲ ਸਰਕਾਰੀ ਗੱਡੀ ਦੀ ਵਰਤੋਂ ਕਰਕੇ ਮੇਰੇ ਕੁਆਰਟਰ ਨੰਬਰ 215 ਪੁਲਿਸ ਲਾਈਨ ਫ਼ਿਰੋਜ਼ਪੁਰ ਦੇ ਤਾਲੇ ਤੋੜ ਕੇ ਸਰਕਾਰੀ ਗੱਡੀ ਦੀ ਵਰਤੋਂ ਕਰਦੇ ਹੋਏ ਸਮਾਨ ਚੋਰੀ ਕੀਤਾ ਹੈ। ਪੀੜਤ ਨੇ ਦੋਸ਼ ਲਾਇਆ ਕਿ ਉਕਤ ਦੋਸ਼ੀਆਂ ਨੇ ਬੀਤੀ ਰਾਤ ਕੁਆਰਟਰ ਦੇ ਤਾਲੇ ਤੋੜ ਕੇ ਘਰੇਲੂ ਸਮਾਨ ਅਤੇ ਗਹਿਣੇ ਵਗੈਰਾ ਚੋਰੀ ਕਰ ਲਏ ਹਨ ਅਤੇ ਇਸ ਸਬੰਧੀ ਉਸ ਨੇ ਪਹਿਲਾਂ ਵੀ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ ਸੀ, ਪਰ ਦੋਸ਼ੀਆਂ ਦੁਬਾਰਾ ਫਿਰ ਇਸ ਘਟਨਾ ਨੂੰ ਅੰਜਾਮ ਦਿੱਤਾ ਹੈ। ਪੀੜਤ ਲੜਕੀ ਨੇ ਦੋਸ਼ ਲਗਾਏ ਕਿ ਬੀ.ਐਮ ਸਰ ਨੇ ਕੋਲ ਖੜ ਕੇ ਮੇਰੇ ਕੁਆਰਟਰ ਦੇ ਤਾਲੇ ਤੁੜਵਾਏ ਅਤੇ ਸਮਾਨ ਨੂੰ ਚੋਰੀ ਕਰਵਾਇਆ ਅਤੇ ਇਸ ਸਮੇਂ ਉਕਤ ਸਾਰੇ ਦੋਸ਼ੀ ਮੌਜੂਦ ਸਨ ਅਤੇ ਇਸ ਸਬੰਧੀ ਉਹ ਬੀ.ਐਮ ਸਰ ਨੂੰ ਤਿੰਨ ਮਹੀਨੇ ਪਹਿਲਾਂ ਹੀ ਦਸ ਚੁੱਕੀ ਹੈ ਕਿ ਜਗਵਿੰਦਰ ਸਿੰਘ ਉਪਰ ਪਰਚਾ ਹੋ ਚੁੱਕਾ ਹੈ ਅਤੇ ਇਸ ਨੇ ਪਹਿਲਾਂ ਵੀ ਮੇਰੇ ਸਮਾਨ ਦੀ ਚੋਰੀ ਕੀਤੀ ਸੀ, ਇਸ ਸਬੰਧੀ ਪਰਚਾ ਦਰਜ ਹੋਇਆ ਸੀ ਅਤੇ ਦੋਸ਼ੀ ਨੂੰ ਉਸ ਦੇ ਨਜਦੀਕੀ ਰਿਸ਼ਤੇਦਾਰ ਵਗੈਰਾ ਇਸ ਕੰਮ ਵਿਚ ਸਾਥ ਦੇ ਰਹੇ ਹਨ, ਜ਼ੋ ਕਿ ਜਿਨ੍ਹਾਂ ਦੇ ਨਾਮ ਦਰਖਾਸਤ ਵਿਚ ਸ਼ਾਮਲ ਕੀਤੇ ਗਏ ਹਨ। ਪੀੜਤ ਲੜਕੀ ਜ਼ਸਵੀਰ ਕੌਰ ਨੇ ਦੋਸ਼ ਲਾਇਆ ਕਿ ਮਿਤੀ 4 ਨਵੰਬਰ 2024 ਨੂੰ ਮੇਰੀ ਫ਼ਿਰੋਜ਼ਪੁਰ ਦੀ ਅਦਾਲਤ ਵਿਚ ਪੇਸ਼ੀ ਸੀ ਅਤੇ ਦੋਸ਼ੀ ਦੇ ਭਰਾ ਜ਼ਸਵਿੰਦਰ ਸਿੰਘ ਨੇ ਇਕ ਦਿਨ ਪਹਿਲਾਂ ਮੈਨੂੰ ਧਮਕੀਆਂ ਦਿੱਤੀਆਂ ਕਿ ਜੇਕਰ ਤਰੀਖ ਤੇ ਹਾਜ਼ਰ ਹੋਈ ਤਾਂ ਇਸ ਦਾ ਅੰਜਾਮ ਬਹੁਤ ਮਾੜਾ ਹੋਵੇਗਾ ਅਤੇ ਮੈਨੂੰ ਬਹੁਤ ਜਿਆਦਾ ਮਾੜਾ—ਚੰਗਾ ਬੋਲਿਆ ਹੈ ਅਤੇ ਪੁਲਿਸ ਲਾਈਨ ਦੇ ਮੇਨ ਗੇਟ ਉਪਰ ਕੈਮਰੇ ਲੱਗੇ ਹਨ, ਜਿਨ੍ਹਾਂ ਦੀ ਰਿਕਾਰਡਿੰਗ ਕਢਵਾਈ ਜਾਵੇ ਤਾਂ ਜ਼ੋ ਉਸ ਨੂੰ ਇਨਸਾਫ ਮਿਲ ਸਕੇ। ਪੀੜਤ ਲੜਕੀ ਨੇ ਦੋਸ਼ ਲਾਇਆ ਕਿ ਹਰਨਾਮ ਸਿੰਘ ਪੁੱਤਰ ਕਸ਼ਮੀਰ ਸਿੰਘ, ਜ਼ਸਵਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ, ਨਿਹਾਲ ਕੌਰ ਪਤਨੀ ਕਸ਼ਮੀਰ ਸਿੰਘ, ਗੁਰਮੀਤ ਕੌਰ ਪਤਨੀ ਹਰਨਾਮ ਸਿੰਘ, ਨਿੰਮੋ ਪਤਨੀ ਜ਼ਸਵਿੰਦਰ ਸਿੰਘ ਵਾਸੀਆਨ ਪਿੰਡ ਕਾਲੂ ਅਰਾਈ ਹਿਠਾੜ ਜ਼ਿਲ੍ਹਾ ਫ਼ਿਰੋਜ਼ਪੁਰ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜ਼ੋ ਉਸ ਨੂੰ ਇਨਸਾਫ ਮਿਲ ਸਕੇ। ਇਸ ਸਬੰਧੀ ਥਾਣਾ ਕੈਂਟ ਵਿਖੇ ਅਤੇ ਪੁਲਿਸ ਮੁਲਾਜ਼ਮ ਜਗਵਿੰਦਰ ਸਿੰਘ ਵਗੈਰਾ ਨਾਲ ਸੰਪਰਕ ਕੀਤਾ ਗਿਆ, ਪਰ ਸੰਪਰਕ ਨਹੀਂ ਹੋ ਸਕਿਆ।



ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂਹਰਸਹਾਏ ਰੇਲਵੇ ਸਟੇਸ਼ਨ ਤੇ ਕਿਸਾਨਾਂ ਨੇ ਰੋਕੀ ਰੇਲ

ਫ਼ਿਰੋਜ਼ਪੁਰ, 19 ਦਸੰਬਰ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਵੱਲੋਂ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਜਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਦੀ ਅਗਵਾਈ ਹੇਠ ਗੁਰੂਹਰਸਾਏ ਰੇਲਵੇ ਸਟੇਸ਼ਨ ਤੇ ਦੁਪਹਿਰ 12 ਵਜੇ ਤੋਂ ਸ਼ਾਮ ਤਿੰਨ ਵਜੇ ਤੱਕ ਰੇਲਾਂ ਦਾ ਚੱਕਾ ਜਾਮ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲਾ ਜਨਰਲ ਸਕੱਤਰ ਗੁਲਜਾਰ ਸਿੰਘ ਕੱਬਰਵੱਛਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸੂਬਿਆਂ ਨੂੰ ਖੇਤੀ ਮੰਡੀਆਂ ਸਬੰਧੀ ਨੀਤੀ ਦਾ ਭੇਜਿਆ ਗਿਆ ਖਰੜਾ ਅਸਲ ਵਿੱਚ ਚੋਰ ਮੋਰੀ ਰਾਹੀਂ ਤਿੰਨ ਖੇਤੀ ਕਾਨੂੰਨ ਲਾਗੂ ਕਰਨ ਦੀ ਸਾਜਿਸ਼ ਹੈ। ਆਗੂਆਂ ਨੇ ਕਿਹਾ ਕਿ ਜਿਹੜੇ ਸੂਬੇ ਇਸ ਨੀਤੀ ਨੂੰ ਲਾਗੂ ਕਰਨਾ ਨਹੀਂ ਚਾਹੁਣਗੇ ਕੇਂਦਰ ਸਰਕਾਰ ਇਸ ਨੀਤੂ ਨੂੰ ਲਾਗੂ ਕਰਵਾਉਣ ਲਈ ਉਨ੍ਹਾਂ ਦੀ ਬਾਂਹ ਮਰੋੜਨ ਦਾ ਯਤਨ ਕਰੇਗੀ। ਇਸ ਤੋਂ ਇਲਾਵਾ ਸ਼ੰਭੂ ਅਤੇ ਖਨੌਰੀ ਬਾਰਡਰ ਤੇ ਆਪਣੀਆਂ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਨੂੰ ਸ਼ਾਂਤਮਈ ਢੰਗ ਨਾਲ ਵੀ ਦਿੱਲੀ ਜਾਣ ਤੋਂ ਰੋਕਿਆ ਜਾ ਰਿਹਾ ਹੈ ਅਤੇ ਕੇਂਦਰ ਸਰਕਾਰ ਨੇ ਗੱਲਬਾਤ ਦੇ ਦਰਵਾਜ਼ੇ ਬੰਦ ਕੀਤੇ ਹੋਏ ਹਨ, ਇਹ ਨੰਗੀ ਚਿੱਟੀ ਡਿਕਟੇਟਰਸ਼ਿਪ ਹੈ। ਕਿਸਾਨਾਂ ਨੇ ਕਿਹਾ ਕਿ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਲੋਕ ਮਸਲਿਆਂ ਵੱਲ ਧਿਆਨ ਦੇਵੇ। ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਖੇਤੀ ਮੰਡੀਆਂ ਦਾ ਨਿੱਜੀਕਰਨ ਰੋਕਣਾ ਅਤੇ ਐਮ.ਐਸ.ਪੀ ਦੀ ਗਰੰਟੀ ਦਾ ਕਾਨੂੰਨ ਬਣਵਾਉਣ ਦੀ ਲੜਾਈ ਅਸਲ ਵਿੱਚ ਸੰਸਾਰ ਵਪਾਰ ਸੰਸਥਾ ਦੀਆਂ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਨੂੰ ਮੋੜਾ ਦੇਣ ਦੀ ਲੜਾਈ ਹੈ। ਇਸ ਲਈ ਸਮੂਹ ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਮਿਹਨਤਕਸ਼ ਲੋਕਾਂ ਨੂੰ ਇੱਕਜੁੱਟ ਹੋ ਕੇ ਲੜਾਈ ਲੜਨੀ ਪਵੇਗੀ, ਜੇਕਰ ਲੋਕਾਂ ਨੇ ਇਕੱਠੇ ਹੋ ਕੇ ਟੱਕਰ ਨਾ ਦਿੱਤੀ ਤਾਂ ਸਿੱਖਿਆ, ਸਿਹਤ, ਬਿਜਲੀ ਅਤੇ ਹੋਰ ਅਦਾਰਿਆਂ ਵਾਂਗੂ ਖੇਤੀ ਕਿੱਤੇ ਅਤੇ ਮੰਡੀਆਂ ਨੂੰ ਵੀ ਤਬਾਹ ਕਰ ਦਿੱਤਾ ਜਾਵੇਗਾ।ਆਗੂਆਂ ਨੇ ਕਿਹਾ ਕਿ ਇਸ ਤਰ੍ਹਾਂ ਕਿਸਾਨਾਂ ਦੇ ਨਾਲ—ਨਾਲ ਆੜਤੀਆਂ ਅਤੇ ਮੰਡੀਆਂ ਦੇ ਮਜ਼ਦੂਰਾਂ ਦੀ ਵੀ ਬੁਰੀ ਹਾਲਤ ਹੋਵੇਗੀ ਅਤੇ ਜਨਤਕ ਵੰਡ ਪ੍ਰਣਾਲੀ ਦਾ ਵੀ ਭੋਗ ਪਾ ਦਿੱਤਾ ਜਾਵੇਗਾ, ਇਸ ਲਈ ਸਾਰੀ ਜਨਤਾ ਨੂੰ ਇਕੱਠੇ ਹੋ ਕੇ ਇਸ ਦੇ ਖਿਲਾਫ ਹੰਬਲਾ ਮਾਰਨ ਦੀ ਲੋੜ ਹੈ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ, ਜਿਲਾ ਮੀਤ ਪ੍ਰਧਾਨ ਬਗੀਚਾ ਸਿੰਘ, ਜਿਲਾ ਖਜਾਨਚੀ ਜਤਿੰਦਰ ਸਿੰਘ ਕੜਮਾ, ਜਿਲਾ ਕਮੇਟੀ ਮੈਂਬਰ ਸ਼ਮਸ਼ੇਰ ਸਿੰਘ ਸ਼ਿਹਜ਼ਾਦੀ, ਗੁਰੂਹਰਸਾਹਾਏ ਇੱਕ ਬਲਾਕ ਪ੍ਰਧਾਨ ਸੋਕ ਕੁਮਾਰ ਜੰਡਵਾਲਾ ਗੁਰੂਹਰਸਹਾਏ ਦੋ ਬਲਾਕ ਪ੍ਰਧਾਨ ਸੁਖਦੇਵ ਕੁਮਾਰ ਢੋਟ ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਜੀਰਾ ਬਲਾਕ ਪ੍ਰਧਾਨ ਪਰਨੀਤ ਸਿੰਘ ਪੜਾਣਾ ਘੱਲ ਬਲਾਕ ਪ੍ਰਧਾਨ ਸਾਹਿਬ ਸਿੰਘ ਵਾੜਾ ਭਾਈ ਕਾ ਸੰਦੀਪ ਕੁਮਾਰ, ਸਤਨਾਮ ਚੰਦ, ਸਤਨਾਮ ਸਿੰਘ, ਸਤਨਾਮ ਚੰਦ ਸੰਧਾ, ਮੰਗਲ ਦਾਸ ਢੋਟ, ਹਰਬੰਸ ਸਿੰਘ ਜੋਧਪੁਰ, ਹਰਜੀਤ ਸਿੰਘ ਗੱਟੀ, ਜਗਰਾਜ ਸਿੰਘ ਗੱਟੀ, ਬਲਵੰਤ ਸਿੰਘ ਸ਼ਿਹਜ਼ਾਦੀ, ਗੁਰਚਰਨ ਸਿੰਘ ਨਾਜੂ ਸ਼ਾਹ ਵਾਲਾ, ਡਾਕਟਰ ਪਰਮਜੀਤ ਸਿੰਘ, ਪ੍ਰੇਮਪਾਲ ਸਿੰਘ ਸੁਰ ਸਿੰਘ ਵਾਲਾ ਆਦਿ ਹਾਜ਼ਰ ਸਨ।



# ਦਿੱਲੀ ਵਿੱਚ ਲਾਗੂ ਕੀਤੀ ਜਾਣ ਵਾਲੀ ਸੰਜੀਵਨੀ ਯੋਜਨਾ ਪੰਜਾਬ ਵਿੱਚ ਕਿਉਂ ਨਹੀਂ—ਸ਼ਰਮਾ

ਫ਼ਿਰੋਜ਼ਪੁਰ, 19 ਦਸੰਬਰ (ਮਨੋਹਰ ਲਾਲ) :— ਜਿਵੇਂ ਕਿ ਰਾਜਨੀਤਿਕ ਪਾਰਟੀਆਂ ਚੋਣਾਂ ਤੋਂ ਪਹਿਲਾਂ ਤਰ੍ਹਾਂ—ਤਰ੍ਹਾਂ ਦੀਆਂ ਗਰੰਟੀਆਂ ਤੇ ਮੁਫ਼ਤ ਦੀਆਂ ਰੇਵੜੀਆਂ ਦਾ ਐਲਾਨ ਕਰਦੀਆਂ ਆ ਰਹੀਆਂ ਹਨ ਇਸੇ ਲੜੀ ਤਹਿਤ ਆਮ ਆਦਮੀ ਪਾਰਟੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਬਜ਼ੁਰਗਾਂ ਨੂੰ ਜਿਨਾਂ ਦੀ ਉਮਰ 60 ਸਾਲ ਜਾਂ 60 ਸਾਲ ਤੋਂ ਉੱਪਰ ਹੈ ਨੂੰ ਮੁਫਤ ਇਲਾਜ ਦਿੱਤਾ ਜਾਵੇਗਾ। ਇਸ ਸਬੰਧੀ ਗੱਲਬਾਤ ਕਰਦਿਆਂ ਪੀ.ਡੀ ਸ਼ਰਮਾ ਜ਼ਿਲ੍ਹਾ ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ ਰਜਿਸਟਰ ਫਿਰੋਜਪੁਰ ਨੇ ਕਿਹਾ ਕਿ ਬਜ਼ੁਰਗ ਜਿਹੜੇ 60 ਸਾਲ ਤੋਂ ਉਪਰ ਹੋਣਗੇ ਜਾਂ ਇੰਝ ਕਹਿ ਲਓ ਕਿ ਸੀਨੀਅਰ ਸਿਟੀਜਨ ਨੂੰ ਦਿੱਲੀ ਵਿੱਚ ਜੇ ਆਮ ਆਦਮੀ ਪਾਰਟੀ ਦੀ ਸਰਕਾਰ ਬਣਦੀ ਹੈ ਤਾਂ ਮੁਫਤ ਇਲਾਜ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਵੇਂ ਸਾਰੇ ਜਾਣਦੇ ਹੋ ਕਿ ਫਰਵਰੀ ਮਹੀਨੇ ਵਿੱਚ ਦਿੱਲੀ ਵਿਖੇ ਵਿਧਾਨ ਸਭਾ ਦੀਆਂ ਚੋਣਾਂ ਹੋਣੀਆਂ ਸੰਭਾਵਿਤ ਹਨ, ਇਹ ਕੋਈ ਲੁਕੀ ਛੁਪੀ ਗੱਲ ਤਾਂ ਨਹੀਂ ਕਿ ਵੋਟ ਬੈਂਕ ਹਾਸਲ ਕਰਨ ਲਈ ਰਾਜਨੀਤਿਕ ਪਾਰਟੀਆਂ ਤਰ੍ਹਾਂ ਦੇ ਪ੍ਰਲੋਭਨ ਦਿੰਦੀਆਂ ਆ ਰਹੀਆਂ ਹਨ ਅਤੇ ਰਾਜਨੀਤਿਕ ਪਾਰਟੀਆਂ ਦਾ ਧਰਮ ਬਣ ਜਾਂਦਾ ਹੈ ਤਾਂ ਕਿ ਲੋਕਾਂ ਨੂੰ ਬਿਨਾਂ ਕਿਸੇ ਲਾਲਚ ਦੇ ਵੋਟ ਹਾਸਲ ਕਰਨ ਜਾ ਵੋਟ ਬੈਂਕ ਬਣਾਇਆ ਜਾਵੇ। ਸ੍ਰੀ ਸ਼ਰਮਾ ਨੇ ਕਿਹਾ ਕਿ ਭਾਵੇਂ ਕੋਈ ਨਵੀਂ ਗੱਲ ਨਹੀਂ ਹਰ ਚੋਣ ਪ੍ਰੋਗਰਾਮ ਤੋਂ ਪਹਿਲੋਂ ਇਸ ਤਰਾਂ ਹੁੰਦਾ ਆਇਆ ਹੈ। ਆਮ ਆਦਮੀ ਪਾਰਟੀ ਦੇ ਕਨਵੀਨਰ ਸ੍ਰੀ ਕੇਜਰੀਵਾਲ ਵੱਲੋਂ ਇਹ ਸੰਜੀਵਨੀ ਯੋਜਨਾ ਸਿਰਫ ਸੀਨੀਅਰ ਸਿਟੀਜਨ ਲਈ ਘੋਸ਼ਿਤ ਕੀਤੀ ਗਈ ਹੈ ਜੇਕਰ ਦਿੱਲੀ ਵਿੱਚ ਆਮ ਆਦਮੀ ਸਰਕਾਰ ਬਣਦੀ ਹੈ ਤਾਂ। ਸ੍ਰੀ ਕੇਜਰੀਵਾਲ ਨੇ ਇਹ ਵੀ ਕਿਹਾ ਹੈ ਕਿ ਦੋ ਤਿੰਨ ਦਿਨਾਂ ਵਿੱਚ ਯੋਗ ਵਿਅਕਤੀਆਂ (ਸੀਨੀਅਰ ਸਿਟੀਜਨ) ਦਾ ਰਜਿਸਟਰੇਸ਼ਨ ਸ਼ੁਰੂ ਕੀਤਾ ਜਾਏਗਾ ਜਿਹੜੇ ਇਸ ਯੋਜਨਾ ਲਈ ਯੋਗ ਹੋਣਗੇ। ਸ੍ਰੀ ਪੀ.ਡੀ ਸ਼ਰਮਾ ਨੇ ਕਿਹਾ ਕਿ ਮੈਂ ਸਮਝਦਾ ਹਾਂ ਕਿ ਇਹ ਯੋਜਨਾ ਬਹੁਤ ਵਧੀਆ ਹੈ ਬਜ਼ੁਰਗਾਂ ਦਾ ਮਾਨ—ਸਨਮਾਨ ਸਾਡੇ ਦੇਸ਼ ਦੀ ਪੁਰਾਤਨ ਪ੍ਰਮਪਰਾ ਰਹੀ ਹੈ। ਆਮ ਆਦਮੀ ਪਾਰਟੀ ਦਾ ਇਹ ਐਲਾਨ ਸੀਨੀਅਰ ਸਿਟੀਜਨ ਵਿੱਚ ਇੱਕ ਨਵੀਂ ਜੋਤ ਦੇਣ ਵਾਲਾ ਹੋ ਸਕਦਾ ਹੈ, ਪਰ ਮੈਂ ਇਹ ਜਰੂਰ ਕਹਿਣਾ ਚਾਹਾਂਗਾ ਕਿ ਜਿਹੜਾ ਆਮ ਆਦਮੀ ਪਾਰਟੀ ਦੇ ਕਨਵੀਨਰ ਕੇਜਰੀਵਾਲ ਸਾਹਿਬ ਨੇ ਐਲਾਨ ਕੀਤਾ ਹੈ ਇਹ ਪੰਜਾਬ ਵਿੱਚ ਵੀ ਲਾਗੂ ਕਿਉਂ ਨਹੀਂ ਕੀਤਾ ਜਾ ਰਿਹਾ, ਜਦੋਂ ਕਿ ਪੰਜਾਬ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਪਿਛਲੇ ਢਾਈ ਤਿੰਨ ਸਾਲ ਤੋਂ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੈਂ ਆਸ ਕਰਦਾ ਹਾਂ ਕਿ ਮੇਰਾ ਇਹ ਸੰਦੇਸ਼ ਆਮ ਆਦਮੀ ਪਾਰਟੀ ਦੇ ਉਨ੍ਹਾਂ ਹਾਕਮਾਂ ਤੱਕ ਜ਼ਰੂਰ ਪੁੱਜ ਜਾਵੇਗਾ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਸ੍ਰੀ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਇਸ ਸੰਜੀਵਨੀ ਯੋਜਨਾ ਨੂੰ ਪੰਜਾਬ ਵਿੱਚ ਲਾਗੂ ਕਰਨ ਦਾ ਵੀ ਛੇਤੀ ਐਲਾਨ ਕਰਨਗੇ।





ਆਵਾਜ਼ਿ ਕੌਮ AWAZE QAUM International Newspaper & WEB TV

## ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਦਾਣਾ ਮੰਡੀ ਤਰਸਿੱਕਾ ਵਿਖੇ 27 ਦਸੰਬਰ ਨੂੰ : ਭਾਈ ਹਰਪ੍ਰੀਤ ਸਿੰਘ ਵਡਾਲਾ

**ਜੰਡਿਆਲਾ ਗੁਰੂ, 19 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਵੱਲੋਂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰੀਵਾਰ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਅਦੁੱਤੀ ਕੁਰਬਾਨੀ ਨੂੰ ਯਾਦ ਕੀਤਾ ਜਾ ਰਿਹਾ ਹੈ ਜਿਸ ਦੇ ਚੱਲਦਿਆਂ ਅੱਜ ਜਾਣਕਾਰੀ ਦਿੰਦਿਆਂ ਹੋਇਆਂ ਸ਼੍ਰੋਮਣੀ ਪ੍ਰਚਾਰਕ ਗਿਆਨੀ ਹਰਪ੍ਰੀਤ ਸਿੰਘ ਵਡਾਲਾ ਜੀ ਨੇ ਦੱਸਿਆ ਕਿ ਪਿੰਡ ਤਰਸਿੱਕਾ ਵਿਖੇ ਸਥਿਤ ਦਾਣਾ ਮੰਡੀ ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਆਪਾਰ ਬਖਸ਼ਿਸ਼ ਸਦਕਾ ਗੁਰਦੁਆਰਾ ਡੇਰਾ ਭਗਤਾਂ ਦਾ ਦੇ ਮਹਾਂਪੁਰਖ ਧੰਨ ਧੰਨ ਸੰਤ ਬਾਬਾ ਗੁਰਬਚਨ ਸਿੰਘ ਜੀ, ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਜੀ, ਦੀਆਂ ਅਸੀਸਾਂ ਸਦਕਾ ਗੁਰਦੁਆਰਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਗੁਰਦੇਵ ਸਿੰਘ ਜੀ ਦੇ ਸਹਿਯੋਗ ਨਾਲ,ਐਨ ਆਰ ਆਈ ਸੰਗਤਾਂ ਅਤੇ ਸਮੂਹ ਨਗਰ ਨਿਵਾਸੀ ਸੰਗਤਾਂ ਵੱਲੋਂ ਛੋਟੇ ਸਾਹਿਬਜਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਸ਼ਹੀਦੀ ਸਮਾਗਮ ਮਿਤੀ 27 ਦਸੰਬਰ 2024 ਦਿਨ ਸ਼ੁੱਕਰਵਾਰ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ । ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਪੰਥ ਪ੍ਰਸਿੱਧ ਜਥੇ ਭਾਈ ਰਣਜੀਤ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ, ਗਿਆਨੀ ਹਰਪ੍ਰੀਤ ਸਿੰਘ ਜੀ ਵਡਾਲਾ ਸ਼੍ਰੋਮਣੀ ਪ੍ਰਚਾਰਕ ,ਗੁਰਜੀਤ ਸਿੰਘ ਮਾਣੋਚਾਹਲ ਫਤਿਹਗੜ੍ਹ ਸਭਰਾਵਾਂ ਵਾਲੇ (ਢਾਡੀ ਜਥਾ) ਆਦਿ ਸੰਗਤਾਂ ਨੂੰ ਗੁਰ ਇਤਿਹਾਸ ਤੋਂ ਜਾਣੂੰ ਕਰਵਾਉਣਗੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਸਮਾਗਮ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਦੀਆਂ ਬਖਸ਼ਿਸ਼ਾਂ ਪ੍ਰਾਪਤ ਕਰੋ ਜੀ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

## ਜਿਲ੍ਹਾ ਮੈਜਿਸਟਰੇਟ ਨੇ ਵੋਟਾਂ ਅਤੇ ਗਿਣਤੀ ਵਾਲੇ ਦਿਨ ਡਰਾਈ ਡੇਅ ਕੀਤਾ ਘੋਸ਼ਿਤ ਜਿਲ੍ਹੇ ਵਿੱਚ ਕਿਸੇ ਵੀ ਕਿਸਮ ਦੇ ਹਥਿਆਰ ਲਿਜਾਣ ਤੇ ਰਹੇਗੀ ਮਨਾਹੀ

**ਜੰਡਿਆਲਾ ਗੁਰੂ, 19 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਰਾਜ ਚੋਣ ਕਮਿਸ਼ਨ, ਪੰਜਾਬ ਅਤੇ ਆਬਕਾਰੀ ਕਮਿਸ਼ਨਰ, ਪੰਜਾਬ ਵਲੋਂ ਜਾਰੀ ਕੀਤੇ ਗਏ ਨਿਰਦੇਸ਼ਾਂ ਦੀ ਰੋਸ਼ਨੀ ਵਿੱਚ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 135(ਸੀ) ਵਿੱਚ ਕੀਤੀ ਗਈ ਕਾਨੂੰਨ ਵਿਸਸਥਾ ਤਹਿਤ ਜਿਲ੍ਹਾ ਮੈਜਿਸਟਰੇਟ, ਅੰਮ੍ਰਿਤਸਰ ਸਾਕਸ਼ੀ ਸਾਹਨੀ ਪੰਜਾਬ ਆਬਕਾਰੀ ਐਕਟ, 1914 ਦੀ ਧਾਰਾ 54 (1) ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲ੍ਹਾ ਅੰਮ੍ਰਿਤਸਰ ਦੀ ਨਗਰ ਨਿਗਮ/ਨਗਰ ਪੰਚਾਇਤ ਦੀ ਮਾਲ ਹਦੂਦ ਅੰਦਰ ਮਿਤੀ 21.12.2024 ਨੂੰ ਵੋਟਾਂ ਅਤੇ ਗਿਣਤੀ ਵਾਲਾ ਦਿਨ "ਡ੍ਰਾਈ ਡੇਅ" (Dry Day) ਘੋਸ਼ਿਤ ਕੀਤਾ ਹੈ।ਉਨਾਂ ਕਿਹਾ ਕਿ ਨਗਰ ਨਿਗਮ/ਨਗਰ ਪੰਚਾਇਤਾਂ/ਨਗਰ ਕੌਂਸਲਾਂ ਦੇ ਖੇਤਰਾਂ ਜਿਥੇ ਚੋਣਾਂ ਹੋ ਰਹੀਆਂ ਹਨ ਅਤੇ ਉਹ ਖੇਤਰ ਜੋ ਆਦਰਸ਼ ਚੋਣ ਜਾਬਤੇ ਦੇ ਅਧੀਨ ਆਉਂਦਾ ਹੈ ਉਥੇ ਕਿਸੇ ਵੀ ਤਰ੍ਹਾਂ ਦੇ ਨਸ਼ੀਲੇ ਪਦਾਰਥ ਵੇਚਣ, ਸ਼ਰਾਬ ਸਟੋਰ ਕਰਨ ਅਤੇ ਵੇਚਣ ਤੇ ਪੂਰਣ ਰੂਪ ਵਿੱਚ ਪਾਬੰਦੀ ਹੋਵੇਗੀ। ਇਹ ਹੁਕਮ ਆਰਦਸ਼ ਚੋਣ ਜਾਬਤੇ ਅਧੀਨ ਆਉਣ ਵਾਲੇ ਨਗਰ ਨਿਗਮ/ਨਗਰ ਪੰਚਾਇਤਾਂ/ਨਗਰ ਕੌਂਸਲਾਂ ਦੇ ਖੇਤਰਾਂ ਵਿੱਚ ਬਣੇ ਹੋਟਲਾਂ, ਰੈਸਟੋਰੈਂਟਾਂ, ਕਲੱਬਾਂ ਅਤੇ ਅਹਾਤਿਆਂ ਜਿਥੇ ਸ਼ਰਾਬ ਪੀਣ ਅਤੇ ਵੇਚਣ ਦੀ ਕਾਨੂੰਨੀ ਇਜਾਜਤ ਹੈ, ਤੇ ਵੀ ਪੂਰਨ ਤੌਰ ਤੇ ਲਾਗੂ ਹੋਣਗੇ। ਜਿਲ੍ਹੇ ਵਿੱਚ ਕਿਸੇ ਵੀ ਕਿਸਮ ਦੇ ਹਥਿਆਰ ਲਿਜਾਣ ਤੇ ਰਹੇਗੀ ਮਨਾਹੀ ਇਸਦੇ ਨਾਲ ਹੀ ਜਿਲ੍ਹਾ ਮੈਜਿਸਟਰੇਟ ਸਾਕਸ਼ੀ ਸਾਹਨੀ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 BNSS ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਅਤੇ ਇਨ੍ਹਾਂ ਚੋਣਾਂ ਨੂੰ ਸ਼ਾਂਤੀ ਪੂਰਵਕ ਕਰਵਾਉਣ ਲਈ ਜਿਲ੍ਹੇ ਦੇ ਨਗਰ ਨਿਗਮ/ਨਗਰ ਪੰਚਾਇਤਾਂ/ਨਗਰ ਕੌਂਸਲਾਂ ਜਿੱਥੇ ਚੌਣਾਂ ਹੋ ਰਹੀਆਂ ਜਾਂ ਜੋ ਆਦਰਸ਼ ਚੋਣ ਜਾਬਤੇ ਅਧੀਨ ਖੇਤਰ ਆਉਂਦੇ ਹਨ ਦੀ ਹਦੂਦ ਅੰਦਰ ਕਿਸੇ ਵੀ ਕਿਸਮ ਦੇ ਅਗਨ ਸ਼ਾਸਤਰ, ਅਸਲਾ ਵਿਸਫੋਟਕ ਜਲਣਸ਼ੀਲ ਵਸਤਾਂ ਅਤੇ ਤੇਜ ਧਾਰ ਹਥਿਆਰ ਜਿਵੇਂ ਕਿ ਟਾਕੂਏ, ਬਰਛੇ, ਤ੍ਰਿਸੂਲ ਆਦਿ ਸ਼ਾਮਲ ਹਨ ਨੂੰ ਲੈ ਕੇ ਚੱਲਣ ਦੀ ਪੂਰਨ ਤੌਰ ਤੇ ਪਾਬੰਦੀ ਦੇ ਹੁਕਮ ਜਾਰੀ ਕੀਤਾ ਹੈ। ਇਹ ਹੁਕਮ 22 ਦਸੰਬਰ 2024 ਤੱਕ ਲਾਗੂ ਰਹੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

## ਸਟੇਟ ਲੈਵਲ ਦੇ ਜੂਨੀਅਰ ਤਬਲਾ ਮੁਕਾਬਲੇ 'ਚ ਪਹਿਲੇ ਸਥਾਨ 'ਤੇ ਰਹਿਣ ਵਾਲੇ ਗਗਨਦੀਪ ਸਿੰਘ ਦਾ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਸਨਮਾਨ



ਨਵੀਂ ਦਿੱਲੀ, 19 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਟੇਟ ਲੈਵਲ ਦੇ ਜੂਨੀਅਰ ਤਬਲਾ ਮੁਕਾਬਲੇ ਵਿਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਗਗਨਦੀਪ ਸਿੰਘ ਪੁੱਤਰ ਤਰਵਿੰਦਰਪਾਲ ਸਿੰਘ ਦਾ ਸਨਮਾਨ ਕੀਤਾ ਗਿਆ। ਇਹ ਸਨਮਾਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਗਗਨਦੀਪ ਸਿੰਘ ਵਰਗੇ ਨੌਜਵਾਨ ਹੋਰਨਾਂ ਲਈ ਚਾਨਣ ਮੁਨਾਰਾ ਸਾਬਤ ਹੋ ਰਹੇ ਹਨ ਅਤੇ ਗੁਰਮਤਿ ਨਾਲ ਜੁੜੇ ਹੋਏ ਹਨ। ਉਹਨਾਂ ਕਿਹਾ ਕਿ ਨਵੀਂ ਪੀੜੀ ਨੂੰ ਗਗਨਦੀਪ ਸਿੰਘ ਵਰਗੇ ਨੌਜਵਾਨਾਂ ਕੋਲੋਂ ਸੇਧ ਅਤੇ ਪ੍ਰੇਰਨਾ ਲੈਣੀ ਚਾਹੀਦੀ ਹੈ। ਗਗਨਦੀਪ ਸਿੰਘ ਨੇ ਆਪਣੇ ਉਸਤਾਦ ਮਨਿੰਦਰ ਸਿੰਘ ਤੋਂ ਸਿੱਖਿਆ ਲਈ ਹੈ। ਉਹ ਐਸ ਐਸ ਮੋਤਾ ਸਿੰਘ ਸੀਨੀਅਰ ਸੈਕੰਡਰੀ ਸਕੂਲ ਜਨਕਪੁਰੀ ਦਾ ਵਿਦਿਆਰਥੀ ਹੈ ਅਤੇ ਸਰਵੋਦਿਆ ਕੋ ਐਜੂਕੇਸ਼ਨ ਸਕੂਲ ਸ਼ਕਤੀ ਨਗਰ ਵਿਖੇ ਹੋਏ ਸਟੇਟ ਪੱਧਰੀ ਮੁਕਾਬਲੇ ਵਿਚ ਉਸਨੇ ਪਹਿਲਾ ਸਥਾਨ ਹਾਸਲ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਐਡਵੋਕੇਟ ਹਰਜਿੰਦਰ ਸਿੰਘ ਧਾਮੀ ਖਿਲਾਫ਼

# ਕੀਤੀ ਜਾ ਰਹੀ ਹੈ ਦੂਸ਼ਣਬਾਜ਼ੀ : ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ



**ਚੌਕ ਮਹਿਤਾ, 19 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਖਿਲਾਫ਼ ਕੀਤੀ ਜਾ ਰਹੀ ਦੂਸ਼ਣਬਾਜ਼ੀ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਬੀਬੀ ਖਿਲਾਫ਼ ਬੋਲੇ ਗਏ ਸ਼ਬਦਾਂ ਪਿੱਛੇ ਪ੍ਰਧਾਨ ਧਾਮੀ ਦੀ ਕੋਈ ਨਿੱਜੀ ਮਨਸ਼ਾ ਨਾ ਹੋ ਕੇ ਜਾਣੇ ਅਣਜਾਣੇ 'ਚ ਹੋਈ ਪ੍ਰਤੀਕਿਰਿਆ ਹੈ, ਜਿਸ ਦਾ ਉਨ੍ਹਾਂ ਨੇ ਸਮੇਂ ਰਹਿੰਦੇ ਹੀ ਪਛਤਾਵਾ ਮੰਨਦੇ ਹੋਏ ਆਪਣੇ-ਆਪ ਹੀ ਨੈਤਿਕਤਾ ਦੇ ਆਧਾਰ 'ਤੇ ਖੁੱਲ੍ਹੇ ਮਨ ਨਾਲ ਮੁਆਫ਼ੀ ਮੰਗ ਲਈ ਹੈ। ਪਰ ਫਿਰ ਵੀ ਸ਼ਰਾਰਤੀ ਅਨਸਰ ਇਸ ਮਾਮਲੇ ਨੂੰ ਖ਼ਤਮ ਕਰਨ ਦੀ ਬਜਾਏ ਜਾਣਬੁਝ ਕੇ ਤੂਲ ਦੇ ਰਹੇ ਹਨ, ਜੋ ਕਿ ਸਰਾਸਰ ਗਲਤ ਹੈ।ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਿੱਖਾਂ ਦੇ ਬਹੁਤ ਹੀ ਵੱਡੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਨਮਾਨਯੋਗ ਅਹੁਦੇ ਉੱਪਰ ਬਤੌਰ ਪ੍ਰਧਾਨ ਬਿਰਾਜਮਾਨ ਹਨ, ਜਿਨ੍ਹਾਂ ਨੇ ਗੱਲਬਾਤ ਦੌਰਾਨ ਬੀਬੀ ਖਿਲਾਫ਼ ਕਿਸੇ ਤਣਾਅ ਦੇ ਚੱਲਦਿਆਂ ਅਪਸ਼ਬਦ ਬੋਲਣ ਦੇ ਮਾਮਲੇ 'ਚ ਕਿਸੇ ਤਰ੍ਹਾਂ ਦਾ ਕੋਈ ਲੁਕਾਅ ਨਹੀਂ ਰੱਖਿਆ ਤੇ ਨਾ ਹੀ ਇਸਨੂੰ ਝੁਠਲਾਇਆ ਹੈ, ਬਲਕਿ ਸੱਚ ਦੀ ਤਰਜ਼ਮਾਨੀ ਕਰਦੇ ਹੋਏ ਆਪਣੀ ਗਲਤੀ ਨੂੰ ਵੱਡੇ ਦਿਲ ਨਾਲ ਮੰਨਿਆ ਹੈ ਤੇ ਇਸ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਪੱਤਰ ਲਿਖ ਕੇ ਹੋਈ ਗ.ਲਤੀ ਦਾ ਅਹਿਸਾਸ ਵੀ ਕੀਤਾ ਹੈ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਮਹਿਲਾ ਕਮਿਸ਼ਨ ਪੰਜਾਬ ਨੂੰ ਵੀ ਮੁਆਫ਼ੀ ਸਬੰਧੀ ਪੱਤਰ ਸੌਂਪਿਆ ਗਿਆ ਹੈ। ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ ਪ੍ਰਧਾਨ ਧਾਮੀ ਇੱਕ ਪੜ੍ਹੇ-ਲਿਖੇ ਤੇ ਦੂਰ- ਅੰਦੇਸ਼ੀ ਰੱਖਣ ਵਾਲੀ ਸ਼ਖਸੀਅਤ ਹਨ, ਜੋ ਔਰਤਾਂ ਦਾ ਅਪਮਾਨ ਕਰਨ ਬਾਰੇ ਸੋਚ ਵੀ ਨਹੀਂ ਸਕਦੇ, ਪਰ ਇੱਕ ਪੱਤਰਕਾਰ ਵੱਲੋਂ ਫੋਨ ਉਪਰ ਗੱਲਬਾਤ ਦੌਰਾਨ ਜਾਣਬੁਝ ਕੇ ਭੜਕਾਹਟ ਪੈਦਾ ਕਰਨ ਤੋਂ ਬਾਅਦ ਉਕਸਾਹਟ 'ਚ ਆਏ ਪ੍ਰਧਾਨ ਧਾਮੀ ਨੇ ਜਾਣੇ-ਅਣਜਾਣੇ 'ਚ ਹੋਈ ਗਲਤੀ ਨੂੰ ਸਮੂਹ ਸੰਗਤ ਅੱਗੇ ਪ੍ਰਵਾਨ ਕਰਦੇ ਹੋਏ ਬੀਬੀ ਜਾਗੀਰ ਕੌਰ ਸਮੇਤ ਸਮੁੱਚੀ ਔਰਤ ਜਾਤੀ ਤੋਂ ਖਿਮਾ ਜਾਂਚਣਾ ਕੀਤੀ ਹੈ। ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਸ਼ਰਾਰਤੀ ਅਨਸਰਾਂ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਕੁਝ ਲੋਕ ਨਿੱਜੀ ਜਾਂ ਸਿਆਸੀ ਹਿੱਤਾਂ ਦੀ ਪੂਰਤੀ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਅਕਸ ਨੂੰ ਜਾਣਬੁਝ ਕੇ ਢਾਹ ਲਗਾ ਰਹੇ ਹਨ ਜਦਕਿ ਪ੍ਰਧਾਨ ਧਾਮੀ ਵੱਲੋਂ ਗਲਤੀ ਮੰਨੇ ਜਾਣ ਤੋਂ ਬਾਅਦ ਇਹ ਮਾਮਲਾ ਖ਼ਤਮ ਕਰ ਦਿੱਤਾ ਜਾਣਾ ਚਾਹੀਦਾ ਹੈ ।ਇਸ ਦੇ ਨਾਲ ਹੀ ਟਕਸਾਲ ਮੁਖੀ ਨੇ ਪੱਤਰਕਾਰ ਵੱਲੋਂ ਬੀਬੀ ਜਗੀਰ ਕੌਰ ਦਾ ਨਾਮ ਲੈ ਕੇ ਪ੍ਰਧਾਨ ਧਾਮੀ ਨੂੰ ਉਕਸਾਏ ਜਾਣ 'ਤੇ ਉਨ੍ਹਾਂ ਦੀ ਗੱਲਬਾਤ ਵਾਲੀ ਰਿਕਾਰਡਿੰਗ ਵਾਈਰਲ ਕੀਤੇ ਜਾਣ ਬਾਰੇ ਵੀ ਜਾਂਚ ਹੋਣੀ ਚਾਹੀਦੀ ਹੈ, ਜਿਸ ਨੇ ਨਿੱਜਤਾ ਦੀਆਂ ਹੱਦਾਂ ਪਾਰ ਕਰਕੇ ਬਿਨਾਂ ਦੱਸੇ ਇਹ ਰਿਕਾਰਡਿੰਗ ਕਰਕੇ ਇੱਕ ਸਤਿਕਾਰਯੋਗ ਅਹੁਦੇ 'ਤੇ ਬਿਰਾਜਮਾਨ ਸ਼ਖਸੀਅਤ ਦੇ ਸਨਮਾਨ ਨੂੰ ਢਾਹ ਲਗਾਈ ਹੈ।

## ਕਿਸਾਨ ਆਗੂ ਡੱਲੇਵਾਲ ਦੀ ਗੰਭੀਰ ਸਿਹਤ ਬਾਰੇ

# ਸੁਪਰੀਮ ਕੋਰਟ ਹੋਈ ਸਖ਼ਤ, ਮੰਗੀਆਂ ਮੈਡੀਕਲ ਰਿਪੋਰਟਾਂ



ਨਵੀਂ ਦਿੱਲੀ 19 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਨੂੰ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਇੱਕ ਹਫ਼ਤੇ ਲਈ ਹਸਪਤਾਲ ਜਾਣ, ਲੋੜੀਂਦਾ ਇਲਾਜ ਕਰਵਾਉਣ ਲਈ ਮਨਾਉਣ ਲਈ ਯਤਨ ਕਰਨ ਦੇ ਨਿਰਦੇਸ਼ ਦਿੱਤੇ ਹਨ ਅਤੇ ਫਿਰ ਉਹ ਮਰਨ ਵਰਤ ਮੁੜ ਸ਼ੁਰੂ ਕਰ ਸਕਦੇ ਹਨ।

ਡੱਲੇਵਾਲ ਦੇ ਹਸਪਤਾਲ ਵਿੱਚ ਦਾਖਲ ਹੋਣ ਦੌਰਾਨ ਕੋਈ ਹੋਰ ਅੰਦੋਲਨ ਜਾਰੀ ਰੱਖ ਸਕਦਾ ਹੈ ਇਸਦੇ ਨਾਲ ਹੀ ਅਦਾਲਤ ਨੇ ਮਰਨ ਵਰਤ 'ਤੇ ਬੈਠੇ ਆਗੂ ਡੱਲੇਵਾਲ ਦੀ ਸ਼ੁੱਕਰਵਾਰ ਦੁਪਹਿਰ ਤੱਕ ਮੈਡੀਕਲ ਰਿਪੋਰਟ ਮੰਗੀ ਹੈ, ਜਦੋਂ ਇਸ ਮਾਮਲੇ 'ਤੇ ਦੁਬਾਰਾ ਸੁਣਵਾਈ ਕੀਤੀ ਜਾਵੇਗੀ। ਇਸ ਤੋਂ ਪਹਿਲਾਂ, ਵੀਰਵਾਰ ਨੂੰ ਮੁੜ ਸ਼ੁਰੂ ਹੋਈ ਸੁਣਵਾਈ ਦੌਰਾਨ, ਪੰਜਾਬ ਏਜੀ ਨੇ ਕਿਹਾ ਕਿ ਰਾਤੋ-ਰਾਤ ਬਹੁਤ ਸਾਰਾ ਪ੍ਰਬੰਧ ਕੀਤਾ ਗਿਆ ਸੀ। ਜਗਜੀਤ ਸਿੰਘ ਡੱਲੇਵਾਲ ਨਾਲ ਉਚ ਅਧਿਕਾਰੀਆਂ ਨੇ ਗੱਲਬਾਤ ਕੀਤੀ। ਪਹਿਲਾਂ ਤਾਂ ਵਿਰੋਧ ਹੋਇਆ, ਪਰ ਹੁਣ ਡਾਕਟਰੀ ਮਾਹਿਰ ਸਾਈਟ 'ਤੇ ਉਸ ਦੀ ਮਦਦ ਕਰ ਰਹੇ ਹਨ।

ਇੱਥੋਂ ਤੱਕ ਕਿ ਮਰਨ ਵਰਤ ਵਾਲੇ ਸਥਾਨ ਦੇ ਨੇੜੇ ਇੱਕ ਜਗ੍ਹਾ ਨੂੰ ਹਸਪਤਾਲ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ ਅਤੇ ਉੱਥੇ ਐਮਰਜੈਂਸੀ ਲਈ ਸਾਰੀਆਂ ਸਹੂਲਤਾਂ ਰੱਖੀਆਂ ਗਈਆਂ ਹਨ। ਹਾਲਾਂਕਿ, ਉਸ ਨੂੰ ਤਬਦੀਲ ਕਰਨ ਵਿੱਚ ਮੁਸ਼ਕਲ ਹੈ ਕਿਉਂਕਿ ਉੱਥੇ 3,000-4,000 ਲੋਕ ਇਕੱਠੇ ਹੋਏ ਹਨ ਜੋ ਉਸ ਦੇ ਤਬਾਦਲੇ ਦਾ ਵਿਰੋਧ ਕਰ ਰਹੇ ਹਨ। ਉਨ੍ਹਾਂ ਨੇ ਟਰਾਲੀਆਂ ਇਕੱਠੀਆਂ ਕੀਤੀਆਂ ਹਨ ਤਾਂ ਜੋ ਕੋਈ ਵਾਹਨ ਲੰਘ ਨਾ ਸਕੇ। ਉਸ ਨੂੰ ਸਰੀਰਕ ਤੌਰ 'ਤੇ ਚੁੱਕਣਾ ਸੰਭਵ ਨਹੀਂ ਹੈ।

ਸਰੀਰਕ ਟਕਰਾਅ ਦੇ ਮਾਮਲੇ ਵਿੱਚ, ਜਾਨੀ ਨੁਕਸਾਨ ਹੋ ਸਕਦਾ ਹੈ ਦੇ ਜੁਆਬ ਵਿਚ ਅਦਾਲਤ ਨੇ ਕਿਹਾ ਕਿ ਕਿਸਾਨਾਂ ਅਤੇ ਨੇਤਾਵਾਂ ਦਾ ਕਦੇ ਵੀ ਸਰੀਰਕ ਟਕਰਾਅ ਨਹੀਂ ਹੋਇਆ।ਉਹ ਸ਼ਾਂਤੀ ਨਾਲ ਬੈਠੇ ਹਨ। ਇਹ ਸ਼ਬਦ ਅਫਸਰਾਂ ਦੇ ਮਨਘੜਤ ਹਨ।ਏਜੀ ਨੇ ਕਿਹਾ ਕਿ ਡੱਲੇਵਾਲ ਅਦਾਲਤ ਵਿੱਚ ਹਾਜ਼ਰੀਨ ਚਾਹੁੰਦਾ ਸੀ, ਅਤੇ ਅਦਾਲਤ ਨੇ ਕਿਹਾ ਕਿ ਉਸ ਨਾਲ ਗੱਲਬਾਤ ਕਰਨ ਵਿੱਚ ਕੋਈ ਮੁਸ਼ਕਲ ਨਹੀਂ ਹੈ। ਹਾਲਾਂਕਿ ਅਦਾਲਤ ਪਹਿਲਾਂ ਚਾਹੁੰਦੀ ਸੀ ਕਿ ਉਸ ਨੂੰ ਤੁਰੰਤ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ ਜਾਵੇ।

ਅਦਾਲਤ ਨੇ ਏਜੀ ਨੂੰ ਡੱਲੇਵਾਲ ਦੇ ਖੂਨ ਦੀ ਜਾਂਚ ਰਿਪੋਰਟ ਦਿਖਾਉਣ ਲਈ ਕਿਹਾ ਹੈ।ਉਸ ਦੀ ਕੈਂਸਰ ਦੀ ਹਾਲਤ, ਸੀਟੀ ਸਕੈਨ, ਕੁਝ ਨਹੀਂ ਹੋਇਆ ਪਰ ਅਧਿਕਾਰੀ ਠੀਕ ਹੈ ਦੱਸ ਕੇ ਕਿਸ ਤਰ੍ਹਾਂ ਦਾ ਸਰਟੀਫਿਕੇਟ ਦੇ ਰਹੇ ਹਨ. ? ਜਿਹੜੇ ਕਹਿੰਦੇ ਹਨ ਕਿ ਮਰਨ ਵਰਤ ਰੱਖਣ ਵਾਲੇ ਆਗੂ ਠੀਕ ਹਨ, ਉਹ ਅਧਿਕਾਰੀ ਹਨ, ਡਾਕਟਰ ਨਹੀਂ। 70 ਸਾਲ ਤੋਂ ਵੱਧ ਉਮਰ ਦਾ ਵਿਅਕਤੀ ਜੋ ਪਿਛਲੇ 24 ਦਿਨਾਂ ਤੋਂ ਭੁੱਖ ਹੜਤਾਲ 'ਤੇ ਬੈਠਾ ਹੈ, ਓਹ ਕਿਸ ਤਰ੍ਹਾਂ ਬਿਨਾਂ ਟੈਸਟਾਂ ਤੋਂ ਠੀਕ ਹੈ ? ਉਹ ਭੁੱਖ ਹੜਤਾਲ ਜਾਰੀ ਰੱਖ ਸਕਦਾ ਹੈ, ਪਰ ਡਾਕਟਰੀ ਨਿਗਰਾਨੀ ਦੇ ਅਧੀਨ, ਅਤੇ ਨਿਗਰਾਨੀ ਬਿਨਾਂ ਕਿਸੇ ਭੋਜਨ ਜਾਂ ਤਰਲ ਦੇ ਸੇਵਨ ਦੇ ਵੀ ਹੋ ਸਕਦੀ ਹੈ।ਰਾਜ ਤੰਤਰ ਨੂੰ ਕਹੋ ਕਿ ਉਹ ਆਪਣੀਆਂ ਸੰਵਿਧਾਨਕ ਜ਼ਿੰਮੇਵਾਰੀਆਂ ਪ੍ਰਤੀ ਜਿਉਂਦਾ ਰਹੇ।

## ਗਿਆਨੀ ਹਰਪ੍ਰੀਤ ਸਿੰਘ ਨੂੰ ਆਹੁਦੇ ਤੋਂ ਹਟਾਉਣ ਨਾਲ ਬਾਦਲਕਿਆਂ ਦੀ ਤਖਤਾਂ ਦੇ ਜਥੇਦਾਰਾਂ ਨੂੰ ਬੇਕਦਰੀ ਤੇ ਬੇਇੱਜਤ ਕਰਕੇ ਕੱਢਣ ਵਾਲ਼ੀ ਨੀਤੀ ਇੱਕ ਵਾਰ ਫਿਰ ਲੋਕਾਂ'ਚ ਹੋਈ ਨੰਗੀ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 19 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨਾਂ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਇੱਕ ਬਾਦਲਕਿਆਂ ਦੇ ਵਫ਼ਾਦਾਰ ਅਕਾਲੀ ਆਗੂ ਵਿਚਕਾਰ ਟਕਰਾਓ ਚੱਲ ਰਿਹਾ ਸੀ ਕਿਉਂਕਿ ਅਕਾਲੀ ਆਗੂ ਨੇ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ'ਚ ਗਿਆਨੀ ਹਰਪ੍ਰੀਤ ਸਿੰਘ ਨੂੰ ਜ਼ਾਤੀ ਸੂਤਕ ਸ਼ਬਦ ਕਹੇ ਕਿ ਅਪਮਾਨਿਤ ਕੀਤਾ ਸੀ ਅਤੇ ਜਿਸ ਦੇ ਸਿੱਟੇ ਵਜੋਂ ਉਕਤ ਅਕਾਲੀ ਆਗੂ ਨੂੰ ਪੰਜ ਸਾਲਾਂ ਲਈ ਸਿੰਘ ਸਾਹਿਬਾ ਨੇ ਇੱਕ ਹੁਕਮ ਰਾਹੀਂ ਅਕਾਲੀ ਦਲ' ਚ ਕੱਢ ਦਿੱਤਾ ਗਿਆ ਸੀ ਅਤੇ ਹੁਣ ਉਕਤ ਅਕਾਲੀ ਆਗੂ ਵੱਲੋਂ ਉਸ ਮੌਕਾ ਦੀ 27 ਮਿੰਟ ਦੀ ਵੀਡੀਓ ਰਿਕਾਰਡਿੰਗ ਵਾਇਰਲ ਕਰ ਦਿੱਤੀ ,ਜੋਂ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਆਹੁਦੇ ਤੋਂ ਹਟਾਉਣ ਦਾ ਕਾਰਣ ਬਣੀ, ਭਾਵੇਂ ਕਿ ਸਿੱਖ ਪਰੰਪਰਾਵਾਂ ਤੇ ਮਰਯਾਦਾ ਅਨੁਸਾਰ ਨਾਂ ਅਕਾਲੀ ਦਲ ਅਤੇ ਨਾ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤਖ਼ਤਾਂ ਦੇ ਜਥੇਦਾਰ ਸਾਹਿਬਾਨਾਂ ਨੂੰ ਬੇਇੱਜਤ ਕਰਕੇ ਕੱਢਣ ਦਾ ਅਧਿਕਾਰ ਰੱਖਦੀ ਹੈ ਪਰ ਇਹ ਸਭ ਕੁਝ ਪਰਦੇ ਪਿੱਛੇ ਸੁਖਬੀਰ ਬਾਦਲ ਨੂੰ ਫਿਰ ਤੋਂ ਅਕਾਲੀ ਦਲ ਦਾ ਪ੍ਰਧਾਨ ਬਣਾਉਣ ਲਈ ਤਾਣਾ ਬਾਣਾ ਬੁਣਿਆ ਜਾ ਰਿਹਾ ਹੈ ਜਿਸ ਕਰਕੇ ਗਿਣੀ ਮਿਥੀ ਸਾਜਸ਼ ਤਹਿਤ ਸ੍ਰੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਦੇ ਸਤਿਕਾਰਯੋਗ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਬਲੀ ਦੇਣੀ ਪਈ, ਕਿਉਂਕਿ ਅਗਰ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਗਾਲ਼ ਨੂੰ ਲੈਕੇ ਮੁੱਦਾ ਬਣਾਇਆ ਗਿਆ ਤਾਂ ਫਿਰ ਧਾਮੀ ਸਾਹਿਬ ਨੂੰ ਬੀਬੀ ਜਗੀਰ ਕੌਰ ਨੂੰ ਗਾਲ ਕੱਢਣ ਬਦਲੇ ਕਿਉਂਕਿ ਨਹੀਂ ਹਟਾਇਆ ਗਿਆ , ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸ਼੍ਰੋਮਣੀ ਕਮੇਟੀ ਦੀ ਅੰਬ ਸਾਹਿਬ ਵਿਖੇ ਹੋਈ ਮੀਟਿੰਗ'ਚ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਨੂੰ ਹਟਾ ਕੇ ਹੈਂਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੂੰ ਚਾਰਜ ਦੇਣ ਵਾਲੀ ਬਾਦਲਕਿਆਂ ਦੀ ਤਖਤਾਂ ਦੇ ਜਥੇਦਾਰਾਂ ਨੂੰ ਬੇਇੱਜਤ ਤੇ ਬੇਕਦਰੀ ਨਾਲ ਹਟਾਉਣ ਵਾਲੀ ਨੀਤੀ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦਿਆਂ ਮੰਗ ਕੀਤੀ ਕਿ ਅਕਾਲੀ ਆਗੂ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਦੀ ਗਾਲ਼ ਕੱਢਣ ਵਾਲੀ 27 ਸੈਕਿੰਡ ਵਾਲੀ ਵੀਡੀਓ ਰਿਕਾਰਡਿੰਗ ਪੂਰੀ ਡੇਢ. ਘੰਟੇ ਦੀ ਸਾਰੇ ਲੋਕਾਂ ਸਾਹਮਣੇ ਲਿਆਂਦੀ ਜਾਵੇ ਤਾਂ ਕਿ ਸਮੂਚੀਆਂ ਸੰਗਤਾਂ ਨੂੰ ਇਸ ਸਬੰਧੀ ਪੂਰੀ ਸੱਚਾਈ ਦਾ ਪਤਾ ਲੱਗ ਸਕੇ, ਭਾਈ ਖਾਲਸਾ ਨੇ ਕਿਹਾ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਬੀਤੇ ਦਿਨ ਪ੍ਰੈਸ ਕਾਨਫਰੰਸ ਦੌਰਾਨ ਇਹ ਮੰਗ ਕੀਤੀ ਸੀ ਕਿ ਡੇਢ ਘੰਟੇ ਵਾਲੀ ਸਾਰੀ ਵੀਡੀਓ ਰਿਕਾਰਡਿੰਗ ਵਾਇਰਲ ਕੀਤੀ ਜਾਵੇ, ਭਾਈ ਖਾਲਸਾ ਨੇ ਕਿਹਾ ਬੜੀ ਤਾਨਾਸ਼ਾਹੀ ਵਾਲੀ ਗੱਲ ਹੈ ਕਿ ਸਿੱਖ ਕੌਮ ਦੇ ਸਿਰਮੌਰ ਆਹੁਦੇ ਤੇ ਬਿਰਾਜਮਾਨ ਸਤਿਕਾਰ ਯੋਗ ਜਥੇਦਾਰ ਸਾਹਿਬ ਨੂੰ ਬਿਨਾਂ ਕਾਰਨ ਉਨ੍ਹਾਂ ਦੇ ਆਹੁਦੇ ਤੋਂ ਹਟਾਇਆ ਗਿਆ , ਇਸ ਨਾਲ ਵਿਸ਼ਵ ਵਿਚ ਵੱਸਦੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚੀ ਹੈ, ਕਿਉਂਕਿ ਅਗਰ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਗਾਲ ਕੱਢਣ ਲਈ ਆਹੁਦੇ ਤੋਂ ਹਟਾਇਆ ਗਿਆ ਤਾਂ ਫਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਕਿਉਂ ਨਹੀਂ ਹਟਾਇਆ ਗਿਆ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਗਿਆਨੀ ਹਰਪ੍ਰੀਤ ਸਿੰਘ ਜੀ 2 ਦਸੰਬਰ ਵਾਲੇ ਦਿੱਤੇ ਫੈਸਲੇ ਵਿਰੁੱਧ ਹੋਰ ਹੋਣ ਵਾਲੀ ਇਕੱਤਰਤਾ ਵਿਚ ਸ਼ਾਮਿਲ ਹੋਣ ਤੋਂ ਇਨਕਾਰ ਕਰ ਰਹੇ ਸਨ ਅਤੇ ਇਸੇ ਇਕੱਤਰਤਾ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਮੁੜ ਪ੍ਰਧਾਨ ਬਣਾਉਣ ਦੀ ਗੱਲ ਹੋਣੀ ਸੀ,ਭਾਈ ਖਾਲਸਾ ਨੇ ਕਿਹਾ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਲੰਮੇ ਸਮੇਂ ਤੋਂ ਹਟਾਉਣ ਦੀਆਂ ਕੋਸ਼ਿਸ਼ਾਂ ਜਾਰੀ ਸੀ ਅਤੇ ਉਹਨਾਂ ਕੋਸ਼ਿਸ਼ ਦੀ ਕੜੀ ਤਹਿਤ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਵਿਰੁੱਧ 27 ਸੈਕਿੰਡ ਦੀ ਵੀਡੀਓ ਰਿਕਾਰਡਿੰਗ ਨੂੰ ਅਧਾਰ ਬਣਾ ਲਿਆ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਬਿਨਾਂ ਵਜ੍ਹਾ ਬੇਕਦਰੀ ਤੇ ਬੇਇੱਜਤ ਕਰਕੇ ਆਹੁਦੇ ਤੋਂ ਹਟਾਉਣ ਵਾਲੀ ਬਾਦਲਕਿਆਂ ਦੀਆਂ ਤਖਤਾਂ ਵਿਰੋਧੀ ਨੀਤੀ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੋਈ ਮੰਗ ਕਰਦੀ ਹੈ ਕਿ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਮੰਗ ਅਨੁਸਾਰ ਡੇਢ. ਘੰਟੇ ਵਾਲੀ ਸਾਰੀ ਵੀਡੀਓ ਰਿਕਾਰਡਿੰਗ ਲੋਕਾਂ ਸਾਹਮਣੇ ਲਿਆਂਦੀ ਜਾਵੇ ਅਤੇ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਉਨ੍ਹਾਂ ਦੇ ਆਹੁਦੇ ਤੇ ਬਹਾਲ ਕੀਤਾ ਜਾਵੇ।

## ਇੱਕ ਰਾਸ਼ਟਰ, ਇੱਕ ਚੋਣ ਬਿੱਲ, ਭਵਿੱਖਤ ਸਿਆਸੀ ਸੰਕਟ ਦਾ ਅਸ਼ੁੱਭ ਸੰਕੇਤ - ਕੂਨਰ/ ਸਮਰਾ/ ਮੰਗੂਵਾਲ



**ਨਵੀਂ ਦਿੱਲੀ, 19 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:-ਭਾਰਤ ਦੀ ਮੌਜੂਦਾ ਸਰਕਾਰ ਜੋ ਇਕ ਰਾਸ਼ਟਰ ਇਕ ਚੋਣ ਦੇ ਨਾਮ ਹੇਠ ਕਨੂੰਨ ਬਣਾਉਣ ਦੀ ਪ੍ਰਕਿਰਿਆ ਵਿੱਚ ਹੈ ਉਸ ਨਾਲ ਭਵਿੱਖ ਵਿੱਚ ਗੰਭੀਰ ਸਿਆਸੀ ਸੰਕਟ ਪੈਦਾ ਹੋਣਗੇ। ਇਹ ਸਤਿਯੁੱਗ ਨਹੀਂ ਹੈ, ਮੁੱਦਾਹੀਣ ਸਿਆਸਤ ਅਤੇ ਪਦਾਰਥਵਾਦੀ ਹਵਸ ਅਤੇ ਕਿਸੇ ਵੀ ਕੀਮਤ ਤੇ ਸੱਤਾ ਹਥਿਆਉਣ 'ਤੇ ਉਤਾਰੂ ਦਲਬਦਲੂ ਲੀਡਰਾਂ ਦੇ ਚੱਲਦੇ ਹਰ ਵਾਰ ਚੁਣੀ ਹੋਈ ਸਰਕਾਰ ਦਾ ਮਿੱਥੀ ਹੋਈ ਮਿਆਦ ਪੂਰੀ ਕਰਨਾ ਸੰਭਵ ਨਹੀਂ ਹੁੰਦਾ। ਅਜੋਕੇ ਸਮੇਂ ਵਿੱਚ ਜੇ ਕੋਈ ਸਰਕਾਰ ਮਿੱਥੀ ਹੋਈ ਮਿਆਦ ਪੂਰੀ ਨਾ ਕਰ ਸਕੇ ਜਾਂ ਕੋਈ ਹੋਰ ਸੰਕਟ ਦੀ ਸਥਿਤੀ ਬਣੇ ਤਾਂ ਸੰਵਿਧਾਨ ਦੀ ਧਾਰਾ 356 ਅਧੀਨ ਸਰਕਾਰ ਭੰਗ ਕਰਕੇ ਮਧਕਲੀਨ ਚੋਣ ਹੋ ਸਕਦੀ ਹੈ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ ਇਕਾਈ ਦੇ ਮੈਂਬਰਾਂ ਨੇ ਦਸਿਆ ਕਿ ਨਵੇਂ ਕਨੂੰਨ ਦੇ ਹੋਂਦ ਵਿੱਚ ਆਉਣ ਤੇ ਪੰਜਾਬ ਸਰਕਾਰ ਦੀ ਮਿਆਦ 2027 ਤੱਕ ਹੈ ਤੇ ਕੇਂਦਰ ਦੀ 2029 ਤੱਕ ਤੇ ਫਿਰ 2 ਸਾਲ ਲਈ ਕੀ ਰਾਸ਼ਟਰਪਤੀ ਰਾਜ ਹੋਵੇਗਾ, ਜਾਂ ਮਿਆਦ ਪੁਗਾ ਚੁੱਕੀ ਸਰਕਾਰ ਕੰਮ ਚਲਾਊ ਸਰਕਾਰ ਵਜੋਂ ਰਿਹਾ ਕਰੇਗੀ। ਭੂਤਕਾਲ ਵਿੱਚ ਮੈਡਮ ਇੰਦਰਾ ਗਾਂਧੀ ਵੱਲੋਂ ਐਲਾਨੀ ਐਮਰਜੈਂਸੀ ਭਾਵੇਂ ਅਧਿਕਾਰਤ ਤੌਰ 'ਤੇ ਹਟ ਗਈ ਪਰ ਉਸ ਸਮੇਂ ਦੀਆਂ ਨੀਤੀਆਂ ਤਕਰੀਬਨ ਉਂਝ ਹੀ ਜਾਰੀ ਹਨ ਇਸੇ ਪ੍ਰਕਾਰ ਇਹ ਕਨੂੰਨ ਦੇਸ਼ ਵਿੱਚ ਅਨੇਕਾਂ ਪ੍ਰਕਾਰ ਦੇ ਸੰਕਟ ਪੈਦਾ ਕਰੇਗਾ ਜੋ ਲੋਕਤੰਤਰ ਦੇ ਅਨੁਕੂਲ ਨਹੀਂ ਹੋਣਗੇ। ਇਕ ਡ੍ਰੈਸ ਕੋਡ, ਸੀ ਏ ਏ ਆਦਿਕ ਅਨੇਕਾਂ ਵਿਵਾਦਤ ਕਨੂੰਨਾਂ ਦੇ ਚਲਦਿਆਂ ਇਹ ਮੌਜੂਦਾ ਸੰਵਿਧਾਨ ਤੋਂ ਹਟਕੇ ਅਨਿਸ਼ਚਿਤਤਾ ਵੱਲ ਵਧਦੇ ਕਦਮਾਂ ਦੀ ਆਹਟ ਹੈ। ਜੰਮੂ-ਕਸ਼ਮੀਰ ਨੂੰ ਮੁੜ ਰਾਜ ਦਾ ਦਰਜਾ ਦੇਣ ਦੇ ਸੰਸ਼ੋਧਨ ਬਿੱਲ 129 ਨਾਲ 1950 ਵਿੱਚ ਲਾਗੂ ਹੋਏ ਸੰਵਿਧਾਨ ਦੀਆਂ ਸੋਧਾਂ ਦੀ ਕੀ ਔਸਤ ਬਣਦੀ ਹੈ ਅਤੇ ਉਸ ਨਾਲ ਪਹਿਲਾਂ ਲਾਗੂ ਹੋਏ ਸੰਵਿਧਾਨ ਵਿਚੋਂ ਹੁਣ ਅਤੇ ਇਸੇ ਪ੍ਰਕਾਰ ਸੋਧਾਂ ਹੁੰਦੀਆਂ ਰਹੀਆਂ ਤਾਂ ਭਵਿੱਖ ਵਿੱਚ ਕੀ ਬਚੇਗਾ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ ਇਕਾਈ ਦੇ ਮੁੱਖ ਸੇਵਾਦਾਰ ਸਰਬਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਸਮਰਾ, ਜਨਰਲ ਸਕੱਤਰ ਸਤਿੰਦਰਪਾਲ ਸਿੰਘ ਮੰਗੂਵਾਲ ਨੇ ਕਿਹਾ ਕਿ ਸਿੱਖ ਕੌਮ ਨੂੰ ਦੁਨੀਆਂ ਭਰ ਵਿੱਚ ਵਾਪਰ ਰਹੇ ਘਟਨਾਕ੍ਰਮ ਤੋਂ ਚੇਤੰਨ ਰਹਿਣਾ ਜਰੂਰੀ ਹੁੰਦਾਂ ਹੈ।






ਜਨਮ ਦਿਨ ਮੁਬਾਰਕ

**ਅਗਮਜੋਤ ਕੌਰ**
ਮਾਤਾ ਬਲਵਿੰਦਰ ਕੌਰ
ਪਿਤਾ ਸੁਖਬੀਰ ਸਿੰਘ
ਰਾਮੂਵਾਲ ਅੰਮ੍ਰਿਤਸਰ


## ਥਾਣਾ ਵੇਰਕਾ ਵੱਲੋ 30 ਗੱਟੂ ਚਾਈਨਾਂ ਡੋਰ ਸਮੇਤ ਕਾਬੂ



**ਚੌਕ ਮਹਿਤਾ, 19 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੁੱਖ ਅ.ਫਸਰ ਥਾਣਾ ਵੇਰਕਾ ਇੰਸਪੈਕਟਰ ਸਪਿੰਦਰ ਕੌਰ ਦੀ ਨਿਗਰਾਨੀ ਹੇਠ ਏ.ਐਸ.ਆਈ ਸਤਪਾਲ ਸਿੰਘ ਸਮੇਤ ਸਾਥੀ ਕਰਮਚਾਰੀਆਂ ਵੱਲੋਂ ਪੁਖ਼ਤਾ ਸੂਚਨਾਂ ਦੇ ਅਧਾਰ ਤੇ ਬਟਾਲਾ ਸਾਈਡ ਤੋਂ ਆਉਂਦੇ ਇੱਕ ਵਿਅਕਤੀ ਅਜੇਪਾਲ ਸਿੰਘ ਉਰ.ਫ ਗੋਲਡੀ ਪੁੱਤਰ ਦਲਬੀਰ ਸਿੰਘ ਵਾਸੀ ਪਿੰਡ ਪਿੰਡੋਰੀ ਵੜੈਚ,ਅੰਮ੍ਰਿਤਸਰ ਨੂੰ ਕਾਬੂ ਕਰਕੇ ਇਸ ਪਾਸੋਂ ਇੱਕ ਪਲਾਸਿਟਕ ਦਾ ਤੋੜਾ ਜਿਸ ਵਿੱਚ 30 ਗੱਟੂ ਚਾਈਨਾਂ ਡੋਰ ਵੀ ਬ੍ਰਾਮਦ ਕੀਤੇ ਗਏ ਹਨ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਪੰਜਾਬੀ ਵਿਭਾਗ ਵੱਲੋਂ

# ਡਾ. ਮਨਮੋਹਨ ਨਾਲ ਰੂਬਰੂ ਅਤੇ ਕਵੀ ਦਰਬਾਰ ਦਾ ਆਯੋਜਨ

**ਚੌਕ ਮਹਿਤਾ, 19 ਦਸੰਬਰ ( ਬਾਬਾ ਸੁਖਵੰਤ ਸਿੰਘ)**-ਪੰਜਾਬੀ ਅਧਿਐਨ ਸਕੂਲ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਅਤੇ ਸਾਹਿਤ ਅਕਾਦੇਮੀ, ਨਵੀਂ ਦਿੱਲੀ ਵੱਲੋਂ ਮਾਣਯੋਗ ਉਪ-ਕੁਲਪਤੀ ਪ੍ਰੋਫ਼ੈਸਰ ਕਰਮਜੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਅਤੇ ਪੰਜਾਬੀ ਅਧਿਐਨ ਸਕੂਲ ਦੇ ਮੁਖੀ ਡਾ. ਮਨਜਿੰਦਰ ਸਿੰਘ ਦੀ ਸੁਯੋਗ ਅਗਵਾਈ ਅਧੀਨ ਪੰਜਾਬੀ ਸਾਹਿਤ ਜਗਤ ਦੀ ਨਾਮਵਰ ਸ਼ਖਸੀਅਤ ਡਾ. ਮਨਮੋਹਨ ਸਿੰਘ ਨਾਲ ਰੂਬਰੂ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਸਮਾਗਮ ਵਿੱਚ ਡਾ. ਪਲਵਿੰਦਰ ਸਿੰਘ, ਡੀਨ ਅਕਾਦਮਿਕ ਮਾਮਲੇ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ।ਆਰੰਭ ਵਿੱਚ ਵਿਭਾਗ ਦੇ ਮੁਖੀ ਡਾ. ਮਨਜਿੰਦਰ ਸਿੰਘ ਨੇ ਡਾ. ਮਨਮੋਹਨ ਸਿੰਘ ਨੂੰ ਪੌਦਾ ਭੇਟ ਕਰਕੇ ਉਹਨਾਂ ਨੂੰ ਜੀ ਆਇਆ ਕਿਹਾ। ਸਵਾਗਤੀ ਸ਼ਬਦ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਡਾ. ਮਨਮੋਹਨ ਸਿੰਘ ਨੇ ਛੋਟੀ ਉਮਰੇ ਹੀ ਸਾਹਿਤ ਸਿਰਜਣਾ ਦਾ ਕਾਰਜ ਆਰੰਭ ਕੀਤਾ। ਪ੍ਰਸ਼ਾਸਕੀ ਸੇਵਾਵਾਂ (ਆਈ.ਪੀ.ਐੱਸ) ਵਿੱਚ ਹੋਣ ਦੇ ਬਾਵਜੂਦ ਵੀ ਉਹਨਾਂ ਸਾਹਿਤਕ ਘਾਲਣਾ ਮਿਸਾਲੀ ਹੈ। ਉਹਨਾਂ ਦੀ ਜੀਵਨ-ਗਾਥਾ ਕਈ ਵਿਦਿਆਰਥੀਆਂ ਲਈ ਪ੍ਰੇਰਨਾ-ਸਰੋਤ ਦਾ ਕਾਰਜ ਕਰਦੀ ਹੈ। ਮੁੱਖ ਮਹਿਮਾਨ ਡਾ. ਪਲਵਿੰਦਰ ਸਿੰਘ ਨੇ ਕਿਹਾ ਕਿ ਮੁਕਾਬਲੇ ਦੇ ਇਸ ਯੁੱਗ ਵਿੱਚ ਯੂਨੀਵਰਸਿਟੀ ਦਾ ਪੰਜਾਬੀ ਵਿਭਾਗ ਪੰਜਾਬੀ ਭਾਸ਼ਾ ਦੀ ਸੁਹਿਰਦਤਾ ਨਾਲ ਸੇਵਾ ਕਰ ਰਿਹਾ ਹੈ। ਉਹਨਾਂ ਕਿਹਾ ਕਿ ਸਾਹਿਤ ਸਿਰਜਣਾ ਦੇ ਖੇਤਰ ਵਿੱਚ ਪੰਜਾਬੀ ਸਾਹਿਤ ਵੀ ਵਿਸ਼ਵ ਪੱਧਰੀ ਸਾਹਿਤ ਰਚਨਾ ਦਾ ਭਾਗੀਦਾਰ ਬਣਦਾ ਰਿਹਾ ਹੈ। ਅਜਿਹੇ ਸਮਾਗਮ ਇਸ ਚੇਤਨਾ ਨੂੰ ਜਾਗ੍ਰਿਤ ਕਰਨ ਵਿੱਚ ਮਹਤੱਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਉਪਰੰਤ ਡਾ. ਮਨਮੋਹਨ ਸਿੰਘ ਨੇ ਮੁਖ਼ਾਤਿਬ ਹੁੰਦਿਆਂ ਕਿਹਾ ਕਿ ਉਹਨਾਂ ਲਈ ਸਿਰਜਕ ਹੋਣਾ ਵੱਡੇ ਮਾਣ ਦੀ ਗੱਲ ਹੈ। ਉਹਨਾਂ ਆਪਣਾ ਜੀਵਨ ਅਨੁਭਵ ਸਾਂਝਾ ਕਰਦੇ ਹੋਏ ਕਿਹਾ ਕਿ ਸ਼ਬਦ ਸਾਧਨਾ ਦੇ ਖੇਤਰ ਵਿੱਚ ਸੰਗਤ ਦੀ ਅਹਿਮ ਭੂਮਿਕਾ ਰਹਿੰਦੀ ਹੈ। ਇਸਦੇ ਨਾਲ ਹੀ ਪਹਿਲੀ ਮੁਹੱਬਤ ਦੀ ਅਪ੍ਰਾਪਤੀ ਵੀ ਸਿਰਜਣਾ ਦੀ ਚਿਣਗ ਨੂੰ ਸੁਲਘਾਉਂਦੀ ਹੈ। ਉਹਨਾਂ ਪੰਜਾਬ ਦੇ 1984 ਦੇ ਦੁਖਾਂਤ ਨਾਲ ਸਬੰਧਤ ਕਵਿਤਾ ਸਾਂਝੀ ਕਰਦਿਆਂ ਕਿਹਾ ਕਿ ਚੇਤਨਾ ਦਾ ਵਿਕਾਸ ਮਨੁੱਖ ਨੂੰ ਆਪਣੀਆਂ ਜੜ੍ਹਾਂ ਦੇ ਹੋਰ ਨਜ਼ਦੀਕ ਲੈ ਜਾਂਦਾ ਹੈ। ਆਪਣੇ ਕਵਿਤਾ ਤੋਂ ਨਾਵਲ ਵੱਲ ਮੁੜਨ ਦੇ ਕਾਰਨਾਂ ਦਾ ਵਿਸ਼ਲੇਸ਼ਣ ਕਰਦਿਆਂ ਉਹਨਾਂ ਕਿਹਾ ਕਿ ਤਰਕ ਆਧਾਰਿਤ ਅਨੁਭਵ ਨਵੀਂ ਵਿਧਾ ਦੀ ਮੰਗ ਕਰਦਾ ਹੈ। ਵੱਡਾ ਲੇਖਕ ਹੋਣ ਲਈ ਚਿਹਨ ਵਿਗਿਆਨ ਦੀ ਡੂੰਘੀ ਸਮਝ ਵੀ ਜ਼ਰੂਰੀ ਹੈ। ਇਸਦੇ ਮਾਧਿਅਮ ਰਾਹੀਂ ਹੀ ਸਿਰਜਕ ਕਰਤਾ-ਭਾਵ ਤੋਂ ਮੁਕਤ ਹੋ ਕੇ ਦ੍ਰਿਸ਼ਟਾ-ਭਾਵ ਧਾਰਨ ਕਰ ਸਕਦਾ ਹੈ। ਲੇਖਕ ਇਹ ਬੋਧ ਹੋਣਾ ਚਾਹੀਦਾ ਹੈ ਕਿ ਸਮਾਂ ਨਹੀਂ ਬੀਤਦਾ ਬਲਕਿ ਅਸੀਂ ਹੀ ਬੀਤ ਜਾਂਦੇ ਹਾਂ। ਇਸ ਉਪਰੰਤ ਸਾਹਿਤ ਅਕਾਦੇਮੀ, ਨਵੀਂ ਦਿੱਲੀ ਵੱਲੋਂ ਯੁਵਾ ਸਾਹਿਤੀ ਸਮਾਗਮ ਦੇ ਅੰਤਰਗਤ ਯੁਵਾ ਪੰਜਾਬੀ ਕਵੀਆਂ ਵੱਲੋਂ ਕਵਿਤਾ-ਪਾਠ ਕੀਤਾ ਗਿਆ। ਇਸ ਵਿੱਚ ਪੰਜਾਬੀ ਦੇ ਪ੍ਰਤਿਭਾਵਾਨ ਹਰਿੰਦਰ ਫ਼ਿਰਾਕ, ਗੁਰਵੀਰ ਅਤਫ਼ ਅਤੇ ਜੋਬਨਰੂਪ ਛੀਨਾ ਸ਼ਾਮਲ ਹੋਏ। ਇਹਨਾਂ ਤੋਂ ਇਲਾਵਾ ਹਰਮੀਤ ਆਰਟਿਸਟ, ਧਰਵਿੰਦਰ ਔਲਖ, ਸਰਬਜੀਤ ਸੰਧੂ , ਰਿੰਕੂ ਸਿੰਘ, ਉਮਰਬੀਰ ਅਤੇ ਪਵਨ ਕੁਮਾਰ ਨੇ ਕਲਾਮ ਪੇਸ਼ ਕੀਤਾ, ਜਿਸਦੀ ਸਰੋਤਿਆਂ ਨੇ ਖੁੱਲ੍ਹੇ ਦਿਲ ਨਾਲ ਦਾਦ ਦਿੱਤੀ। ਪ੍ਰੋਗਰਾਮ ਦੇ ਅੰਤ ਵਿੱਚ ਡਾ. ਮਨਮੋਹਨ ਸਿੰਘ ਨੇ ਆਪਣੀ ਕਵਿਤਾ ਨਾਲ ਇਸ ਮਹਿਫ਼ਿਲ ਨੂੰ ਹੋਰ ਵੀ ਖ਼ੂਬਸੂਰਤ ਬਣਾ ਦਿੱਤਾ। ਸਮੁੱਚੇ ਸਮਾਗਮ ਦਾ ਮੰਚ ਸੰਚਾਲਨ ਡਾ. ਬਲਜੀਤ ਕੌਰ ਰਿਆੜ ਨੇ ਬਾਖ਼ੂਬੀ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਡਾ. ਰਾਜਵਿੰਦਰ ਕੌਰ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ। ਇਸ ਸਮੇਂ ਵਿਭਾਗ ਦੇ ਅਧਿਆਪਕਾਂ ਵਿੱਚ ਡਾ. ਜਸਪਾਲ ਸਿੰਘ, ਡਾ. ਇੰਦਰਪ੍ਰੀਤ ਕੌਰ, ਡਾ. ਕੰਵਲਦੀਪ ਕੌਰ, ਡਾ. ਅਸ਼ੋਕ ਭਗਤ, ਡਾ. ਅੰਜੂ ਬਾਲਾ ਅਤੇ ਡਾ. ਚੰਦਨਪ੍ਰੀਤ ਸਿੰਘ ਤੋਂ ਇਲਾਵਾ ਸ੍ਰੀ ਸੁਰੇਸ਼ ਮਹਿਤਾ (ਜ਼ਿਲ੍ਹਾ ਭਾਸ਼ਾ ਅਫ਼ਸਰ, ਅੰਮ੍ਰਿਤਸਰ), ਡਾ. ਸੁਨੀਲ ਕੁਮਾਰ (ਮੁਖੀ ਹਿੰਦੀ ਵਿਭਾਗ), ਹਸਨ ਰੇਹਾਨ (ਉਰਦੂ ਵਿਭਾਗ) ਪ੍ਰਵੀਨ ਪੁਰੀ (ਡਾਇਰੈਕਟਰ,ਲੋਕ ਸੰਪਰਕ ਵਿਭਾਗ), ਡਾ.ਵਿਸ਼ਾਲ ਭਾਰਦਵਾਜ (ਸੰਸਕ੍ਰਿਤ ਵਿਭਾਗ), ਡਾ. ਅਮਰਜੀਤ ਸਿੰਘ, (ਡਾਇਰੈਕਟਰ ਗੁਰੂ ਗ੍ਰੰਥ ਸਾਹਿਬ ਵਿਭਾਗ) ਅਤੇ ਵੱਡੀ ਗਿਣਤੀ ਵਿੱਚ ਵਿਭਾਗ ਦੇ ਖੋਜ-ਵਿਦਿਆਰਥੀ ਅਤੇ ਵਿਦਿਆਰਥੀ ਹਾਜ਼ਰ ਸਨ।



ਸੇਂਟ ਫਰਾਂਸਿਸ ਕਾਨਵੇਂਟ ਸਕੂਲ ਮਾੜੀ ਪਨਵਾਂ ਵਿਖੇ

# ਮੈਗਾ ਸਾਇੰਸ ਮੇਲਾ ਕਰਵਾਇਆ ਗਿਆ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 19 ਦਸੰਬਰ (ਕੁਲਜੀਤ ਸਿੰਘ ਖੋਖਰ)**-ਸੇਂਟ ਫਰਾਂਸਿਸ ਕਾਨਵੇਂਟ ਸਕੂਲ ਮਾੜੀ ਪਨਵਾਂ ਵਿਖੇ ਮੈਨਜਰ ਸਾਜੀ ਥੋਮਸ ਦੀ ਅਗਵਾਈ ਹੇਠ ਇੱਕ ਮੈਗਾ ਸਾਇੰਸ ਮੇਲਾ ਕਰਵਾਇਆ ਗਿਆ । ਜਿਸ ਵਿੱਚ ਨਰਸਰੀ ਜਮਾਤ ਤੋਂ ਲੈ ਕੇ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਗਏ ਮਾਡਲਾਂ ਦੀ ਪਰਦਰਸ਼ਨੀ ਵਿੱਚ ਵੱਖ-ਵੱਖ ਤਰ੍ਹਾਂ ਦੇ ਮਾਡਲ ਤਿਆਰ ਕੀਤੇ ਗਏ, ਜਿਸ ਵਿੱਚ ਵਿੰਡ ਮਿਲ਼ ਐਨਰਜੀ ,ਸੋਲਰ ਸਿੰਚਾਈ ਸਿਸਟਮ, ਡੀ ਐੱਨ ਏ ਰੇਪਲੀਕੇਸ਼ਨ, ਰੌਸ਼ਨੀ ਦਾ ਫੈਲਾਅ, ਮੈਗਨਿਟ ਫਲੋਟਿੰਗ, ਪਲਾਂਟ ਸੈੱਲ, ਜੀਵ ਸੈੱਲ, ਹੋਲੋਗਰਾਮ , ਚੰਨ ਗ੍ਰਹਿ ਅਤੇ ਸੂਰਜ, ਚੰਦਰਯਾਨ, ਗ੍ਰੀਨ ਹਾਊਸ, ਕੰਪਿਊਟਰ ਹਾਰਡਵੇਅਰ, ਡਾਇਲਸੀਸ ਮੋਡਲ,ਆਦਿ ਅਲੱਗ-ਅਲੱਗ ਤਰ੍ਹਾਂ ਦੇ ਮਾਡਲ ਤਿਆਰ ਕੀਤੇ ਗਏ। ਇਨ੍ਹਾਂ ਮਾਡਲਾਂ ਵਿੱਚ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਵਿਗਿਆਨ ਪ੍ਰਤੀ ਉਤਸ਼ਾਹ ਦੀ ਝਲਕ ਨਜ਼ਰ ਆਈ, ਜਿਸਦੀ ਮਾਪਿਆਂ ਵੱਲੋਂ ਬਹੁਤ ਸ਼ਲਾਘਾ ਕੀਤੀ ਗਈ, ਵਿਦਿਆਰਥੀਆਂ ਦੀ ਇਸ ਸਫ਼ਲਤਾ ਪਿੱਛੇ ਸਕੂਲ ਦੀ ਟੀਮ ਦੀ ਬਹੁਤ ਵੱਡੀ ਭੂਮਿਕਾ ਰਹੀ ਜਿਸ ਵਿੱਚ ਅਮਲ ਮਨੋਹਰ ਸਾਇੰਸ ਅਧਿਆਪਕ , ਮੰਨੂ ਜੋਸ ਮੈਥ ਅਧਿਆਪਕ ਅਤੇ ਗੁਰਿੰਦਰ ਸਿੰਘ ਕੰਪਿਊਟਰ ਅਧਿਆਪਕ ਦਾ ਵਿਸ਼ੇਸ਼ ਯੋਗਦਾਨ ਰਿਹਾ।ਇਸ ਮੈਗਾ ਸਾਇੰਸ ਮੇਲੇ ਵਿੱਚ ਬੱਚਿਆਂ ਅਤੇ ਅਧਿਆਪਕਾਂ ਦੀ ਮਦਦ ਨਾਲ ਪੰਜਾਬੀ ਸਭਿਆਚਾਰ ਦੀ ਝਲਕ ਪੇਸ਼ ਕਰਦਾ ਇੱਕ ਘਰ ਤਿਆਰ ਕੀਤਾ ਗਿਆ ਜੋ ਕਿ ਖਿੱਚ ਦਾ ਕੇਂਦਰ ਰਿਹਾ, ਜਿਸਨੂੰ ਸਾਰੇ ਮਾਪਿਆਂ ਵੱਲੋਂ ਬਹੁਤ ਪਸੰਦ ਕੀਤਾ ਗਿਆ, ਇਸ ਮੌਕੇ ਸਕੂਲ ਪ੍ਰਿੰਸੀਪਲ ਟੈਸੀ ਮੈਥਿਊ ਅਤੇ ਸਮੂਹ ਸਟਾਫ਼ ਨੇ ਵਿਦਿਆਰਥੀਆਂ ਦਾ ਹੌਂਸਲਾ ਵਧਾਇਆ ਅਤੇ ਵਿਗਿਆਨਕ ਤਰਕ ਆਧਾਰ ਤੇ ਵਿਦਿਆਰਥੀਆਂ ਨੂੰ ਜਿੰਦਗੀ ਵਿੱਚ ਸਫ਼ਲ ਹੋਣ ਦੀ ਪ੍ਰੇਰਨਾ ਵੀ ਦਿੱਤੀ।



# ਪੰਜਾਬ ਨੂੰ 22,160 ਕਰੋੜ ਰੁਪਏ ਦੇ 38 ਹਾਈਵੇ ਪ੍ਰੋਜੈਕਟ ਮਿਲੇ: ਵਿਕਰਮਜੀਤ ਸਿੰਘ ਸਾਹਨੀ

ਨਵੀਂ ਦਿੱਲੀ 19 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਤੋਂ ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਦੱਸਿਆ ਕਿ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਸ਼੍ਰੀ ਨਿਤਿਨ ਗਡਕਰੀ ਨੇ ਉਨ੍ਹਾਂ ਵੱਲੋਂ ਉਠਾਏ ਗਏ ਸਵਾਲ ਦੇ ਜਵਾਬ ਵਿੱਚ ਦੱਸਿਆ ਹੈ ਕਿ ਮੰਤਰਾਲੇ ਨੇ ਪਿਛਲੇ ਤਿੰਨ ਸਾਲਾਂ ਵਿੱਚ ਪੰਜਾਬ ਵਿੱਚ 825 ਕਿਲੋਮੀਟਰ ਲੰਬੇ 38 ਹਾਈਵੇ ਪ੍ਰੋਜੈਕਟਾਂ ਲਈ 22,160 ਕਰੋੜ ਰੁਪਏ ਮਨਜ਼ੂਰ ਕੀਤੇ ਹਨ। ਇਨ੍ਹਾਂ ਪ੍ਰੋਜੈਕਟਾਂ ਵਿੱਚ ਦਿੱਲੀ-ਅੰਮ੍ਰਿਤਸਰ-ਕਟੜਾ (ਡੀਏਕੇ) ਐਕਸਪ੍ਰੈਸਵੇਅ ਅਤੇ ਅੰਮ੍ਰਿਤਸਰ-ਬਠਿੰਡਾ ਹਾਈਵੇਅ ਵਰਗੇ ਪ੍ਰਮੁੱਖ ਗਲਿਆਰੇ ਸ਼ਾਮਲ ਹਨ, ਜੋ ਖੇਤਰੀ ਵਪਾਰ ਅਤੇ ਵਿਕਾਸ ਨੂੰ ਹੁਲਾਰਾ ਦੇਣ ਵਿੱਚ ਸਹਾਈ ਹੋਣਗੇ। ਸਾਹਨੀ ਨੇ ਇਹ ਵੀ ਦੱਸਿਆ ਕਿ ਪਹਿਲਾਂ ਛੱਡੇ ਗਏ ਚਾਰ ਵੱਡੇ ਹਾਈਵੇ ਪ੍ਰੋਜੈਕਟਾਂ ਨੂੰ ਰਾਜ ਵੱਲੋਂ 80? ਜ਼ਮੀਨ ਹਾਸਿਲ ਕਰਨ ਦੇ ਦਾਅਵਿਆਂ ਦੇ ਅਧਾਰ 'ਤੇ ਦੁਬਾਰਾ ਟੈਂਡਰ ਕੀਤਾ ਜਾ ਰਿਹਾ ਹੈ। ਸਾਹਨੀ ਨੇ ਪੰਜਾਬ ਵਿੱਚ ਚੱਲ ਰਹੇ ਪ੍ਰੋਜੈਕਟਾਂ ਦੀ ਉਸਾਰੀ ਪ੍ਰਗਤੀ ਵਿੱਚ ਦੇਰੀ 'ਤੇ ਵੀ ਚਿੰਤਾ ਜ਼ਾਹਰ ਕੀਤੀ, ਪੰਜਾਬ ਵਿੱਚ ਚੱਲ ਰਹੇ 42 ਪ੍ਰੋਜੈਕਟਾਂ ਦੀ ਔਸਤ ਉਸਾਰੀ ਪ੍ਰਗਤੀ 48? ਹੈ। ਡਾ. ਸਾਹਨੀ ਨੇ ਕੇਂਦਰੀ ਮੰਤਰਾਲੇ ਨੂੰ ਜ਼ੋਰ ਦੇ ਕੇ ਕਿਹਾ ਕਿ ਉਹ ਪ੍ਰਾਜੈਕਟਾਂ ਉਤੇ ਤੇਜ਼ੀ ਨਾਲ ਕੰਮ ਕਰਦੇ ਹੋਏ ਸਮੇਂ ਸਿਰ ਮੁਕੰਮਲ ਕਰਨਾ ਯਕੀਨੀ ਬਣਾਏ ਤਾਂ ਜੋ ਇੰਨਾਂ ਉਤੇ ਲਾਗਤ ਨਾ ਵੱਧੇ ਅਤੇ ਨਾਲ ਹੀ ਲੋਕਾਂ ਦੀਆਂ ਤਕਲੀਫਾਂ ਦਾ ਵੀ ਖ਼ਿਆਲ ਰੱਖਿਆ ਜਾਵੇ। ਡਾ ਸਾਹਨੀ ਨੇ ਇਹ ਵੀ ਕਿਹਾ ਕਿ 38 ਪ੍ਰਜੈਕਟਾਂ ਚੋ 11017 ਕਰੋੜ ਰੁਪਏ ਦੇ 17 ਪ੍ਰਾਜੈਕਟ 2024-25 ਦੇ ਸਾਲਾਨਾ ਪਲਾਨ ਵਿੱਚ ਸ਼ਾਮਿਲ ਕੀਤੇ ਗਏ ਹਨ।



# ਗੁਰੂ ਨਾਨਕ ਦੇਵ ਗਲੋਬਲ ਯੂਨੀਕ ਅਕੈਡਮੀ ਅੱਡਾ ਨਾਥ ਦੀ ਖੂਈ (ਚੰਨਣਕੇ) ਦੀ ਸਪੋਰਟਸ ਮੀਟ ਕਰਵਾਈ




ਚੌਕ ਮਹਿਤਾ 19 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਇਲਾਕੇ ਦੀ ਨਾਮਵਰ ਸੰਸਥਾ ਗੁਰੂ ਨਾਨਕ ਦੇਵ ਗਲੋਬਲ ਕਿਡਸ(ਸੀ.ਬੀ.ਐੱਸ.ਈ.)ਤੇ ਗੁਰੂ ਨਾਨਕ ਦੇਵ ਯੂਨੀਕ ਅਕੈਡਮੀ (ਆਈ.ਸੀ.ਐੱਸ.ਈ.)ਅੱਡਾ ਨਾਥ ਦੀ ਖੂਹੀ ਚੰਨਣਕੇ ਵਿਖੇ ਸਲਾਨਾ ਸਪੋਰਟਸ ਮੀਟ ਜਿਸ ਵਿੱਚ ਤੀਸਰੀ ਅਤੇ ਚੌਥੀ ਜਮਾਤ ਦੇ ਬੱਚਿਆਂ ਨੇ ਭਾਗ ਲਿਆ। ਮੀਟ ਦੌਰਾਨ ਵੱਖ ਵੱਖ ਤਰ੍ਹਾਂ ਦੇ ਖੇਡ ਮੁਕਾਬਲੇ ਕਰਵਾਏ ਗਏ ਅਤੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਇਸ ਵਾਰ ਖੇਡਾਂ ਵਾਤਾਵਰਣ ਦੀ ਮਹੱਤਤਾ ਨੂੰ ਮੁੱਖ ਰੱਖਦਿਆ ਹੋਇਆ ਕਰਵਾਈਆਂ ਗਈਆਂ।ਜਿਸ ਦੇ ਚੱਲਦਿਆ ਸਮੂਹ ਬੱਚਿਆਂ ਨੂੰ ਵਾਤਾਵਰਣ ਸੁੱਧ ਰੱਖਣ ਤੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਉਤਸਾਹਿਤ ਕੀਤਾ ਗਿਆ। ਸਕੂਲ ਦੇ ਐਮ. ਡੀ. ਕੁਲਜੀਤ ਸਿੰਘ ਬਾਠ, ਡਾਇਰੈਕਟਰ ਮੈਡਮ ਕੁਲਵੰਤ ਕੌਰ ਬਾਠ ਨੇ ਕਿਹਾ ਕਿ ਬੱਚਿਆਂ ਨੂੰ ਖੇਡ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ ਕਿਉਂਕਿ ਇਸ ਨਾਲ ਮਨੁੱਖ ਵਿੱਚ ਟੀਮ ਭਾਵਨਾ, ਲੀਡਰਸ਼ਿਪ ਹੁਨਰ ਤੇ ਅਸਫਲਤਾ ਦਾ ਸਾਹਮਣਾ ਕਰਦੇ ਹੋਏ ਅੱਗੇ ਵਧਣ ਦੀ ਯੋਗਤਾ ਦਾ ਵਿਕਾਸ ਹੁੰਦਾ ਹੈ।ਇਸ ਮੌਕੇ ਜੇਤੂ ਬੱਚਿਆਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਐਮ. ਡੀ. ਕੁਲਜੀਤ ਸਿੰਘ ਬਾਠ, ਡਾਈਰੈਕਟਰ ਮੈਠਮ ਕੁਲਵੰਤ ਕੌਰ ਬਾਠ, ਪ੍ਰਿੰ: ਰਿੱਤੂ ਖਨੇਜਾ, ਮੈਠਮ ਮਨਜੀਤ ਕੌਰ ਆਦਿ ਸਾਰਾ ਸਟਾਫ ਹਾਜਿਰ ਸਨ।

# ਸ਼ਹੀਦ ਭਗਤ ਸਿੰਘ ਕਲੱਬ ਵੱਲੋਂ ਡਾ. ਮੰਨਨ ਆਨੰਦ ਦਾ ਸਨਮਾਨ



**ਚੌਕ ਮਹਿਤਾ 19 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ਼ਹੀਦ ਭਗਤ ਸਿੰਘ ਬਾਕਸਿੰਗ ਕਲੱਬ ਅੰਮ੍ਰਿਤਸਰ ਵੱਲੋਂ ਪ੍ਰਧਾਨ ਅਤੇ ਬਾਕਸਿੰਗ ਕੋਚ ਬਲਦੇਵ ਰਾਜ ਦੇਵ ਦੀ ਅਗਵਾਈ ਵਿੱਚ ਮੈਡੀਕਲ ਖੇਤਰ ਵਿੱਚ ਲੋਕਾਂ ਨੂੰ ਬਹੁਮੁਲੀਆਂ ਸੇਵਾਵਾਂ ਦੇਣ ਲਈ ਉੱਤਰ ਭਾਰਤ ਦੇ ਪ੍ਰਸਿੱਧ ਦਿਲ ਦੀਆਂ ਬਿਮਾਰੀਆਂ ਦੇ ਮਾਹਿਰ ਡਾ.ਮੰਨਨ ਆਨੰਦ ਮੈਨੇਜਿੰਗ ਡਾਇਰੈਕਟਰ ਜਨਤਾ ਹਸਪਤਾਲ ਏਅਰਪੋਰਟ ਰੋਡ ਅਤੇ ਸ਼ੂਗਰ ਰੋਗਾਂ ਦੀ ਮਾਹਿਰ ਡਾ.ਮੈਕਸਿਮਾ ਆਨੰਦ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬਲਦੇਵ ਰਾਜ ਦੇਵ ਨੇ ਕਿਹਾ ਕਿ ਡਾ.ਮੰਨਨ ਆਨੰਦ ਸਮੇਂ-ਸਮੇਂ 'ਤੇ ਜ਼ਰੂਰਤਮੰਦ ਲੋਕਾਂ ਲਈ ਮੁਫਤ ਮੈਡੀਕਲ ਚੈਕਅੱਪ ਕੈਂਪ ਲਗਾਕੇ ਇੱਕ ਵੱਡੀ ਸਮਾਜ ਸੇਵਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਕਲੱਬ ਵੱਲੋਂ ਸਮੇਂ-ਸਮੇਂ 'ਤੇ ਸਮਾਜ ਵਿੱਚ ਵਧੀਆ ਕੰਮ ਕਰਨ ਵਾਲੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ ਤਾਂ ਕਿ ਉਹ ਪਹਿਲਾ ਨਾਲੋਂ ਵੀ ਵੱਧ ਲੋਕਾਂ ਦੀ ਸੇਵਾ ਕਰ ਸਕਣ।ਇਸ ਮੌਕੇ ਡਾ.ਮੰਨਨ ਆਨੰਦ ਨੇ ਦੱਸਿਆ ਕਿ ਜਨਤਾ ਹਸਪਤਾਲ ਵਿੱਚ ਲੋਕਾਂ ਨੂੰ ਸਾਰੀਆਂ ਮੈਡੀਕਲ ਸਹੂਲਤਾਂ ਇੱਕ ਛੱਤ ਹੇਠ ਮੁਹੱਈਆਂ ਕਰਵਾਈਆਂ ਜਾਂਦੀਆਂ ਹਨ ਅਤੇ ਉਨ੍ਹਾ ਦੀ ਕੋਸ਼ਿਸ਼ ਹੁੰਦੀ ਹੈ ਜਿਹੜਾ ਮਰੀਜ਼ ਇਥੇ ਆਏ ਉਹ ਪੂਰੀ ਤਰ੍ਹਾਂ ਤੰਦਰੁਸਤ ਹੋ ਕੇ ਜਾਵੇ।ਇਸ ਮੌਕੇ ਹਸਪਤਾਲ ਦੇ ਐਡਮਿਨੀਸਟ੍ਰੇਟਰ ਡਾ.ਗੁਰਮੀਤ ਸਿੰਘ ਚਾਹਲ,ਮੈਡੀਕਲ ਅਫਸਰ ਡਾ.ਪੱਲਵੀ,ਹਰਪ੍ਰੀਤ ਸਿੰਘ,ਅਵਨਤੀਕਾ ਠਾਕੁਰ, ਇੰਟਰਨੈਸ਼ਨਲ ਬਾਕਸਿੰਗ ਖਿਡਾਰੀ ਅਤੇ ਕੋਚ ਨੈਨਾ ਸ਼ਰਮਾ,ਗੋਰਵ ਮਲਹੋਤਰਾ,ਅਜੇ ਸ਼ਰਮਾ,ਜਤਿੰਦਰ ਕੌਰ,ਡਾ.ਨੀਰਜ,ਸਾਖਸ਼ੀ,ਸੀ.ਏ ਰਾਹੁਲ ਵਰਮਾ ਆਦਿ ਹਾਜ਼ਰ ਸਨ।

# ਨਿਸ਼ਾਤਾ ਗਿਲ ਦੇ ਹੱਕ ਵਿੱਚ ਕੀਤਾ ਮਾਸ਼ਾ ਅਲੀ ਚੋਣ ਪ੍ਰਚਾਰ

ਚੌਕ ਮਹਿਤਾ18 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) ਸਮਾਜ ਵਿੱਚ ਵਿਲੱਖਣ ਪਹਿਚਾਣ ਬਣਾਉਣ ਵਾਲੇ ਉੱਗੇ ਸਮਾਜ ਸੇਵਕ ਕਮਲ ਕੁਮਾਰ ਬੋਰੀ ਪੂਰੇ ਇਲਾਕੇ ਵਿੱਚੋਂ ਸ਼ਾਨਦਾਰ ਜਿੱਤ ਨਾਲ ਕਾਰਪੋਰੇਸ਼ਨ ਵਿੱਚ ਭੇਜਿਆ ਜਾਵੇਗਾ ਇਹ ਵਿਚਾਰ ਪਿੰਡ ਮਾਹਲ ਵਿਖੇ ਕਾਰਪੋਰੇਸ਼ਨ ਦੀਆਂ ਆਗਾਮੀ ਚੋਣਾਂ ਨੂੰ ਲੈ ਕੇ ਇੱਕ ਮੀਟਿੰਗ ਦੌਰਾਨ ਉੱਗੇ ਫਨਕਾਰ ਮਾਸਾ ਅਲੀ ਆਪਣੇ ਬਿਆਨ ਸਾਂਝੇ ਕੀਤੇ ਇਸ ਮੌਕੇ ਬਾਬਾ ਹਰਪਾਲ ਸਿੰਘ ਮੁਦਲ ਦਸ਼ਮੇਸ਼ ਤਰਨਾ ਦਲ ਮਹਿਲ ਸਿੰਘ ਗਿੱਲ ਟਹਿਲ ਸਿੰਘ ਗਿੱਲ ਗਿਆਨ ਸਿੰਘ ਜਸਵਿੰਦਰ ਸਿੰਘ ਲਾਡੀ ਬਲਜੀਤ ਸਿੰਘ ਅਨੋਖ ਸਿੰਘ ਰੋਸ਼ਨ ਭਗਤ ਅਮਰ ਕਲਿਆਣ ਮੁਨੀਸ਼ ਗਿੱਲ ਪ੍ਰਦੀਪ ਕੁਮਾਰ ਸੋਨੂ ਸ਼ਰਮਾ ਬਲਵਿੰਦਰ ਸਿੰਘ ਕੋਲਾ ਡਾਕਟਰ ਜਗਦੀਪ ਸਿੰਘ ਹੇਰ ਵੱਲੋਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਂਝੇ ਕੀਤੇ ਉਹਨਾਂ ਕਿਹਾ ਕਿ ਵਾਰਡ ਨੰਬਰ 85 ਦੇ ਸੰਭਾਵੀ ਉਮੀਦਵਾਰ ਉੱਗੇ ਸਮਾਜ ਸੇਵਕ ਕਮਲ ਕੁਮਾਰ ਬੋਰੀ ਦੀ ਬੜੀ ਵੱਡੀ ਪੂਰੀ ਮਾਨਵਤਾ ਨੂੰ ਦੇਣ ਹੈ ਜਿੱਥੇ ਉਹਨਾਂ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਕਰੋਨਾ ਕਾਲ ਦੇ ਸਮੇਂ ਸ਼ੁਰੂ ਕੀਤਾ ਲਗਾਤਾਰ ਰਾਸ਼ਨ ਜੋ ਅਜੇ ਤੱਕ ਲੜੀਵਾਰ ਜਾਰੀ ਹੈ ਜਿੱਥੇ ਸਰਦ ਰੁੱਤ ਵਿੱਚ ਲੋੜਵੰਦ ਬੇਸਹਾਰਾ ਪਰਿਵਾਰਾਂ ਨੂੰ ਗਰਮ ਕੰਬਲ ਬਿਸਤਰੇ ਲਾਵਾਰਸ ਲਾਸ਼ਾਂ ਦੇ ਦੇਹ ਸਸਕਾਰ ਕਰਕੇ ਮਨੁੱਖਤਾ ਦੇ ਭਲੇ ਲਈ ਹਰ ਸਮੇਂ ਪਹਿਰਾ ਦਿੱਤਾ ਹੈ ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਪਿੰਡ ਮਾਹਲ ਅਨਮੋਲ ਇਨਕਲੇਵ ਅਸ਼ੋਕ ਵਿਹਾਰ ਜਾਗੋਆਣਾ ਕਲੋਨੀ ਮੰਦਰ ਮਾਤਾ ਰਾਣੀ ਜੈਪਾਲ ਐਵਨਿਊ ਦੇ ਇਲਾਕਾ ਨਿਵਾਸੀਆਂ ਵੱਲੋਂ ਹਾਈ ਕਮਾਂਡ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਜੇਕਰ ਵਾਰਡ ਨੰਬਰ 85 ਤੋਂ ਟ ਉਹ ਕਮਲ ਕੁਮਾਰ ਬੋਰੀ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਉਹ ਵੱਡੀ ਲੀਡ ਨਾਲ ਜਿਤਾ ਕੇ ਭੇਜਣਗੇ।



**ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਬੀਬੀ ਸਤਵੰਤ ਕੌਰ ਦੇ ਖ਼ਿਲਾਫ਼ ਬਿਆਨਬਾਜ਼ੀ ਕਰਨ ਤੋਂ**

# ਬਾਜ ਆਉਣ ਬਾਦਲ ਦਲੀਏ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ

**ਅੰਮ੍ਰਿਤਸਰ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਬਾਦਲ ਦੇ ਆਗੂ ਮਹੇਸ਼ਿੰਦਰ ਸਿੰਘ ਗਰੇਵਾਲ ਵੱਲੋਂ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਬੀਬਾ ਸਤਵੰਤ ਕੌਰ ਵਿਰੁੱਧ ਕੀਤੀ ਟਿੱਪਣੀ ਉੱਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ ਨੇ ਸਖ਼ਤ ਇਤਰਾਜ਼ ਜਤਾਇਆ ਹੈ।



ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ ਅਤੇ ਮੌਜੂਦਾ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਬੀਬੀ ਸਤਵੰਤ ਕੌਰ (ਜੋ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਅਮਰ ਸ਼ਹੀਦ ਭਾਈ ਸਾਹਿਬ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਅਤੇ ਦਮਦਮੀ ਟਕਸਾਲ ਦੇ ਤੇਰ੍ਹਵੇਂ ਮੁਖੀ ਸੱਚਖੰਡਵਾਸੀ ਸੰਤ ਗਿਆਨੀ ਕਰਤਾਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਪੋਤਰੀ ਹਨ) ਦੇ ਖ਼ਿਲਾਫ਼ ਬਾਦਲ ਦਲ ਦੇ ਆਗੂਆਂ ਅਤੇ ਆਈ.ਟੀ. ਸੈੱਲ ਵੱਲੋਂ ਕੀਤੀਆਂ ਜਾ ਰਹੀਆਂ ਟਿੱਪਣੀਆਂ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ, ਸਮੁੱਚਾ ਸਿੱਖ ਜਗਤ, ਬੀਬਾ ਸਤਵੰਤ ਕੌਰ ਦੇ ਨਾਲ਼ ਖੜ੍ਹਾ ਹੈ।

ਉਹਨਾਂ ਕਿਹਾ ਕਿ ਸੁਖਬੀਰ ਬਾਦਲ ਉੱਤੇ ਕੀਤੇ ਜਾਨਲੇਵਾ ਹਮਲੇ ਤੋਂ ਇੱਕ ਦਿਨ ਪਹਿਲਾਂ ਭਾਈ ਨਰਾਇਣ ਸਿੰਘ ਚੌੜਾ ਵੱਲੋਂ ਬੀਬੀ ਸਤਵੰਤ ਕੌਰ ਨਾਲ ਮੁਲਾਕਾਤ ਕਰਨਾ ਸਹਿਜ-ਸੁਭਾਵਿਕ ਵਰਤਾਰਾ ਸੀ ਪਰ ਬਾਦਲਾਂ ਦੇ ਪੀ.ਟੀ.ਸੀ. ਚੈੱਨਲ ਵੱਲੋਂ ਇਸ ਮੁਲਾਕਾਤ ਨੂੰ ਸ਼ੱਕੀ ਤੌਰ ’ਤੇ ਪੇਸ਼ ਕਰਨਾ, ਹਊਆ ਬਣਾਉਣਾ ਤੇ ਬੀਬਾ ਸਤਵੰਤ ਕੌਰ ਦੀ ਜਾਂਚ ਕੀਤੇ ਜਾਣ ਦਾ ਬਿਆਨ ਦੇਣਾ ਬਹੁਤ ਘਟੀਆ ਸਿਆਸਤ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਪੁਲਿਸ ਕਾਰਵਾਈ ’ਤੇ ਸ਼੍ਰੋਮਣੀ ਕਮੇਟੀ ਤੇ ਪੁਰਾਣੇ ਫੈਡਰੇਸ਼ਨ ਆਗੂਆਂ ਦੀ ਚੁੱਪੀ ਨਮੋਸ਼ੀਜਨਕ ਗੱਲ**

ਉਹਨਾਂ ਕਿਹਾ ਕਿ ਖ਼ਾਲਸਾ ਪੰਥ ਨੂੰ ਤਾਂ ਪਹਿਲਾਂ ਹੀ ਪੁਲਿਸ ਅਤੇ ਸਰਕਾਰ ਉੱਤੇ ਰੋਹ ਹੈ ਕਿ ਉਹਨਾਂ ਨੇ ਬੀਬਾ ਸਤਵੰਤ ਕੌਰ ਨੂੰ ਥਾਣੇ ਬੁਲਾ ਕੇ ਪੁੱਛਗਿੱਛ ਕਿਉਂ ਕੀਤੀ ? ਇਸ ਮਾਮਲੇ ’ਚ ਬਾਦਲ ਦਲ, ਮੀਡੀਆ ਅਤੇ ਪੁਲਿਸ ਵੱਲੋਂ ਬੇਵਜ੍ਹਾ ਬੀਬਾ ਸਤਵੰਤ ਕੌਰ ਦਾ ਨਾਮ ਜੋੜਿਆ ਜਾ ਰਿਹਾ ਹੈ। ਇਹ ਸ਼ਹੀਦ ਪਰਿਵਾਰਾਂ ਦੀ ਤੌਹੀਨ ਅਤੇ ਸਿੱਖ ਕੌਮ ਦੀ ਪੱਗ ਨੂੰ ਹੱਥ ਪਾਉਣ ਵਾਲੀ ਗੱਲ ਹੈ। ਪਰ ਬਾਦਲ ਦਲ ਜਿਸ ਨੂੰ ਬੀਬਾ ਸਤਵੰਤ ਕੌਰ ਦੇ ਹੱਕ ਵਿੱਚ ਭੁਗਤਣਾ ਚਾਹੀਦਾ ਸੀ ਤੇ ਪੁਲਿਸ ਦੇ ਕਾਰੇ ਦੀ ਨਿਖੇਧੀ ਕਰਨੀ ਚਾਹੀਦੀ ਸੀ ਉਹ ਉਲਟਾ ਬੀਬਾ ਸਤਵੰਤ ਕੌਰ ਵਿਰੁੱਧ ਬਿਆਨ ਦਾਗ ਰਹੇ ਹਨ।

ਫੈਡਰੇਸ਼ਨ ਆਗੂਆਂ ਨੇ ਕਿਹਾ ਕਿ 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਹੋਏ ਫੈਸਲੇ ਵਿੱਚ ਜਦੋਂ ਦਾ ਸੱਤ ਮੈਂਬਰੀ ਕਮੇਟੀ ਵਿੱਚ ਬੀਬਾ ਸਤਵੰਤ ਕੌਰ ਦਾ ਨਾਮ ਆਇਆ ਹੈ ਉਦੋਂ ਤੋਂ ਹੀ ਬਾਦਲ ਦਲ ਅਤੇ ਸ਼੍ਰੋਮਣੀ ਕਮੇਟੀ ਦੀਆਂ ਅੱਖਾਂ ਵਿੱਚ ਬੀਬਾ ਸਤਵੰਤ ਕੌਰ ਰੜਕ ਰਹੀ ਹੈ, ਬਾਦਲਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦਾ ਹੁਕਮ ਮੰਨਣ ਦੀ ਬਜਾਏ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਬੀਬਾ ਸਤਵੰਤ ਕੌਰ ਨੂੰ ਨਿਸ਼ਾਨਾ ਬਣਾ ਰਹੇ ਹਨ। ਫੈਡਰੇਸ਼ਨ ਆਗੂਆਂ ਨੇ ਸਮੁੱਚੇ ਬਾਦਲ ਦਲ ਅਤੇ ਮਹੇਸ਼ਿੰਦਰ ਸਿੰਘ ਗਰੇਵਾਲ ਨੂੰ ਤਾੜਨਾ ਕੀਤੀ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ ਆ ਜਾਣ, ਨਹੀਂ ਤਾਂ ਉਹਨਾਂ ਵਿਰੁੱਧ ਸਖ਼ਤ ਐਕਸ਼ਨ ਕੀਤਾ ਜਾਵੇਗਾ, ਅਸੀਂ ਸ਼ਹੀਦਾਂ ਦੇ ਪਰਿਵਾਰਾਂ ਦਾ ਅਪਮਾਨ ਹਰਗਿਜ਼ ਨਹੀਂ ਸਹਾਰਾਂਗੇ। ਉਹਨਾਂ ਇਹ ਵੀ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਫੈਡਰੇਸ਼ਨ ਦੇ ਪੁਰਾਣੇ ਆਗੂਆਂ ਨੂੰ ਬੀਬੀ ਸਤਵੰਤ ਕੌਰ ਦੇ ਨਾਲ ਖੜ੍ਹਨਾ ਚਾਹੀਦਾ ਹੈ, ਉਹਨਾਂ ਦੀ ਚੁੱਪੀ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਕਰ ਰਹੀ ਹੈ। ਉਹਨਾਂ ਕਿਹਾ ਕਿ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ ਅਤੇ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੇ ਸਾਥੀ ਹੋਣ ਦਾ ਜੋ ਕਈ ਫੈਡਰੇਸ਼ਨ ਆਗੂ ਦਾਅਵਾ ਕਰਦੇ ਹਨ, ਉਹਨਾਂ ਦਾ ਹੀ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਬੀਬਾ ਸਤਵੰਤ ਕੌਰ ਦੇ ਮਾਮਲੇ ਵਿੱਚ ਚੁੱਪ ਰਹਿਣਾ ਨਮੋਸ਼ੀਜਨਕ ਗੱਲ ਹੈ।

**ਧਮਾਕੇ ਰੋਕਣ ਵਿੱਚ ਨਾਕਾਮ ਸੂਬਾ ਸਰਕਾਰ ਮੰਨੇ ਹਾਰ**

# ਸਾਂਸਦ ਔਜਲਾ ਨੇ ਕੇਂਦਰ ਨੂੰ ਬਣਦੀ ਕਾਰਵਾਈ ਲਈ ਲਿਖਿਆ ਪੱਤਰ

**ਅੱਜ ਵੋਟ ਪਾਉਣ ’ਚ ਅਣਗਹਿਲੀ ਕੀਤੀ ਤਾਂ ਬੱਚਿਆਂ ਨੂੰ ਭੁਗਤਣਾ ਪਵੇਗਾ ਸੰਤਾਪ - ਸਾਂਸਦ ਗੁਰਜੀਤ ਸਿੰਘ ਔਜਲਾ • ਕਿਹਾ ਕਿ ਹਾਲ ਹੀ ਵਿੱਚ ਹੋਏ ਗ੍ਰਨੇਡ ਹਮਲਿਆਂ ਅਤੇ ਹੋਰ ਹਿੰਸਕ ਘਟਨਾਵਾਂ ਨੇ ਵਸਨੀਕਾਂ ਵਿੱਚ ਡਰ ਪੈਦਾ ਕਰ ਦਿੱਤਾ ਹੈ ਅਤੇ ਖੇਤਰ ਦੀ....**

**ਅੰਮ੍ਰਿਤਸਰ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)**- ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਥਾਣਿਆਂ ਵਿੱਚ ਹੋ ਰਹੇ ਧਮਾਕਿਆਂ ਨੂੰ ਰੋਕਣ ਵਿੱਚ ਸੂਬਾ ਸਰਕਾਰ ਪੂਰੀ ਤਰ੍ਹਾਂ ਨਾਕਾਮ ਰਹੀ ਹੈ, ਇਸ ਲਈ ਉਨ੍ਹਾਂ ਨੂੰ ਹੁਣ ਹਾਰ ਮੰਨ ਲੈਣੀ ਚਾਹੀਦੀ ਹੈ। ਸੰਸਦ ਮੈਂਬਰ ਔਜਲਾ ਦੀ ਤਰਫੋਂ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇਸ ਮਾਮਲੇ ਵਿੱਚ ਸਖ਼ਤ ਕਦਮ ਚੁੱਕਣ ਅਤੇ ਕਾਰਵਾਈ ਕਰਨ ਲਈ ਪੱਤਰ ਲਿਖਿਆ ਗਿਆ ਹੈ। ਅੱਜ ਪ੍ਰੈਸ ਕਾਨਫਰੰਸ ਦੌਰਾਨ ਸਾਂਸਦ ਔਜਲਾ ਨੇ ਇਹ ਵੀ ਕਿਹਾ ਕਿ ਅੱਜ ਇੱਕ ਗਲਤ ਵੋਟ ਤੁਹਾਡੇ ਬੱਚਿਆਂ ਨੂੰ ਭੁਗਤਣਾ ਪੈ ਸਕਦਾ ਹੈ, ਇਸ ਲਈ ਆਪਣੀ ਵੋਟ ਸੋਚ ਸਮਝ ਕੇ ਪਾਓ ਤਾਂ ਜੋ ਸ਼ਹਿਰ ਦੇ ਵਿਕਾਸ ਵਿੱਚ ਤੁਹਾਡੀ ਆਵਾਜ਼ ਅਹਿਮ ਭੂਮਿਕਾ ਨਿਭਾ ਸਕੇ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਹਾਲ ਹੀ ਵਿੱਚ ਹੋਏ ਗ੍ਰਨੇਡ ਹਮਲਿਆਂ ਅਤੇ ਹੋਰ ਹਿੰਸਕ ਘਟਨਾਵਾਂ ਨੇ ਵਸਨੀਕਾਂ ਵਿੱਚ ਡਰ ਪੈਦਾ ਕਰ ਦਿੱਤਾ ਹੈ ਅਤੇ ਖੇਤਰ ਦੀ ਸ਼ਾਂਤੀ ਅਤੇ ਸਥਿਰਤਾ ਲਈ ਗੰਭੀਰ ਖਤਰਾ ਪੈਦਾ ਕਰ ਦਿੱਤਾ ਹੈ। ਪਿਛਲੇ ਇੱਕ ਮਹੀਨੇ ਵਿੱਚ ਪੰਜਾਬ ਵਿੱਚ ਪੰਜ/ਛੇ ਗ੍ਰਨੇਡ ਹਮਲੇ ਹੋਏ ਹਨ, ਜਿਨ੍ਹਾਂ ਵਿੱਚੋਂ ਚਾਰ ਇਕੱਲੇ ਅੰਮ੍ਰਿਤਸਰ ਵਿੱਚ ਹੋਏ ਹਨ। ਅਜਿਹੀਆਂ ਘਟਨਾਵਾਂ ਦੀ ਦਲੇਰੀ ਅਤੇ ਬਾਰੰਬਾਰਤਾ ਰਾਜ ਵਿੱਚ ਕਾਨੂੰਨ ਲਾਗੂ ਕਰਨ ਵਾਲੇ ਅਤੇ ਖੁਫੀਆ ਤੰਤਰ ਦੇ ਪੂਰੀ ਤਰ੍ਹਾਂ ਢਹਿ-ਢੇਰੀ ਹੋਣ ਦਾ ਸੰਕੇਤ ਦਿੰਦੇ ਹਨ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜਾਣਕਾਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਲਿਖੀ ਗਈ ਹੈ, ਜਿਸ ਵਿੱਚ ਉਨ੍ਹਾਂ ਲਿਖਿਆ ਹੈ ਕਿ ਉਹ ਤੁਰੰਤ ਸਥਿਤੀ ਦਾ ਜਾਇਜ਼ਾ ਲੈਣ ਅਤੇ ਅਜਿਹੀਆਂ ਘਟਨਾਵਾਂ ਦੀ ਜਾਂਚ ਅਤੇ ਰੋਕਥਾਮ ਲਈ ਕੇਂਦਰੀ ਖੁਫੀਆ ਅਤੇ ਸੁਰੱਖਿਆ ਏਜੰਸੀਆਂ ਨੂੰ ਤਾਇਨਾਤ ਕਰਨ। ਪੰਜਾਬ ਵਿੱਚ ਸੁਰੱਖਿਆ ਪ੍ਰਬੰਧਾਂ ਦੀ ਨਿਗਰਾਨੀ ਅਤੇ ਸਮੀਖਿਆ ਕਰੋ, ਖਾਸ ਕਰਕੇ ਅੰਮ੍ਰਿਤਸਰ ਵਰਗੇ ਸੰਵੇਦਨਸ਼ੀਲ ਖੇਤਰਾਂ ਵਿੱਚ। ਇਨ੍ਹਾਂ ਹਮਲਿਆਂ ਪਿੱਛੇ ਦੇਸ਼ ਵਿਰੋਧੀ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਸੂਬਾ ਸਰਕਾਰ ਨਾਲ ਤਾਲਮੇਲ ਬਣਾ ਕੇ ਕੰਮ ਕਰੋ ਤਾਂ ਜੋ ਬਿਨਾਂ ਦੇਰੀ ਕਾਨੂੰਨ ਵਿਵਸਥਾ ਬਹਾਲ ਹੋ ਸਕੇ। ਇਹ ਸਿਰਫ਼ ਰਾਜ ਦਾ ਮਾਮਲਾ ਨਹੀਂ ਹੈ, ਸਗੋਂ ਰਾਸ਼ਟਰੀ ਸੁਰੱਖਿਆ ਦਾ ਮਾਮਲਾ ਹੈ। ਪੰਜਾਬ ਸਰਹੱਦੀ ਸੂਬਾ ਹੋਣ ਕਰਕੇ ਹਿੰਸਾ ਅਤੇ ਅਸ਼ਾਂਤੀ ਦਾ ਗੜ੍ਹ ਬਣਨਾ ਬਰਦਾਸ਼ਤ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਲੋਕਾਂ ਦੀ ਸੁਰੱਖਿਆ ਅਤੇ ਸਾਡੇ ਲੋਕਤੰਤਰ ਦੀ ਪਵਿੱਤਰਤਾ ਨੂੰ ਯਕੀਨੀ ਬਣਾਉਣ ਲਈ ਨਿਰਣਾਇਕ ਕਾਰਵਾਈ ਕਰਨੀ ਚਾਹੀਦੀ ਹੈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਇਸ ਸਮੇਂ ਹਰ ਇਲਾਕੇ ਵਿੱਚ ਧੜੇਬਾਜ਼ੀ ਅਤੇ ਨਸ਼ਾਖੋਰੀ ਫੈਲੀ ਹੋਈ ਹੈ ਅਤੇ ‘ਆਪ’ ਆਗੂ ਉਹਨਾਂ ਨੂੰ ਸੁਰੱਖਿਆ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਹੀ ਸਾਫ਼ ਪਾਣੀ ਦਾ ਪ੍ਰਾਜੈਕਟ, 75 ਕਿਲੋਮੀਟਰ ਰਿੰਗ ਰੋਡ, ਏਅਰਪੋਰਟ ਦੀ ਬਿਹਤਰ ਹਾਲਤ, ਰੇਲਵੇ ਸਟੇਸ਼ਨ ਦਾ ਸੁਧਾਰ ਅਜਿਹੇ ਪ੍ਰਾਜੈਕਟ ਹਨ ਜੋ ਕਾਂਗਰਸ ਦੇ ਆਉਣ ਤੋਂ ਬਾਅਦ ਹੀ ਸੰਭਵ ਹੋਏ ਹਨ। ਉਨ੍ਹਾਂ ਕਿਹਾ ਕਿ ਕੱਲ੍ਹ ਮੁੱਖ ਮੰਤਰੀ ਭਗਵੰਤ ਮਾਨ ਇਲੈਕਟ੍ਰਾਨਿਕ ਬੱਸਾਂ ਦਾ ਲਾਲਚ ਦੇ ਕੇ ਚਲੇ ਗਏ ਸਨ ਜਦੋਂਕਿ ਜੇਕਰ ਲੋਕ ਦੇਖਦੇ ਹਨ ਤਾਂ ਉਨ੍ਹਾਂ ਨੇ 2017 ਤੋਂ ਕੇਂਦਰ ਅੱਗੇ ਇਹ ਮੰਗ ਰੱਖੀ ਹੈ ਅਤੇ ਲਗਾਤਾਰ ਮੀਟਿੰਗਾਂ ਦਾ ਦੌਰ ਚੱਲ ਰਿਹਾ ਹੈ। ਇਸ ਦੌਰਾਨ ਸੰਸਦ ਮੈਂਬਰ ਔਜਲਾ ਨੇ ਵਾਰਡ ਨੰ: 3 ਤੋਂ ਕਾਂਗਰਸੀ ਉਮੀਦਵਾਰ ਡਾ: ਨਵਦੀਪ ਕੌਰ ਔਜਲਾ ਦੇ ਹੱਕ ਵਿੱਚ ਜਿਲਾ ਸ਼ਾਪਿੰਗ ਕੰਪਲੇਕ੍ਸ ਵਲੋਂ ਮੀਟਿੰਗ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਦੂਜਿਆਂ ਦੀ ਗੱਲ ਸੁਣਨ ਦੀ ਬਜਾਏ ਖੁਦ ਹੀ ਦੇਖਣਾ ਚਾਹੀਦਾ ਹੈ ਕਿ ਸੱਤਾ ’ਚ ਆਉਣ ਤੋਂ ਬਾਅਦ ’ਆਪ’ ਵਾਲਿਆਂ ਨੇ ਪੰਜਾਬ ਦੇ ਹਾਲਾਤ ਕਿਵੇਂ ਹਿਲਾ ਦਿੱਤੇ ਹਨ ਅਤੇ ਅੱਜ ਹਰ ਵਰਗ ਪ੍ਰੇਸ਼ਾਨ ਹੈ। ਇਸ ਲਈ ਕਾਂਗਰਸ ਦੇ ਹੱਕ ਵਿੱਚ ਵੋਟ ਪਾਓ ਤਾਂ ਜੋ ਇਸ ਸਥਿਤੀ ਨੂੰ ਸੰਭਾਲਿਆ ਜਾ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

# ਇੱਕ ਨਜ਼ਰ ...



## ਅਟਾਰੀ ਰੇਲ ਮਾਰਗ ਕਿਸਾਨਾਂ ਕੀਤਾ ਜਾਮ

**ਤਿੰਨ ਘੰਟੇ ਪੰਜਾਬ ਰੇਲ ਰੋਕੋ ਅੰਦੋਲਨ ਦੌਰਾਨ ਕਿਸਾਨਾਂ ਮੰਗਲੀ ਫਾਟਕ ਅਟਾਰੀ ਵਿਸ਼ਾਲ ਧਰਨਾ ਜੋਨ ਬਾਉਲੀ ਸਾਹਿਬ ਦੀ ਅਗਵਾਈ ਵਿੱਚ 12 ਵਜੇ ਤੋਂ 3 ਵਜੇ ਤੱਕ ਲਾਇਆ**

ਸਰਾਏ ਅਮਾਨਤ ਖਾਂ, 19 ਦਸੰਬਰ (**ਆਵਾਜ਼ਿ ਕੌਮ ਬਿਊਰੋ**)-ਅੱਜ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜਿਲਾ ਅੰਮ੍ਰਿਤਸਰ ਦੇ ਜੋਨ ਬਾਉਲੀ ਸਾਹਿਬ ਵੱਲੋਂ ਸ਼ੰਭੂ ਅਤੇ ਖਨੌਰੀ ਬਾਰਡਰ ਤੇ ਚੱਲ ਰਹੇ ਸੰਘਰਸ਼ ਅਤੇ ਦੋਵਾਂ ਫੋਰਮਾਂ ਦੇ ਐਲਾਨ ਤੇ ਤਿੰਨ ਘੰਟੇ ਰੇਲ ਰੋਕੋ ਅੰਦੋਲਨ ਦੌਰਾਨ ਕਿਸਾਨਾਂ ਵੱਲੋਂ ਮੰਗਲੀ ਫਾਟਕ ਅਟਾਰੀ ਤੇ ਵਿਸ਼ਾਲ ਧਰਨਾ ਦਿੱਤਾ ਗਿਆ ਇਸ ਵਿੱਚ ਕਿਸਾਨ ਆਗੂ ਸਰਦਾਰ ਜਗਜੀਤ ਸਿੰਘ ਡਲੇਵਾਲ ਜੋ ਪਿਛਲੇ 22 ਦਿਨਾਂ ਤੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਮਰਨ ਵਰਤ ਤੇ ਬੈਠੇ ਹੋਏ ਹਨ ਕਿ ਐਮਐਸਪੀ ਗਰੰਟੀ ਕਾਨੂੰਨ ਬਣਾ ਕੇ ਸਾਰੀਆਂ ਫਸਲਾਂ ਸਰਕਾਰ ਚੁੱਕੇ, ਡਾਕਟਰ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਫਸਲਾਂ ਦੇ ਭਾਅ ਤੈਅ ਕੀਤੇ ਜਾਣ, ਕਿਸਾਨਾਂ ਨੂੰ ਕਰਜ਼ਾ ਮੁਕਤ ਕੀਤਾ ਜਾਵੇ, ਪੰਜਾਬ ਵਿੱਚ ਬਿਜਲੀ ਬੋਰਡ ਐਕਟ ਰੱਦ ਕਰਕੇ ਸਮਾਰਟ ਮੀਟਰ ਲਾਉਣੇ ਬੰਦ ਕੀਤੇ ਜਾਣ, ਸਰਕਾਰ ਸ਼ੰਭੂ ਬੈਠੇ ਕਿਸਾਨਾਂ ਤੇ ਤਸ਼ੱਦਦ ਕਰਨਾ ਬੰਦ ਕਰੇ ਅਤੇ ਮੰਗਾਂ ਮੰਨ ਕੇ ਧਰਨਾ ਸਮਾਪਤ ਕੀਤਾ ਜਾਵੇ, ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣ, ਦੇਸ਼ ਭਰ ਚ ਹੋ ਰਹੀਆਂ ਕਿਸਾਨਾਂ ਦੀਆਂ ਖੁਦਕੁਸ਼ੀਆਂ ਰੋਕਣ ਲਈ ਕਿਸਾਨਾਂ ਦੇ ਕਰਜੇ ਖਤਮ ਕੀਤੇ ਜਾਣ ਆਦਿ। ਇਸ ਮੌਕੇ ਕਿਸਾਨ ਆਗੂ ਜੋਨ ਪ੍ਰਧਾਨ ਕੁਲਵੰਤ ਸਿੰਘ ਰਾਜਤਾਲ, ਸੁਖਦੇਵ ਸਿੰਘ ਹਵੇਲੀਆਂ, ਜੋਗਾ ਸਿੰਘ ਖਾਰੇ, ਗੁਰਤੇਜ ਸਿੰਘ ਜਠੌਲ, ਕਾਬਲ ਸਿੰਘ ਮੁਹਾਵਾ, ਗੁਰਵਿੰਦਰ ਸਿੰਘ ਭਰੋਭਾਲ, ਬਲਜਿੰਦਰ ਸਿੰਘ ਬਾਗੜੀਆਂ, ਬੂਟਾ ਸਿੰਘ ਮੋਦੇ, ਅਟਾਰੀ ਤੋਂ ਆੜਤੀ ਅਸੋਸੀਏਸ਼ਨ, ਅਮੋਲਕਦੀਪ ਸਿੰਘ ਸਰਪੰਚ ਗੱਲੂਵਾਲ, ਹਰਪ੍ਰੀਤ ਸਿੰਘ ਗਲੂਵਾਲ, ਉਨਕਾਰ ਸਿੰਘ ਗਲੂਵਾਲ, ਬਲਦੇਵ ਸਿੰਘ ਗੱਲੂਵਾਲ, ਕੁਲਦੀਪ ਸਿੰਘ ਮੋਦੇ, ਕਸ਼ਮੀਰ ਸਿੰਘ ਢੋਡੀਵਿੰਡ, ਪੂਰਨ ਸਿੰਘ ਬਾਗੜੀਆਂ, ਸਤਨਾਮ ਸਿੰਘ ਕਿਉਂਕੇ, ਸਰਤਾਜ ਸਿੰਘ ਰਣੀਕੇ, ਗੁਰਮੇਜ ਸਿੰਘ ਪੱਧਰੀ, ਤਰਸੇਮ ਸਿੰਘ ਰਾਜਾ ਤਾਲ, ਚਰਨਜੀਤ ਸਿੰਘ ਕੱਲੇਵਾਲ, ਜਗਦੀਸ਼ ਸਿੰਘ ਚੀਚਾ, ਸੁਖਦੇਵ ਸਿੰਘ ਘਰਿੰਡੀ, ਬਲਜੀਤ ਸਿੰਘ ਬਾਗੜੀਆਂ, ਬਲਬੀਰ ਸਿੰਘ ਮਾਵਾ, ਬਾਬਾ ਹਰਜੀਤ ਸਿੰਘ ਗਊਸ਼ਾਲਾ ਵਾਲੇ, ਹਰਦੇਵ ਸਿੰਘ ਬਿੱਟੂ ਸਰਕਾਰੀਆ, ਜਰਨੈਲ ਸਿੰਘ ਸਾਬਕਾ ਸਰਪੰਚ, ਆਦਿ ਹਾਜ਼ਰ ਸਨ

## ਨਿਊ ਲਾਈਫ ਪਬਲਿਕ ਸਕੂਲ ਦਾ ਸਲਾਨਾ ਇਨਾਮ ਵੰਡ ਸਮਾਗਮ ਯਾਦਗਾਰੀ ਹੋ ਨਿੱਬੜਿਆ





ਚੋਹਲਾ ਸਾਹਿਬ, 19 ਦਸੰਬਰ (ਆਵਾਜ਼ਿ ਕੌਮ ਬਿਊਰੋ)-ਇਲਾਕੇ ਦੀ ਨਾਮਵਰ ਵਿਦਿਆਕ ਸੰਸਥਾ ਨਿਊ ਲਾਈਫ ਪਬਲਿਕ ਸਕੂਲ ਚੋਹਲਾ ਸਾਹਿਬ ਦਾ ਸਲਾਨਾ ਇਨਾਮ ਵੰਡ ਸਮਾਗਮ ਯਾਦਗਾਰੀ ਹੋ ਨਿਬੜਿਆ, ਜਿਸ ਵਿਚ ਪੰਜਾਬੀ ਸੱਭਿਆਚਾਰ ਨਾਲ ਜੁੜੀਆਂ ਹਰ ਤਰ੍ਹਾਂ ਦੀਆਂ ਵੰਨਗੀਆਂ ਦੇਖਣ ਨੂੰ ਮਿਲੀਆਂ। ਪ੍ਰੋਗਰਾਮ ਦੀ ਸ਼ੁਰੂਆਤ ਤੋਂ ਪਹਿਲਾਂ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆਂ ਬੱਚਿਆਂ ਵਲੋਂ ਸ਼ਬਦ ਕੀਰਤਨ ਕੀਤਾ ਗਿਆ। ਉਪਰੰਤ ਮਹਿਮਾਨਾਂ ਨੂੰ ਜੀ ਆਇਆਂ ਕਹਿਣ ਲਈ ਸਕੂਲ ਦੇ ਪ੍ਰਿੰਸੀਪਲ ਸਰੋਜ ਬਾਲਾ ਵਲੋਂ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਹੋਇਆਂ ਸਕੂਲ ਦੀ ਸਲਾਨਾ ਰਿਪੋਰਟ ਪੇਸ਼ ਕੀਤੀ। ਇਸ ਸਮੇਂ ਕਰਵਾਏ ਗਏ ਸੱਭਿਆਚਾਰਕ ਪ੍ਰੋਗਰਾਮ ਵਿਚ ਨਿੱਕੇ ਨਿੱਕੇ ਬੱਚਿਆਂ ਵਲੋਂ ਪੰਜਾਬੀ, ਰਾਜਸਥਾਨੀ, ਲੋਕ ਰੰਗ ਦੇ ਨਾਲ-ਨਾਲ ਐਜੂਕੇਸ਼ਨ, ਸੋਸ਼ਲ ਮੀਡੀਆ, ਮਾਂ ਬੋਲੀ ਅਤੇ ਫੈਂਸੀ ਡਰੈੱਸ ਵਰਗੀਆਂ ਖੂਬਸੂਰਤ ਪੇਸ਼ਕਾਰੀਆਂ ਨਾਲ ਜਿਥੇ ਆਏ ਮਹਿਮਾਨਾਂ ਨੂੰ ਤਾੜੀਆਂ ਮਾਰਨ ਲਈ ਮਜ਼ਬੂਰ ਕਰ ਦਿੱਤਾ, ਉਥੇ ਬੱਚਿਆਂ ਵਲੋਂ ਸਮਾਜਿਕ ਕੁਰੀਤੀਆਂ ਖ਼ਿਲਾਫ਼ ਨਾਟਕ ਅਤੇ ਕੋਰੀਓਗ੍ਰਾਫੀ ਕਰਕੇ ਸਮਾਜ ਨੂੰ ਸੇਧ ਦੇਣ ਦੀ ਕੋਸ਼ਿਸ਼ ਵੀ ਕੀਤੀ। ਇਸ ਤੋਂ ਉਪਰੰਤ ਵਿਰਾਸਤ ਨਾਲ ਰੰਗੇ-ਰੰਗ ਲੋਕ ਗੀਤ,ਸੰਮੀ, ਲੁੱਡੀ, ਭੰਗੜਾ, ਗਿੱਧਾ ਆਦਿ ਦੀਆਂ ਖ਼ੂਬਸੂਰਤ ਪੇਸ਼ਕਾਰੀਆਂ ਨੇ ਆਏ ਮਾਪਿਆਂ, ਮਹਿਮਾਨਾਂ ਅਤੇ ਮੁੱਖ ਮਹਿਮਾਨਾਂ ਨੂੰ ਸਾਰਾ ਦਿਨ ਬੰਨੀਂ ਰੱਖਿਆ। ਅੱਜ ਦੇ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਦੇ ਤੌਰ ’ਤੇ ਪਹੁੰਚੇ ਨਖਿਲ ਮਰਵਾਹਾ ਅਤੇ ਰੋਚਿਕ ਗੋਇਲ ਨੇ ਆਪਣੀ ਆਪਣੀ ਸੰਬੋਧਨ ਵਿਚ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਉਨ੍ਹਾਂ ਗਤੀਵਿਧੀਆਂ ਵਿਚ ਵੀ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਕੂਲ ਵਲੋਂ ਵਿਦਿਅਕ ਖੇਤਰ ਵਿਚ ਪਾਈਆਂ ਜਾ ਰਹੀਆਂ ਪੈੜਾਂ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਨਿਊ ਲਾਈਫ ਪਬਲਿਕ ਸਕੂਲ ਇਲਾਕੇ ਦੇ ਚੋਣਵੇਂ ਸਕੂਲਾਂ ਸਕੂਲਾਂ ਵਿਚ ਆਉਂਦਾ ਹੈ, ਜੋ ਇਸ ਮੰਡ ਖੇਤਰ ਦੇ ਪੱਛੜੇ ਇਲਾਕੇ ਵਿਚ ਵਿਦਿਆ ਦਾ ਚਾਨਣ ਬਾਖ਼ੂਬੀ ਫੈਲਾਅ ਰਿਹਾ ਹੈ। ਇਸ ਮੌਕੇ ਉਨ੍ਹਾਂ ਸਕੂਲ ਦੇ ਪ੍ਰਿੰਸੀਪਲ ਸਰੋਏ ਬਾਲਾ ਅਤੇ ਮੈਨਜਿੰਗ ਡਾਇਰੈਕਟਰ ਕਰਨ ਨਈਅਰ ਨਾਲ ਮਿਲ ਕੇ ਸਕੂਲ ਦੇ ਵੱਖ-ਵੱਖ ਖੇਤਰਾਂ ਵਿਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਇਸ ਪ੍ਰੋਗਰਾਮ ਵਿਚ ਹੋਰਨਾਂ ਤੋਂ ਇਲਾਵਾ ਸਰਬਜੀਤ ਕੌਰ, ਵਿਕਾਸ ਕੁਮਾਰ ਮਿੰਟਾਂ, ਸੰਜੀਵ ਕੁਮਾਰ ਮੰਗੂ ਇਲਾਕੇ ਵਿਚੋਂ ਪੰਚ-ਸਰਪੰਚ ਅਤੇ ਸਕੂਲ ਅਤੇ ਸਕੂਲ ਦੇ ਵਿਦਿਆਰਥੀਆਂ ਦੇ ਮਾਪੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243